ਸ਼ੁੱਕਰਵਾਰ, 8 ਮਈ, 2026
25 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 337

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • FRIDAY, 8 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਬੇਅਦਬੀ ਮਾਮਲੇ 'ਚ ਕੋਈ ਮਾਨਸਿਕ ਰੋਗੀ ਸ਼ਾਮਲ ਹੋਇਆ ਤਾਂ ਪਰਵਾਰ 'ਤੇ ਦਰਜ ਹੋਵੇਗਾ ਕੇਸ : ਭਗਵੰਤ ਮਾਨ

## ਬੰਬ ਧਮਾਕਿਆਂ ਬਾਰੇ ਦੋਸ਼ਾਂ ਨੂੰ ਦੁਹਰਾਇਆ





**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਹਲਕਾ ਸੈਂਟਰਲ ਤੋਂ 'ਸ਼ੁਕਰਾਨਾ ਯਾਤਰਾ' ਦੀ ਸ਼ੁਰੂਆਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਇੱਕ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਵਿੱਚ ਜੇ ਕੋਈ ਵਿਅਕਤੀ ਮਾਨਸਿਕ ਤੌਰ 'ਤੇ ਬਿਮਾਰ (ਮਾਨਸਿਕ ਰੋਗੀ) ਪਾਇਆ ਜਾਂਦਾ ਹੈ ਤਾਂ ਹੁਣ ਉਸ ਦੇ ਪਰਵਾਰਕ ਮੈਂਬਰਾਂ ਵਿਰੁੱਧ ਮਾਮਲਾ ਦਰਜ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਸਪੱਸ਼ਟ ਕਰਦਿਆਂ ਕਿਹਾ ਕਿ ਅਜਿਹਾ ਨਹੀਂ ਚੱਲੇਗਾ ਕਿ ਘਰੋਂ ਕਿਸੇ ਮਾਨਸਿਕ ਰੋਗੀ ਨੂੰ ਸਿਖਾ-ਪੜ੍ਹਾ ਕੇ ਬੇਅਦਬੀ ਕਰਨ ਲਈ ਬਾਹਰ ਭੇਜ ਦਿੱਤਾ ਜਾਵੇ ਅਤੇ ਪਰਵਾਰ ਖ਼ੁਦ ਨੂੰ ਇਸ ਤੋਂ ਦੂਰ ਕਰ ਲਵੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਪਰਵਾਰ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਭਗਵੰਤ ਮਾਨ ਨੇ ਜਲੰਧਰ ਅਤੇ ਅੰਮ੍ਰਿਤਸਰ ਵਿੱਚ ਹੋਏ ਹਾਲੀਆ ਧਮਾਕਿਆਂ ਲਈ ਭਾਜਪਾ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਆਪਣੀ ਟਿੱਪਣੀ ਮੁੜ ਦੁਹਰਾਈ ਹੈ। ਮੁੱਖ ਮੰਤਰੀ ਮਾਨ ਨੇ ਵੀਰਵਾਰ ਨੂੰ ਕਿਹਾ ਕਿ ਹਾਲ ਹੀ ਵਿੱਚ ਹੋਏ ਜਲੰਧਰ ਅਤੇ ਅੰਮ੍ਰਿਤਸਰ ਦੇ ਧਮਾਕੇ ਖੇਤਰ ਵਿੱਚ ਭਾਜਪਾ ਦੇ ਦਾਖ਼ਲੇ ਦਾ ਸੰਕੇਤ ਹਨ। ਮੁੱਖ ਮੰਤਰੀ ਨੇ ਆਪਣੀ 'ਸ਼ੁਕਰਾਨਾ ਯਾਤਰਾ' ਦੇ ਦੂਜੇ ਦਿਨ ਜਲੰਧਰ ਵਿੱਚ ਆਪਣੀ ਰਿਹਾਇਸ਼ ਦੇ ਨੇੜੇ ਪਹਿਲੀ ਨੁੱਕੜ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਅਤੇ ਅਕਾਲੀ ਦਲ ਵਰਗੀਆਂ ਫਿਰਕੂ ਪਾਰਟੀਆਂ ਵੋਟਾਂ ਦੀ ਖ਼ਾਤਰ ਲੋਕਾਂ ਨੂੰ ਲੜਾਉਂਦੀਆਂ ਹਨ। ਜਲੰਧਰ ਅਤੇ ਅੰਮ੍ਰਿਤਸਰ ਵਿੱਚ ਹੋਏ ਛੋਟੇ ਧਮਾਕੇ (ਸੂਬੇ ਵਿੱਚ) ਭਾਜਪਾ ਦੇ ਦਾਖ਼ਲੇ ਦੀ ਨਿਸ਼ਾਨੀ ਹਨ। ਜਦੋਂ ਉਹ ਬੰਗਾਲ ਜਿੱਤ ਗਏ, ਤਾਂ ਉਨ੍ਹਾਂ ਕਿਹਾ, 'ਹੁਣ ਪੰਜਾਬ ਦੀ ਵਾਰੀ ਹੈ'। ਉਹ ਜਿੱਥੇ ਵੀ ਜਾਂਦੇ ਹਨ, ਲੋਕਾਂ ਨੂੰ ਲੜਾਉਂਦੇ ਹਨ। ਉਹ ਹਿੰਦੂਆਂ ਅਤੇ ਸਿੱਖਾਂ ਨੂੰ ਲੜਾਉਣਾ ਚਾਹੁੰਦੇ ਹਨ ਪਰ ਅਸੀਂ ਅਜਿਹਾ ਨਹੀਂ ਚਾਹੁੰਦੇ। ਅਸੀਂ ਇੱਕਜੁੱਟ ਰਹਿੰਦੇ ਹਾਂ ਅਤੇ ਆਪਣੇ ਤਿਉਹਾਰ ਮਿਲ ਕੇ ਮਨਾਉਂਦੇ ਹਾਂ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਕੋਈ ਨਹੀਂ ਤੋੜ ਸਕਦਾ। ਇਸ ਤੋਂ ਬਾਅਦ ਆਦਮਪੁਰ ਵਿੱਚ ਨੁੱਕੜ ਸਭਾ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਸਰਕਾਰ ਸਾਰੇ ਧਰਮਾਂ ਦਾ ਸਤਿਕਾਰ ਕਰਦੀ ਹੈ ਤੇ ਪੰਜਾਬ ਵਿੱਚ ਕਿਸੇ ਵੀ ਧਰਮ ਦੀ ਬੇਅਦਬੀ ਸਹਿਣ ਨਹੀਂ ਕੀਤੀ ਜਾਵੇਗੀ। ਇਸ ਮੌਕੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵੀ ਹਾਜ਼ਰ ਸਨ।

### ਪੰਜਾਬੀ ਭਾਜਪਾ ਨੂੰ ਢੁਕਵਾਂ ਜਵਾਬ ਦੇਣਗੇ

ਜਲੰਧਰ ਤੋਂ ਸ਼ੁਕਰਾਨਾ ਯਾਤਰਾ ਦੇ ਦੂਜੇ ਦਿਨ ਦੀ ਅਗਵਾਈ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ • ਬਾਕੀ ਸਫ਼ਾ 2 'ਤੇ

# ਮੁੱਖ ਮੰਤਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ-2026 ਨੂੰ ਲਾਗੂ ਕਰਨ ਦੀ ਸੋਝੀ ਅਤੇ ਬਲ ਬਖ਼ਸ਼ਣ ਲਈ ਪ੍ਰਮਾਤਮਾ ਦਾ ਧੰਨਵਾਦ ਕੀਤਾ। ਉਨ੍ਹਾ ਇਸ ਕਾਨੂੰਨ ਨੂੰ ਬੇਅਦਬੀ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਲਈ ਸਖ਼ਤ ਸਜ਼ਾ ਯਕੀਨੀ ਬਣਾਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਮਾਣ-ਮਰਿਆਦਾ ਦੀ ਰਾਖੀ ਲਈ ਇਤਿਹਾਸਕ ਕਦਮ ਦੱਸਿਆ। ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਸੇਵਾ ਸੌਂਪਣ ਲਈ ਉਨ੍ਹਾ ਦਾ ਦਿਲ ਪਰਮਾਤਮਾ ਪ੍ਰਤੀ ਸ਼ੁਕਰਾਨੇ ਨਾਲ ਭਰਿਆ ਹੋਇਆ ਹੈ। ਉਨ੍ਹਾ ਕਿਹਾ ਕਿ ਸਾਡੀ ਸਰਕਾਰ ਭਾਗਾਂ ਵਾਲੀ ਹੈ ਕਿ ਸਾਨੂੰ ਇਹ ਇਤਿਹਾਸਕ ਕਾਨੂੰਨ ਪਾਸ ਕਰਨ ਦਾ ਸੁਭਾਗ ਹਾਸਲ ਹੋਇਆ ਹੈ, ਜੋ ਭਵਿੱਖ ਵਿੱਚ ਅਜਿਹੀਆਂ ਘਿਨਾਉਣੀਆਂ ਘਟਨਾਵਾਂ ਨੂੰ ਰੋਕਣ ਵਿੱਚ ਅਹਿਮ ਸਿੱਧ ਹੋਵੇਗਾ।ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਹਰ ਸਿੱਖ ਦੇ ਪਿਤਾ ਸਮਾਨ ਹਨ, ਜਿਨ੍ਹਾ ਦੀ ਮਾਣ-ਮਰਿਆਦਾ ਨੂੰ ਕਾਇਮ ਰੱਖਣਾ ਸਾਡਾ ਸਮੂਹਿਕ ਫਰਜ਼ ਹੈ।ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ-2026 ਇਹ ਯਕੀਨੀ ਬਣਾਉਂਦਾ ਹੈ ਕਿ ਇਸ ਨਾ-ਮੁਆਫ਼ੀਯੋਗ ਅਪਰਾਧ ਦੇ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨੂੰ ਮਿਸਾਲੀ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ।ਉਨ੍ਹਾ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਪੰਜਾਬ ਦੀ ਅਮਨ-ਸ਼ਾਂਤੀ, ਭਾਈਚਾਰਕ ਸਾਂਝ, ਫ਼ਿਰਕੂ ਸਦਭਾਵਨਾ ਅਤੇ ਸਮਾਜਿਕ ਏਕਤਾ ਨੂੰ ਭੰਗ ਕਰਨ ਦੇ ਉਦੇਸ਼ ਨਾਲ ਰਚੀ ਗਈ ਡੂੰਘੀ ਸਾਜ਼ਿਸ਼ ਦਾ ਹਿੱਸਾ ਸਨ। ਮੁੱਖ ਮੰਤਰੀ ਨੇ ਪੁਸ਼ਟੀ ਕੀਤੀ ਕਿ ਇਹ ਕਾਨੂੰਨ ਏਨੀ ਸਮਝਦਾਰੀ ਤੇ ਸਖ਼ਤੀ ਨਾਲ ਬਣਾਇਆ ਗਿਆ ਹੈ ਕਿ ਦੋਸ਼ੀ ਠਹਿਰਾਏ ਗਏ ਵਿਅਕਤੀ ਨੂੰ ਮਰਨ ਤੱਕ ਉਮਰ ਕੈਦ ਦੀ ਸਜ਼ਾ ਹੋ ਸਕਦੀ ਹੈ।

# ਧਮਾਕੇ ਭਾਜਪਾ ਦੇ 'ਮਿਸ਼ਨ ਪੰਜਾਬ' ਦਾ ਹਿੱਸਾ : ਸੰਜੇ ਸਿੰਘ



**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਵੀਰਵਾਰ ਦੋਸ਼ ਲਗਾਇਆ ਕਿ ਭਾਜਪਾ ਨੇ ਚੋਣਾਂ ਵਾਲੇ ਸੂਬੇ (ਪੰਜਾਬ) ਦੇ ਸ਼ਾਂਤਮਈ ਮਾਹੌਲ ਨੂੰ ਖ਼ਰਾਬ ਕਰਨ ਲਈ ਅੰਮ੍ਰਿਤਸਰ ਅਤੇ ਜਲੰਧਰ ਵਿੱਚ ਦੋਹਰੇ ਧਮਾਕਿਆਂ ਨਾਲ ਆਪਣਾ 'ਮਿਸ਼ਨ ਪੰਜਾਬ' ਸ਼ੁਰੂ ਕਰ ਦਿੱਤਾ ਹੈ। ਸੰਜੇ ਸਿੰਘ ਨੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਵੀ ਭਾਜਪਾ ਦੀ ਜਿੱਤ ਤੋਂ ਬਾਅਦ ਚੋਣਾਂ ਤੋਂ ਬਾਅਦ ਦੀ ਹਿੰਸਾ ਦੇਖਣ ਨੂੰ ਮਿਲ ਰਹੀ ਹੈ। ਸੰਜੇ ਸਿੰਘ ਨੇ ਦੋਸ਼ ਲਗਾਇਆ ਕਿ ਭਾਜਪਾ ਅਤੇ ਆਈ ਐੱਸ ਆਈ ਵਿਚਕਾਰ ਸਿੱਧਾ ਸੰਬੰਧ ਹੈ ਅਤੇ ਅਸੀਂ ਅਤੀਤ ਵਿੱਚ ਪਠਾਨਕੋਟ ਦੀ ਘਟਨਾ 'ਚ ਇਹ ਦੇਖਿਆ ਹੈ। ਅੰਮ੍ਰਿਤਸਰ ਅਤੇ ਜਲੰਧਰ ਵਿੱਚ ਹੋਏ ਧਮਾਕੇ ਸੂਬੇ ਦੀ ਸ਼ਾਂਤੀ ਭੰਗ ਕਰਨ ਦੀ ਭਾਜਪਾ ਦੀ ਚੋਣ ਰਣਨੀਤੀ ਦਾ ਹਿੱਸਾ ਹਨ। ਉਨ੍ਹਾ ਦਾਅਵਾ ਕੀਤਾ ਕਿ ਭਾਜਪਾ ਦਾ ਆਈ ਐੱਸ ਆਈ ਨਾਲ ਹੱਥ ਮਿਲਾਉਣ ਦਾ ਇਤਿਹਾਸ ਰਿਹਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਪਠਾਨਕੋਟ ਘਟਨਾ ਦੀ ਜਾਂਚ ਲਈ ਸੱਦਾ ਦਿੱਤਾ ਸੀ। ਉਨ੍ਹਾ ਦੋਸ਼ ਲਗਾਇਆ ਕਿ ਆਈ ਐੱਸ ਆਈ ਦੇਸ਼ ਵਿੱਚ ਹੋਣ ਵਾਲੀਆਂ ਕਈ ਘਟਨਾਵਾਂ ਲਈ ਜ਼ਿੰਮੇਵਾਰ ਹੈ ਅਤੇ ਭਾਰਤੀ ਜਨਤਾ ਪਾਰਟੀ ਦੇ ਇਸ ਨਾਲ ਮਜ਼ਬੂਤ ਸੰਬੰਧ ਹਨ। ਉਨ੍ਹਾ ਕਿਹਾ ਕਿ ਇਸੇ ਕਾਰਨ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਾਡੀ ਪਾਰਟੀ ਨੇ ਅੰਮ੍ਰਿਤਸਰ ਤੇ ਜਲੰਧਰ ਵਿੱਚ ਹੋਏ ਧਮਾਕਿਆਂ ਪਿੱਛੇ ਉਨ੍ਹਾਂ ਦਾ ਹੱਥ ਹੋਣ ਦੇ ਦੋਸ਼ ਲਗਾਏ ਹਨ।

# ਸੰਧਵਾਂ ਨੇ ਮੁੱਖ ਮੰਤਰੀ ਦੇ ਬਿਆਨ 'ਤੇ ਲਾਈ ਮੋਹਰ



**ਮਹਿਲ ਕਲਾਂ (ਬਰਨਾਲਾ)** : ਪੰਜਾਬ ਵਿੱਚ ਬੰਬ ਧਮਾਕਿਆਂ ਸੰਬੰਧੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਭਾਜਪਾ ਵਿਰੁੱਧ ਦਿੱਤੇ ਗਏ ਬਿਆਨ 'ਤੇ ਮੋਹਰ ਲਗਾਉਂਦਿਆਂ ਸੰਧਵਾਂ ਨੇ ਕਿਹਾ ਕਿ ਜਿੱਥੇ ਵੀ ਚੋਣਾਂ ਹੁੰਦੀਆਂ ਹਨ, ਉੱਥੇ ਅਕਸਰ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਅਤੇ ਦੰਗੇ ਹੋਣੇ ਸ਼ੁਰੂ ਹੋ ਜਾਂਦੇ ਹਨ, ਅਜਿਹੀ ਲੋਕਾਂ ਵਿਚ ਆਮ ਧਾਰਨਾ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀਰਵਾਰ ਨੂੰ ਬਰਨਾਲਾ ਵਿਖੇ ਮਹਾਨ ਸਿੱਖ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ ਦਾ ਬੁੱਤ ਸਥਾਪਤ ਕਰਨ ਦੀ ਰਸਮ ਨਿਭਾਉਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਨਾਲ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਪੀਕਰ ਸੰਧਵਾਂ ਨੇ ਸਿਆਸੀ ਅਤੇ ਧਾਰਮਿਕ ਮੁੱਦਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ। ਉਨ੍ਹਾ ਕਿਹਾ ਕਿ ਜੇ ਮੁੱਖ ਮੰਤਰੀ ਨੇ ਕੋਈ ਬਿਆਨ ਦਿੱਤਾ ਹੈ ਤਾਂ ਉਸ ਪਿੱਛੇ ਕੋਈ ਨਾ ਕੋਈ ਠੋਸ ਆਧਾਰ ਅਤੇ ਖੁਫੀਆ ਜਾਣਕਾਰੀ ਜ਼ਰੂਰ ਹੋਵੇਗੀ। ਬੇਅਦਬੀ ਮਾਮਲਿਆਂ ਸੰਬੰਧੀ ਬਣਾਏ ਗਏ ਕਾਨੂੰਨ ਬਾਰੇ ਬੋਲਦਿਆਂ ਸਪੀਕਰ ਨੇ ਦੱਸਿਆ ਕਿ ਉਨ੍ਹਾਂ ਨੂੰ 8 ਮਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੁਲਾਇਆ ਗਿਆ ਹੈ। ਉਨ੍ਹਾ ਕਿਹਾ ਕਿ ਇੱਕ ਨਿਮਾਣੇ ਸਿੱਖ ਵਜੋਂ ਨੰਗੇ ਪੈਰੀਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਜਾਵਾਂਗਾ ਅਤੇ ਆਪਣਾ ਪੱਖ ਰੱਖਾਂਗਾ। ਉਨ੍ਹਾ ਦਾਅਵਾ ਕੀਤਾ ਕਿ ਮੌਜੂਦਾ ਸਰਕਾਰ ਵੱਲੋਂ ਬੇਅਦਬੀ ਵਿਰੁੱਧ ਬੇਹੱਦ ਸਖ਼ਤ ਕਾਨੂੰਨ ਲਿਆਂਦਾ ਗਿਆ ਹੈ, ਜਿਸ ਤਹਿਤ ਦੋਸ਼ੀਆਂ ਨੂੰ ਉਮਰ ਕੈਦ ਤੱਕ ਦੀ ਸਜ਼ਾ ਹੋ ਸਕੇਗੀ। ਜੱਸਾ ਸਿੰਘ ਰਾਮਗੜ੍ਹੀਆ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੀ ਬਹਾਦਰੀ ਬਾਰੇ ਪਤਾ ਹੋਣਾ ਚਾਹੀਦਾ ਹੈ, ਜਿਨ੍ਹਾਂ ਨੇ ਮੁਗਲਾਂ ਨੂੰ ਹਰਾ ਕੇ ਦਿੱਲੀ 'ਤੇ ਫਤਿਹ ਹਾਸਲ ਕੀਤੀ ਸੀ। ਇਸ ਮੌਕੇ ਐੱਮ.ਪੀ. ਗੁਰਮੀਤ ਸਿੰਘ ਮੀਤ ਹੇਅਰ ਨੇ ਵੀ ਸੰਬੋਧਨ ਕੀਤਾ ਅਤੇ ਸ਼ਹਿਰ ਵਾਸੀਆਂ ਨੂੰ ਇਸ ਯਾਦਗਾਰੀ ਬੁੱਤ ਦੀ ਸਥਾਪਨਾ 'ਤੇ ਵਧਾਈ ਦਿੱਤੀ।

# ਚੰਡੀਗੜ੍ਹ 'ਚ ਲਾਗੂ ਹੋਣਗੇ ਪੰਜਾਬ ਦੇ 3 ਕਾਨੂੰਨ

**ਚੰਡੀਗੜ੍ਹ** : ਕੇਂਦਰ ਸਰਕਾਰ ਨੇ ਪੰਜਾਬ ਦੇ ਤਿੰਨ ਕਾਨੂੰਨਾਂ ਸਮੇਤ ਕੁੱਲ ਪੰਜ ਰਾਜ ਵਿਧਾਨਾਂ ਦੇ ਉਪਬੰਧਾਂ ਨੂੰ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਲਾਗੂ ਕਰ ਦਿੱਤਾ ਹੈ। ਇਹ ਫੈਸਲਾ ਪ੍ਰਸ਼ਾਸਨਿਕ ਸੁਧਾਰਾਂ, ਪਾਰਦਰਸ਼ਤਾ ਵਧਾਉਣ ਅਤੇ ਕਾਰੋਬਾਰ ਕਰਨ ਦੀ ਸੌਖ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਲਿਆ ਗਿਆ ਹੈ। ਇਹ ਵਿਸਤਾਰ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 87 ਤਹਿਤ ਨੋਟੀਫਿਕੇਸ਼ਨ ਜਾਰੀ ਕਰਕੇ ਕੀਤੇ ਗਏ ਹਨ, ਕਿਉਂਕਿ ਚੰਡੀਗੜ੍ਹ ਦੀ ਆਪਣੀ ਕੋਈ ਵਿਧਾਨ ਸਭਾ ਨਹੀਂ ਹੈ। ਨਵੇਂ ਨਿਯਮਾਂ, ਜੋ ਕਿ 6 ਮਈ ਨੂੰ ਲਾਗੂ ਕੀਤੇ ਗਏ ਹਨ, ਮੁਤਾਬਿਕ ਇੰਡੀਅਨ ਸਟੈਂਪ (ਪੰਜਾਬ ਸੋਧ) ਐਕਟ, 2001 ਅਤੇ 2003 ਰਾਹੀਂ ਜਾਇਦਾਦਾਂ ਦੇ ਮੁਲਾਂਕਣ ਅਤੇ ਸਟੈਂਪ ਡਿਊਟੀ ਦੀ ਉਗਰਾਹੀ 'ਚ ਪਾਰਦਰਸ਼ਤਾ ਲਿਆਂਦੀ ਜਾਵੇਗੀ। ਪੰਜਾਬ ਆਬਾਦੀ ਦੇਹ (ਰਿਕਾਰਡ ਆਫ਼ ਰਾਈਟਸ) ਐਕਟ, 2021 ਰਾਹੀਂ ਉਨ੍ਹਾਂ ਇਲਾਕਿਆਂ ਵਿੱਚ ਮਾਲਕੀ ਹੱਕਾਂ ਦਾ ਰਿਕਾਰਡ ਤਿਆਰ ਕੀਤਾ ਜਾਵੇਗਾ, ਜੋ ਇਤਿਹਾਸਕ ਤੌਰ 'ਤੇ ਜ਼ਮੀਨੀ ਰਿਕਾਰਡ ਤੋਂ ਬਾਹਰ ਸਨ। ਇਸ ਤੋਂ ਇਲਾਵਾ, ਪੰਜਾਬ ਮਨੁੱਖੀ ਤਸਕਰੀ ਰੋਕੂ ਕਾਨੂੰਨ ਰਾਹੀਂ ਟਰੈਵਲ ਏਜੰਟਾਂ 'ਤੇ ਸ਼ਿਕੰਜਾ ਕੱਸਿਆ ਜਾਵੇਗਾ ਤਾਂ ਜੋ ਵਿਦਿਆਰਥੀਆਂ ਅਤੇ ਨੌਕਰੀ ਦੀ ਭਾਲ ਕਰਨ ਵਾਲਿਆਂ ਨੂੰ ਧੋਖਾਧੜੀ ਤੋਂ ਬਚਾਇਆ ਜਾ ਸਕੇ।

## ਵਿੱਦਿਅਕ ਸੰਸਥਾਵਾਂ ਨੂੰ ਧਮਕੀ

**ਫ਼ਰੀਦਕੋਟ** : ਫ਼ਰੀਦਕੋਟ ਜ਼ਿਲ੍ਹੇ ਵਿੱਚ ਵੀਰਵਾਰ ਨੂੰ ਉਸ ਵੇਲੇ ਦਹਿਸ਼ਤ ਦੀ ਲਹਿਰ ਦੌੜ ਗਈ, ਜਦੋਂ ਤਿੰਨ ਪ੍ਰਮੁੱਖ ਵਿਦਿਅਕ ਸੰਸਥਾਵਾਂ ਨੂੰ ਧਮਕੀ ਭਰੀਆਂ ਈਮੇਲਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਉਨ੍ਹਾਂ ਨੂੰ ਬੰਬ ਧਮਾਕਿਆਂ ਨਾਲ ਨਿਸ਼ਾਨਾ ਬਣਾਇਆ ਜਾਵੇਗਾ। ਜਿਨ੍ਹਾਂ ਸੰਸਥਾਵਾਂ ਨੂੰ ਧਮਕੀਆਂ ਮਿਲੀਆਂ ਹਨ, ਉਨ੍ਹਾਂ ਵਿੱਚ ਦਸਮੇਸ਼ ਪਬਲਿਕ ਸਕੂਲ, ਡੈਂਟਲ ਕਾਲਜ ਫ਼ਰੀਦਕੋਟ ਅਤੇ ਗਰਲਜ਼ ਸੈਕੰਡਰੀ ਸਕੂਲ, ਸਾਦਿਕ ਸ਼ਾਮਲ ਹਨ। ਫ਼ਰੀਦਕੋਟ ਪੁਲਸ ਦੀ ਅਗਵਾਈ ਵਿੱਚ ਸਥਾਨਕ ਪ੍ਰਸ਼ਾਸਨ ਨੇ ਤੁਰੰਤ ਪ੍ਰਭਾਵਿਤ ਸਥਾਨਾਂ 'ਤੇ ਐਂਟੀ-ਸਾਬੋਤਾਜ ਟੀਮਾਂ ਨੂੰ ਲਾਮਬੰਦ ਕੀਤਾ। ਪੁਲਸ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਤਿੰਨੋਂ ਕੈਂਪਸਾਂ ਦੇ ਅੰਦਰੂਨੀ ਅਤੇ ਬਾਹਰੀ ਖੇਤਰਾਂ ਸਮੇਤ ਵਿਆਪਕ ਤਲਾਸ਼ੀ ਲਈ ਗਈ।

**ਮਾਨਾਂਵਾਲਾ** : ਵੀਰਵਾਰ ਨੂੰ ਇਕ ਵਾਰ ਫਿਰ ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ, ਅੰਮ੍ਰਿਤਸਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਮੇਲ ਪ੍ਰਾਪਤ ਹੋਈ ਹੈ। ਇਸ ਸੰਬਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਡਾ. ਗੌਰਵ ਤੇਜਪਾਲ ਨੇ ਦੱਸਿਆ ਕਿ ਅੱਜ ਕਾਲਜ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ, ਜਿਸ ਤੋਂ ਬਾਅਦ ਕਾਲਜ ਦੇ ਗੇਟ ਬੰਦ ਕਰ ਦਿੱਤੇ ਗਏ ਸਨ ਅਤੇ ਥਾਣਾ ਚਾਟੀਵਿੰਡ ਦੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਪ੍ਰਿੰਸੀਪਲ ਨੇ ਕਿਹਾ ਕਿ ਕਾਲਜ ਵਿੱਚ ਵਿਦਿਆਰਥੀਆਂ ਦੇ ਪੇਪਰ ਚੱਲ ਰਿਹਾ ਸੀ, ਜੋ ਜਾਰੀ ਰੱਖਿਆ ਗਿਆ।

## ਸਾਬਕਾ ਕ੍ਰਿਕਟਰ ਅਮਨਪ੍ਰੀਤ ਸਿੰਘ ਗਿੱਲ ਦਾ 36 ਸਾਲ ਦੀ ਉਮਰ 'ਚ ਦੇਹਾਂਤ



**ਨਵੀਂ ਦਿੱਲੀ** : ਭਾਰਤੀ ਬੱਲੇਬਾਜ਼ ਵਿਰਾਟ ਕੋਹਲੀ ਅਤੇ ਆਲਰਾਊਂਡਰ ਰਵਿੰਦਰ ਜਡੇਜਾ ਦੇ ਸਾਬਕਾ ਅੰਡਰ-19 ਸਾਥੀ ਅਮਨਪ੍ਰੀਤ ਸਿੰਘ ਗਿੱਲ ਦਾ 36 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਹੈ। ਪੰਜਾਬ ਕ੍ਰਿਕਟ ਐਸੋਸੀਏਸ਼ਨ ਨੇ ਐਕਸ 'ਤੇ ਜਾਣਕਾਰੀ ਦਿੱਤੀ ਕਿ ਅਮਨਪ੍ਰੀਤ ਦੀ ਬੁੱਧਵਾਰ ਸਵੇਰੇ ਮੌਤ ਹੋ ਗਈ। 16 ਸਤੰਬਰ, 1989 ਨੂੰ ਚੰਡੀਗੜ੍ਹ ਵਿੱਚ ਜਨਮੇ ਅਮਨਪ੍ਰੀਤ ਸੱਜੇ ਹੱਥ ਦੇ ਮੱਧਮ ਤੇਜ਼ ਗੇਂਦਬਾਜ਼ ਸਨ ਅਤੇ ਉਨ੍ਹਾਂ ਨੇ 2007 ਵਿੱਚ ਭਾਰਤ ਦੀ ਅੰਡਰ-19 ਟੀਮ ਵਿੱਚ ਵਿਰਾਟ ਕੋਹਲੀ, ਰਵਿੰਦਰ ਜਡੇਜਾ ਅਤੇ ਮਨੀਸ਼ ਪਾਂਡੇ ਵਰਗੇ ਖਿਡਾਰੀਆਂ ਨਾਲ ਖੇਡਿਆ ਸੀ। ਅਮਨਪ੍ਰੀਤ ਨੇ 2007 ਵਿੱਚ ਭਾਰਤ, ਸ੍ਰੀਲੰਕਾ ਅਤੇ ਬੰਗਲਾਦੇਸ਼ ਵਿਚਾਲੇ ਹੋਏ ਤਿਕੋਣੀ ਅੰਡਰ-19 ਟੂਰਨਾਮੈਂਟ ਵਿੱਚ ਹਿੱਸਾ ਲਿਆ ਸੀ, ਜਿੱਥੇ ਉਨ੍ਹਾਂ ਨੇ ਪੰਜ ਮੈਚਾਂ ਵਿੱਚ ਨੌਂ ਵਿਕਟਾਂ ਲਈਆਂ ਸਨ।

# ਸੋਸ਼ਲ ਮੀਡੀਆ ਰਾਹੀਂ ਨਾਬਾਲਗਾਂ ਨੂੰ 'ਕੰਟਰੈਕਟ ਕਿਲਰ' ਬਣਾ ਰਹੇ ਹਨ ਵਿਦੇਸ਼ੀ ਗੈਂਗਸਟਰ

**ਚੰਡੀਗੜ੍ਹ** : ਵਿਦੇਸ਼ੀ ਗੈਂਗਸਟਰ ਸੋਸ਼ਲ ਮੀਡੀਆ ਰਾਹੀਂ ਆਰਥਿਕ ਪੱਖੋਂ ਕਮਜ਼ੋਰ ਨੌਜਵਾਨਾਂ ਨੂੰ ਕੰਟਰੈਕਟ ਕਿਲਰ (ਭਾੜੇ ਦੇ ਕਾਤਲ) ਵਜੋਂ ਕੱਟੜਪੰਥੀ ਬਣਾ ਰਹੇ ਹਨ। ਇਸ ਸੰਬੰਧੀ ਇੱਕ ਖ਼ਤਰਨਾਕ ਖੁਲਾਸੇ ਵਿੱਚ ਚੰਡੀਗੜ੍ਹ ਪੁਲਸ ਨੇ ਇੱਕ 12ਵੀਂ ਜਮਾਤ ਦੇ ਨਬਾਲਗ ਵਿਦਿਆਰਥੀ ਨੂੰ ਕਾਬੂ ਕੀਤਾ ਹੈ। ਉਹ ਵਿਦੇਸ਼ ਤੋਂ ਕੰਮ ਕਰ ਰਹੇ ਦੋ ਗੈਂਗਸਟਰਾਂ ਦੇ ਨਿਰਦੇਸ਼ਾਂ 'ਤੇ ਤਰਨ ਤਾਰਨ ਜ਼ਿਲ੍ਹੇ ਦੇ ਪੱਟੀ ਵਿੱਚ ਇੱਕ ਕਤਲ ਕਰਨ ਲਈ ਜਾ ਰਿਹਾ ਸੀ, ਜਿਸ ਨਾਲ ਖੇਤਰ ਵਿੱਚ ਗੈਂਗ ਨਾਲ ਸੰਬੰਧਤ ਇੱਕ ਹੋਰ ਸੰਭਾਵੀ ਕਤਲ ਨੂੰ ਨਾਕਾਮ ਕਰ ਦਿੱਤਾ ਗਿਆ। ਪੰਜਾਬ ਦੇ ਰਹਿਣ ਵਾਲੇ ਇਸ ਨਾਬਾਲਗ ਨੂੰ ਚੰਡੀਗੜ੍ਹ ਪੁਲਸ ਦੀ ਅਪਰੇਸ਼ਨ ਸੈੱਲ ਦੀ ਟੀਮ ਨੇ 6 ਮਈ ਨੂੰ ਯੂ ਟੀ ਖੇਤਰ ਵਿੱਚ ਰੁਟੀਨ ਗਸ਼ਤ ਦੌਰਾਨ ਗੁਪਤ ਸੂਚਨਾ ਅਤੇ ਤਕਨੀਕੀ ਵਿਸ਼ਲੇਸ਼ਣ ਦੇ ਆਧਾਰ 'ਤੇ ਰੋਕਿਆ। ਉਹ ਵਿਦੇਸ਼ ਤੋਂ ਕੰਮ ਕਰ ਰਹੇ ਗੈਂਗਸਟਰਾਂ ਪ੍ਰਭ ਦਾਸੂਵਾਲ ਅਤੇ ਗੁਰਵਿੰਦਰ ਸਿੰਘ ਉਰਫ ਅਫਰੀਦੀ ਟੂਟਾਂਵਾਲਾ ਨਾਲ ਸਰਗਰਮ ਸੰਪਰਕ ਵਿੱਚ ਪਾਇਆ ਗਿਆ ਅਤੇ ਸੌਂਪੇ ਗਏ ਕਤਲ ਨੂੰ ਅੰਜਾਮ ਦੇਣ ਲਈ 5 ਮਈ ਨੂੰ ਆਪਣੇ ਘਰੋਂ ਨਿਕਲਿਆ ਸੀ। ਨਾਬਾਲਗ ਨੇ ਆਪਣੀ 12ਵੀਂ ਜਮਾਤ ਦੀ ਬੋਰਡ ਪ੍ਰੀਖਿਆ ਦਿੱਤੀ ਹੈ, ਜਿਸ ਦਾ ਨਤੀਜਾ ਅਜੇ ਉਡੀਕਿਆ ਜਾ ਰਿਹਾ ਹੈ। ਉਹ ਦੋ ਮਹੀਨੇ ਪਹਿਲਾਂ ਇੰਸਟਾਗ੍ਰਾਮ ਰਾਹੀਂ ਗੈਂਗ ਦੇ ਘੇਰੇ ਵਿੱਚ ਖਿੱਚਿਆ ਗਿਆ ਸੀ। ਬਾਅਦ ਵਿੱਚ ਸੰਪਰਕ ਟੈਲੀਗ੍ਰਾਮ 'ਤੇ ਤਬਦੀਲ ਹੋ ਗਿਆ, ਜਿਸ ਦੀ ਵਰਤੋਂ ਗੈਂਗਸਟਰ ਇਸ ਦੀਆਂ ਮੈਸੇਜਿੰਗ ਵਿਸ਼ੇਸ਼ਤਾਵਾਂ ਕਾਰਨ ਸੰਚਾਲਨ ਨਿਰਦੇਸ਼ਾਂ ਲਈ ਕਰਦੇ ਹਨ। ਇਸ ਦੁਨੀਆ ਵਿੱਚ ਸ਼ਾਮਲ ਹੋਣ ਦਾ ਉਸ ਦੀ ਇੱਕ ਨਿੱਜੀ ਸ਼ਿਕਾਇਤ ਸੀ। ਉਸ ਦੇ ਸਥਾਨਕ ਇਲਾਕੇ ਵਿੱਚ ਮੁੰਡਿਆਂ ਦੇ ਇੱਕ ਸਮੂਹ ਵੱਲੋਂ ਉਸ ਦੀ ਕੁੱਟਮਾਰ ਕੀਤੀ ਗਈ ਸੀ ਅਤੇ ਬਦਲਾ ਲੈਣ ਲਈ ਉਸ ਨੇ ਤਾਕਤ ਦੀ ਮਦਦ ਲਈ ਗੈਂਗਸਟਰਾਂ ਤੱਕ ਪਹੁੰਚ ਕੀਤੀ ਸੀ। ਗੈਂਗਸਟਰਾਂ ਨੇ ਇੱਕ ਮੌਕਾ ਦੇਖਿਆ ਅਤੇ ਉਸ ਨੂੰ ਤਿਆਰ ਕਰਨਾ ਸ਼ੁਰੂ ਕਰ ਦਿੱਤਾ। ਮਾਰਚ ਵਿੱਚ ਉਨ੍ਹਾਂ ਨੇ ਉਸ ਨੂੰ ਖੇਮਕਰਨ ਜਾਣ ਦੇ ਨਿਰਦੇਸ਼ ਦਿੱਤੇ, ਜਿੱਥੇ ਉਹ ਗੈਂਗ ਦੇ ਦੋ ਸਾਥੀਆਂ ਲਵ ਭੱਟੀ ਅਤੇ ਅਮਨ ਸ਼ਰਮਾ ਨਾਲ ਰਿਹਾ। ਉਸ ਦੇ ਪਰਵਾਰ ਨੇ, ਉਸ ਦੇ ਟਿਕਾਣੇ ਤੋਂ ਅਣਜਾਣ ਹੋ ਕੇ, ਸਥਾਨਕ ਪੁਲਸ ਕੋਲ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ। ਖੇਮਕਰਨ ਵਿੱਚ ਰਹਿੰਦਿਆਂ ਉਸ ਨੂੰ ਅਮਰਕੋਟ ਬੱਸ ਸਟਾਪ ਦੇ ਨੇੜੇ ਇੱਕ ਡਾਕਟਰ ਦੀ ਦੁਕਾਨ 'ਤੇ ਗੋਲੀਬਾਰੀ ਕਰਨ ਦਾ ਕੰਮ ਸੌਂਪਿਆ ਗਿਆ ਸੀ। ਉਸ ਨੇ ਨਾਂਹ ਕਰ ਦਿੱਤੀ, ਕਿਉਂਕਿ ਉਸ ਨੇ ਪਹਿਲਾਂ ਕਦੇ ਹਥਿਆਰ ਨਹੀਂ ਚਲਾਇਆ ਸੀ। ਗੋਲੀਬਾਰੀ ਬਾਅਦ ਵਿੱਚ ਲਵ ਭੱਟੀ ਅਤੇ ਅਮਨ ਸ਼ਰਮਾ ਵੱਲੋਂ ਕੀਤੀ ਗਈ ਸੀ। ਜਿਸ ਉਪਰੰਤ ਨਾਬਾਲਗ 20 ਦਿਨਾਂ ਬਾਅਦ ਘਰ ਪਰਤ ਆਇਆ। ਗੈਂਗ ਨੇ ਉਸ ਨੂੰ ਪੱਟੀ ਜਾਣ ਅਤੇ ਆਪਣੇ ਇੱਕ ਨਿੱਜੀ ਵਿਰੋਧੀ ਨੂੰ ਮਾਰਨ ਦਾ ਕੰਮ ਸੌਂਪਿਆ। ਪ੍ਰਭ ਦਾਸੂਵਾਲ ਵੱਲੋਂ ਉਸ ਨੂੰ ਕਈ ਵਾਰ ਪੈਸੇ ਟਰਾਂਸਫਰ ਕੀਤੇ ਗਏ ਸਨ। ਜਦੋਂ ਚੰਡੀਗੜ੍ਹ ਵਿੱਚ ਉਸ ਨੂੰ ਰੋਕਿਆ ਗਿਆ, • ਬਾਕੀ ਸਫ਼ਾ 2 'ਤੇ

# ਈ ਡੀ ਦੇ ਛਾਪੇ ਦੌਰਾਨ ਨੌਵੀਂ ਮੰਜ਼ਲ ਤੋਂ ਸੁੱਟੇ ਗਏ ਨੋਟਾਂ ਨਾਲ ਭਰੇ ਬੈਗ

**ਮੋਹਾਲੀ** : ਐਨਫੋਰਸਮੈਂਟ ਡਾਇਰੈਕਟੋਰੇਟ ਨੇ ਵੀਰਵਾਰ ਨੂੰ ਪੰਜਾਬ ਦੇ ਮੋਹਾਲੀ ਜ਼ਿਲ੍ਹੇ ਵਿੱਚ ਖਰੜ ਨੇੜੇ ਇੱਕ ਰਿਹਾਇਸ਼ੀ ਸੁਸਾਇਟੀ ਵਿੱਚ ਛਾਪੇਮਾਰੀ ਕੀਤੀ, ਜਿੱਥੇ ਕਾਰਵਾਈ ਦੌਰਾਨ ਨੌਵੀਂ ਮੰਜ਼ਿਲ ਦੇ ਇੱਕ ਫਲੈਟ ਤੋਂ ਕਥਿਤ ਤੌਰ 'ਤੇ ਨਕਦੀ ਵਾਲੇ ਬੈਗ ਸੁੱਟੇ ਗਏ ਸਨ। ਸੂਤਰਾਂ ਅਨੁਸਾਰ ਇਹ ਛਾਪੇਮਾਰੀ ਖਰੜ ਨੇੜੇ ਛੱਜੂ ਮਾਜਰਾ ਸਥਿਤ 'ਵੈਸਟਰਨ ਟਾਵਰਜ਼' ਦੇ ਫਲੈਟ ਨੰਬਰ 906 ਵਿੱਚ ਕੀਤੀ ਗਈ। ਤਲਾਸ਼ੀ ਮੁਹਿੰਮ ਦੌਰਾਨ ਇਮਾਰਤ ਦੇ ਅੰਦਰੋਂ ਕਥਿਤ ਤੌਰ 'ਤੇ ਨਕਦੀ ਦੇ ਬੰਡਲਾਂ ਵਾਲੇ ਦੋ ਬੈਗ ਸੁੱਟੇ ਗਏ। ਚਸ਼ਮਦੀਦਾਂ ਨੇ ਦਾਅਵਾ ਕੀਤਾ ਕਿ ਘਟਨਾ ਤੋਂ ਤੁਰੰਤ ਬਾਅਦ ਸੁਸਾਇਟੀ ਦੇ ਗਰਾਊਂਡ ਫਲੋਰ ਵਾਲੇ ਹਿੱਸੇ ਵਿੱਚ 500 ਰੁਪਏ ਦੇ ਕਰੰਸੀ ਨੋਟਾਂ ਦੇ ਬੰਡਲ ਖਿੱਲਰੇ ਹੋਏ ਦੇਖੇ ਗਏ। ਈ ਡੀ ਅਧਿਕਾਰੀਆਂ ਨੇ ਨਕਦੀ ਵਾਲੇ ਬੈਗ ਕਬਜ਼ੇ ਵਿੱਚ ਲੈ ਲਏ। ਸੂਤਰਾਂ ਨੇ ਦੱਸਿਆ ਕਿ ਬੈਗਾਂ ਵਿੱਚੋਂ ਕਰੀਬ 21 ਲੱਖ ਰੁਪਏ ਦੀ ਨਕਦੀ ਬਰਾਮਦ ਹੋਈ ਹੈ। ਹਾਲਾਂਕਿ, ਇਸ ਰਿਪੋਰਟ ਦੇ ਦਾਇਰ ਹੋਣ ਤੱਕ ਬਰਾਮਦ ਕੀਤੀ ਗਈ ਸਹੀ ਰਕਮ ਬਾਰੇ ਈ ਡੀ ਵੱਲੋਂ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਕੇਂਦਰੀ ਏਜੰਸੀ ਦੇ ਅਧਿਕਾਰੀ ਕਈ ਘੰਟਿਆਂ ਤੱਕ ਫਲੈਟ ਦੇ ਅੰਦਰ ਰਹੇ ਅਤੇ ਤਲਾਸ਼ੀ ਦੀ ਕਾਰਵਾਈ ਦੌਰਾਨ ਅਪਾਰਟਮੈਂਟ ਅੰਦਰੋਂ ਬੰਦ ਸੀ। ਦੱਸਿਆ ਜਾ ਰਿਹਾ ਹੈ ਕਿ ਇਹ ਫਲੈਟ ਨਿਤਿਨ ਬਜਾਜ ਦਾ ਹੈ, ਹਾਲਾਂਕਿ ਅਧਿਕਾਰਤ ਮਾਲਕੀ ਵੇਰਵਿਆਂ ਦੀ ਅਜੇ ਪੁਸ਼ਟੀ ਹੋਣੀ ਬਾਕੀ ਹੈ। ਸੂਤਰਾਂ ਨੇ ਦਾਅਵਾ ਕੀਤਾ ਕਿ ਛਾਪੇਮਾਰੀ ਵਾਲੀਆਂ ਥਾਵਾਂ ਵਿੱਚੋਂ ਇੱਕ ਸੀਨੀਅਰ ਸਿਆਸੀ ਅਹੁਦੇਦਾਰ ਨਾਲ ਜੁੜੀ ਹੋਈ ਸੀ।

# ਬੰਗਾਲ 'ਚ ਤਣਾਅ, ਗੋਲੀਬਾਰੀ ਤੇ ਬੰਬ ਧਮਾਕਾ





**ਕੋਲਕਾਤਾ** : ਪੱਛਮੀ ਬੰਗਾਲ ਦੇ ਚੋਣਾਂ ਤੋਂ ਬਾਅਦ ਦੇ ਤਣਾਅ ਨੇ ਬੁੱਧਵਾਰ ਰਾਤ ਨੂੰ ਉਸ ਸਮੇਂ ਖ਼ੂਨੀ ਰੂਪ ਧਾਰ ਲਿਆ ਜਦੋਂ ਭਾਜਪਾ ਨੇਤਾ ਸ਼ੁਭੇਂਦੂ ਅਧਿਕਾਰੀ ਦੇ ਕਰੀਬੀ ਸਹਿਯੋਗੀ (ਪੀ ਏ) ਚੰਦਰਨਾਥ ਰਥ ਦੀ ਉੱਤਰੀ 24 ਪਰਗਨਾ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਸਖ਼ਤ ਮੁਕਾਬਲੇ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦੀ ਘੋਸ਼ਣਾ ਦੇ 48 ਘੰਟਿਆਂ ਤੋਂ ਵੀ ਘੱਟ ਸਮੇਂ ਬਾਅਦ, ਇਸ ਹੱਤਿਆ ਨੇ ਬੰਗਾਲ ਦੇ ਸਿਆਸੀ ਹਲਕਿਆਂ ਵਿੱਚ ਸਹਿਮ ਪੈਦਾ ਕਰ ਦਿੱਤਾ ਹੈ। ਮੁਢਲੀ ਜਾਣਕਾਰੀ ਅਨੁਸਾਰ ਰਥ ਨੂੰ ਰਾਤ ਕਰੀਬ 10.30 ਵਜੇ ਮੱਧਮਗ੍ਰਾਮ ਦੇ ਡੋਲਤਲਾ ਨੇੜੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਰੋਕਿਆ ਸੀ, ਜਿਨ੍ਹਾਂ ਨੇ ਉਸ ਦੇ ਵਾਹਨ ਦਾ ਪਿੱਛਾ ਕੀਤਾ, ਉਸ ਨੂੰ ਰੁਕਣ ਲਈ ਮਜਬੂਰ ਕੀਤਾ ਅਤੇ ਫਰਾਰ ਹੋਣ ਤੋਂ ਪਹਿਲਾਂ ਗੋਲੀਆਂ ਚਲਾ ਦਿੱਤੀਆਂ। ਰਥ ਦਾ ਡਰਾਈਵਰ, ਜਿਸ ਨੂੰ ਹਮਲੇ ਦੌਰਾਨ ਗੋਲੀਆਂ ਲੱਗੀਆਂ ਸਨ, ਨੂੰ ਨਾਜ਼ੁਕ ਹਾਲਤ ਵਿਚ ਕੋਲਕਾਤਾ ਦੇ ਇਕ ਹਸਪਤਾਲ ਵਿਚ ਭੇਜ ਦਿੱਤਾ ਗਿਆ। ਤ੍ਰਿਣਮੂਲ ਕਾਂਗਰਸ ਨੇ ਹੱਤਿਆ ਦੀ ਨਿੰਦਾ ਕੀਤੀ ਅਤੇ ਅਦਾਲਤ ਦੀ ਨਿਗਰਾਨੀ ਹੇਠ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਹੈ। ਪੱਛਮੀ ਬੰਗਾਲ ਦੇ ਉੱਤਰੀ 24 ਪਰਗਨਾ ਜ਼ਿਲ੍ਹੇ ਦੇ ਪਾਣੀਹਾਟੀ ਵਿੱਚ ਇੱਕ ਬੰਬ ਧਮਾਕੇ ਵਿੱਚ ਭਾਜਪਾ ਦੇ ਪੰਜ ਸਮਰਥਕ ਜ਼ਖ਼ਮੀ ਹੋ ਗਏ • ਬਾਕੀ ਸਫ਼ਾ 2 'ਤੇ

# ਕੈਨੇਡਾ 'ਚ 5 ਪੰਜਾਬੀ ਨੌਜਵਾਨ ਜਾਂਚ ਦੇ ਘੇਰੇ 'ਚ, 2 ਡਿਪੋਰਟ

ਸਰੀ. ਪੁਲਸ ਨੇ ਹਿੰਸਕ ਜਬਰਨ ਵਸੂਲੀ ਅਤੇ ਹਥਿਆਰਾਂ ਦੀ ਜਾਂਚ ਦੀ ਇੱਕ ਲੜੀ ਤੋਂ ਬਾਅਦ ਪੰਜਾਬੀ ਮੂਲ ਦੇ 7 ਵਿਅਕਤੀਆਂ ਵਿਰੁੱਧ ਗੰਭੀਰ ਦੋਸ਼ ਲਗਾਏ ਹਨ। 'ਪ੍ਰੋਜੈਕਟ ਐਸ਼ੋਰੈਂਸ' ਦੇ ਹਿੱਸੇ ਵਜੋਂ ਅਧਿਕਾਰੀ ਸੰਗਠਿਤ ਅਪਰਾਧਿਕ ਨੈੱਟਵਰਕਾਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੇ ਹਨ। ਦੋ ਪੰਜਾਬੀਆਂ 20 ਸਾਲਾ ਪ੍ਰਭਜੋਤ ਸਿੰਘ ਅਤੇ 22 ਸਾਲਾ ਲਵਬੀਰ ਸਿੰਘ ਨੂੰ ਕੈਨੇਡਾ ਤੋਂ ਪਹਿਲਾਂ ਹੀ ਡਿਪੋਰਟ (ਦੇਸ਼ ਨਿਕਾਲਾ) ਕਰ ਦਿੱਤਾ ਗਿਆ ਹੈ। ਪੁਲਸ ਨੇ ਉਨ੍ਹਾਂ ਦੀਆਂ ਤਸਵੀਰਾਂ ਜਨਤਕ ਤੌਰ 'ਤੇ ਜਾਰੀ ਕੀਤੀਆਂ ਹਨ ਤਾਂ ਜੋ ਉਨ੍ਹਾਂ ਦੇ ਸਾਥੀਆਂ ਅਤੇ ਜਬਰਨ ਵਸੂਲੀ ਦੀਆਂ ਸਕੀਮਾਂ ਦੇ ਪਿੱਛੇ ਵਿਆਪਕ ਅਪਰਾਧਿਕ ਬੁਨਿਆਦੀ ਢਾਂਚੇ ਬਾਰੇ ਕੋਈ ਨਵਾਂ ਸੁਰਾਗ ਮਿਲ ਸਕੇ। ਕ੍ਰੇਸੈਂਟ ਬੀਚ ਇਲਾਕੇ ਵਿੱਚ 1 ਫਰਵਰੀ ਨੂੰ ਹੋਈ ਗੋਲੀਬਾਰੀ ਦੇ ਸੰਬੰਧ ਵਿੱਚ ਤਿੰਨ ਵਿਅਕਤੀਆਂ ਦੀ ਗ੍ਰਿਫ਼ਤਾਰੀ ਵੀ ਹੋਈ ਹੈ। ਹਰਜੋਤ ਸਿੰਘ (21), ਤਰਨਵੀਰ ਸਿੰਘ (19) ਅਤੇ ਦਇਆਜੀਤ ਸਿੰਘ ਬਿਲਿੰਗ (21) ਨੂੰ ਇੱਕ • ਬਾਕੀ ਸਫ਼ਾ 2 'ਤੇ

# ਮਾਰਕਸਵਾਦ ਅੱਜ ਵੀ ਕਿਰਤੀਆਂ ਦਾ ਰਾਹ-ਦਸੇਰਾ : ਹਰਦੇਵ ਅਰਸ਼ੀ




**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਵੱਲੋਂ ਮਨਾਏ ਜਾ ਰਹੇ 'ਸਿਧਾਂਤਕ ਪੰਦਰਵਾੜੇ' ਤਹਿਤ ਵੀਰਵਾਰ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਭਵਨ ਵਿਖੇ ਜ਼ਿਲ੍ਹਾ ਕੌਂਸਲ ਦੀ ਇੱਕ ਪ੍ਰਭਾਵਸ਼ਾਲੀ ਮੀਟਿੰਗ ਹੋਈ।

ਗੁਰਚਰਨ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਪਾਰਟੀ ਦੇ ਰਾਜਸੀ ਅਤੇ ਜਥੇਬੰਦਕ ਮੁੱਦਿਆਂ 'ਤੇ ਡੂੰਘੀ ਵਿਚਾਰ-ਚਰਚਾ ਕੀਤੀ ਗਈ।ਮੀਟਿੰਗ ਨੂੰ ਮੁੱਖ ਤੌਰ 'ਤੇ ਸੰਬੋਧਨ ਕਰਦਿਆਂ ਪਾਰਟੀ ਦੇ ਕੰਟਰੋਲ ਕਮਿਸ਼ਨ ਦੇ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਹਾ ਕਿ ਮਾਰਕਸਵਾਦ-ਲੈਨਿਨਵਾਦ ਕੋਈ ਸਿਰਫ਼ ਨਾਅਰਾ ਨਹੀਂ, ਸਗੋਂ ਇੱਕ ਅਟੱਲ ਵਿਗਿਆਨਕ ਸਿਧਾਂਤ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਜਿਹੜੀਆਂ ਤਾਕਤਾਂ ਮਾਰਕਸਵਾਦ ਨੂੰ ਖ਼ਤਮ ਕਰਨ ਦੇ ਸੁਪਨੇ ਲੈਂਦੀਆਂ ਸਨ, ਉਹ ਖ਼ੁਦ ਇਤਿਹਾਸ ਦੇ ਪੰਨਿਆਂ ਵਿੱਚ ਗੁਆਚ ਗਈਆਂ ਹਨ, ਪਰ ਮਾਰਕਸਵਾਦ ਅੱਜ ਵੀ ਦੁਨੀਆ ਭਰ ਦੇ ਕਿਰਤੀਆਂ ਦਾ ਰਾਹ-ਦਸੇਰਾ ਬਣਿਆ ਹੋਇਆ ਹੈ। ਉਨ੍ਹਾ ਕਿਹਾ ਕਿ ਦੇਸ਼ ਵਿੱਚ ਵਧ ਰਹੀਆਂ ਫਾਸ਼ੀਵਾਦੀ ਤਾਕਤਾਂ ਦਾ ਟਾਕਰਾ ਸਿਰਫ਼ ਸਿਧਾਂਤਕ ਤੌਰ 'ਤੇ ਪਰਪੱਕ ਕਮਿਊਨਿਸਟ ਹੀ ਕਰ ਸਕਦੇ ਹਨ। ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ ਅਤੇ ਸਹਾਇਕ ਸਕੱਤਰ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਨੇ ਦੱਸਿਆ ਕਿ ਦੇਸ਼ ਦੀ ਏਕਤਾ ਲਈ ਸ਼ਹੀਦ ਹੋਣ ਵਾਲੇ ਕਾਮਰੇਡ ਅਮੋਲਕ ਸਿੰਘ ਔਲਖ ਅਤੇ ਉਨ੍ਹਾ ਦੇ ਸਾਥੀਆਂ ਦਾ 35ਵਾਂ ਬਰਸੀ ਸਮਾਗਮ 7 ਜੂਨ ਨੂੰ ਪਿੰਡ ਔਲਖ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜ਼ਿਲ੍ਹੇ ਭਰ ਵਿੱਚ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ।ਮੀਟਿੰਗ ਵਿੱਚ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ ਨੇ 15 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਚੰਡੀਗੜ੍ਹ ਰੈਲੀ ਵਿੱਚ ਵੱਡੀ ਸ਼ਮੂਲੀਅਤ ਦਾ ਸੱਦਾ ਦਿੱਤਾ।ਨਰੇਗਾ ਆਗੂਆਂ ਵੀਰ ਸਿੰਘ ਕੰਮੇਆਣਾ ਅਤੇ ਗੋਰਾ ਪਿਪਲੀ ਨੇ 19 ਮਈ ਨੂੰ ਮੁਹਾਲੀ ਵਿਖੇ ਕਿਰਤ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਹੋਣ ਵਾਲੀ ਸੂਬਾਈ ਰੈਲੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

ਮੀਟਿੰਗ ਵਿੱਚ ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਪ੍ਰਦੀਪ ਸਿੰਘ ਬਰਾੜ, ਚਰਨਜੀਤ ਸਿੰਘ ਚਮੇਲੀ, ਜਤਿੰਦਰ ਸਿੰਘ ਜੰਡਵਾਲਾ, ਜਗਤਾਰ ਸਿੰਘ ਭਾਣਾ, ਮੁਖਤਿਆਰ ਸਿੰਘ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਸੋਮ ਨਾਥ ਅਰੋੜਾ, ਜਸਪਾਲ ਸਿੰਘ, ਬੋਹੜ ਸਿੰਘ ਔਲਖ, ਰੇਸ਼ਮ ਸਿੰਘ ਜਟਾਣਾ, ਮਹਿਲਾ ਆਗੂ ਹਰਪ੍ਰੀਤ ਕੌਰ ਚਹਿਲ, ਸਿਮਰਨ ਕੌਰ, ਸਰਬਜੀਤ ਕੌਰ ਚੰਦਬਾਜਾ, ਵੀਰਪਾਲ ਕੌਰ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਅਤੇ ਆਗੂ ਹਾਜ਼ਰ ਸਨ।

## ਅੱਜ-ਨਾਮਾ

ਧਮਾਕੇ ਅੱਗੇ ਵੀ ਹੋਏ ਕਈ ਬਹੁਤ ਵਾਰੀ,
ਰਾਜਸੀ ਦਖ਼ਲ ਨਹੀਂ ਕਦੇ ਸੀ ਸੁਣੇ ਬੇਲੀ।
ਜ਼ਿੰਮੇਵਾਰੀ ਲਈ ਲੱਗੇ ਕਈ ਵਾਰ ਦੂਸ਼ਣ,
ਲਾਉਂਦੇ ਦੋਸ਼ ਆਗੂ ਜਨਤਕ ਚੁਣੇ ਬੇਲੀ।
ਫਿਰ ਵੀ ਰੱਖਦੇ ਲੀਡਰ ਸਨ ਫਰਕ ਸਾਰੇ,
ਜਾਵਣ ਅੱਖਰ ਨਹੀਂ ਮੂੰਹਾਂ 'ਤੇ ਖੁਣੇ ਬੇਲੀ।
ਦੋਸ਼ ਬਦਲੇ ਨਹੀਂ ਦਰਜ ਸੀ ਕੇਸ ਕਰਦੇ,
ਨਾਨਕੇ ਤੇ ਦਾਦਕੇ ਕਦੇ ਨਹੀਂ ਪੁਣੇ ਬੇਲੀ।
ਦੂਸ਼ਣਬਾਜ਼ੀ ਇਹ ਟੱਪੀ ਸਭ ਜਾਏ ਹੱਦਾਂ,
ਓੜਕ-ਬੰਨਾ ਨਹੀਂ ਜਾਪਦਾ ਰਿਹਾ ਬੇਲੀ।
ਸਿਰੋਂ-ਮੂੰਹੋਂ ਕੋਈ ਸੋਚ ਕੇ ਬੋਲਦੇ ਨਹੀਂ,
ਬੁਰਾ ਚੰਗਾ ਕੋਈ ਜਾਵੇ ਨਾ ਕਿਹਾ ਬੇਲੀ।

-ਤੀਸ ਮਾਰ ਖਾਂ

# 19 ਮਈ ਦੇ ਪ੍ਰਦਰਸ਼ਨ 'ਚ ਵਧ-ਚੜ੍ਹ ਕੇ ਪਹੁੰਚਿਆ ਜਾਵੇ : ਬਰਾੜ, ਧਾਲੀਵਾਲ



**ਜਲੰਧਰ** : ਪਾਵਰਕਾਮ ਅਦਾਰੇ ਵਿੱਚ ਕੰਮ ਕਰ ਰਹੀਆਂ ਇਕ ਵਿਚਾਰਧਾਰਾ ਵਾਲੀਆਂ ਦੋ ਸਿਰਮੌਰ ਅਤੇ ਸੰਘਰਸ਼ਸ਼ੀਲ ਜਥੇਬੰਦੀਆਂ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ : 41 ਅਤੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਰਜਿ : 14/1965 ਦੀ ਬੀਤੀ 18 ਅਪਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਪਸੀ ਏਕਤਾ ਨੂੰ ਸਮਰਪਿਤ ਹੋਈ ਸੂਬਾ ਕਾਨਫਰੰਸ ਵਿੱਚ ਚੁਣੇ ਗਏ ਨਵੇਂ ਸੂਬਾਈ ਅਹੁਦੇਦਾਰਾਂ ਦੀ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਵਿਖੇ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਿੱਸਾ ਲੈਣ ਪਹੁੰਚੇ ਪੰਜਾਬ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ, ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ 19 ਮਈ ਦੇ ਲੇਬਰ ਕਮਿਸ਼ਨਰ ਦਫਤਰ ਮੁਹਾਲੀ ਵਿਖੇ ਪੰਜਾਬ ਏਟਕ ਦੇ ਸੱਦੇ 'ਤੇ ਉਜਰਤਾਂ ਵਿੱਚ ਵਾਧੇ ਦੀ ਮੰਗ ਨੂੰ ਲੈ ਕੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਫੈਡਰੇਸ਼ਨ ਵਰਕਰਾਂ ਨੂੰ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।ਸਾਬਕਾ ਵਿਧਾਇਕ ਕਾ. ਹਰਦੇਵ ਅਰਸ਼ੀ, ਸਾਬਕਾ ਚੀਫ ਪੈਟਰਨ ਕਾ. ਕਰਮਚੰਦ ਭਾਰਦਵਾਜ ਨੇ ਦੋਵਾਂ ਜਥੇਬੰਦੀਆਂ ਦੀ ਹੋਈ ਆਪਸੀ ਏਕਤਾ 'ਤੇ ਤਸੱਲੀ ਦਾ ਪ੍ਰਗਟਾਵਾ ਕਰਦੇ ਹੋਏ ਦੇਸ਼ ਵਿੱਚ ਫੈਲਾਈ ਜਾ ਰਹੀ ਫਿਰਕੂ ਹਨੇਰੀ ਤੋਂ ਸੁਚੇਤ ਰਹਿ ਕੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵੱਡੀ ਲਾਮਬੰਦੀ 'ਤੇ ਜ਼ੋਰ ਦਿੱਤਾ।ਐੱਫ ਈ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਿੰਦਰਪਾਲ ਲਹੌਰੀਆ, ਰਛਪਾਲ ਸਿੰਘ ਪਾਲੀ, ਦਰਸ਼ਨ ਲਾਲ ਮੋਗਾ, ਸਾਬਕਾ ਪ੍ਰਧਾਨ ਜਰਨੈਲ ਸਿੰਘ ਔਲਖ ਅਤੇ ਸਾਬਕਾ ਜਨਰਲ ਸਕੱਤਰ ਬਲਜੀਤ ਸਿੰਘ ਮੋਦਲਾ ਨੇ ਆਪਸੀ ਏਕਤਾ 'ਤੇ ਖ਼ੁਸ਼ੀ ਦਾ ਇਜ਼ਹਾਰ ਕਰਦੇ ਹੋਏ ਨਵੀਂ ਲੀਡਰਸ਼ਿਪ ਨੂੰ ਭਰਵੇਂ ਸਹਿਯੋਗ ਦਾ ਭਰੋਸਾ ਦਿੱਤਾ ।ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਨੂੰ ਵੱਟੇ ਖਾਤੇ ਪਾਉਣ ਦੇ ਵਤੀਰੇ ਖਿਲਾਫ਼ ਉਲੀਕੇ ਸੰਘਰਸ਼ਾਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀਆਂ ਤਿਆਰੀਆਂ ਬਾਰੇ ਲਾਮਬੰਦੀ ਕੀਤੀ। ਮੀਟਿੰਗ ਦੀ ਕਾਰਵਾਈ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਹਰਵਿੰਦਰ ਸਿੰਘ ਅਕਾਲਗੜ੍ਹ ਨੇ ਦੱਸਿਆ ਕਿ 10 ਮਈ ਨੂੰ ਜਥੇਬੰਦੀ ਦੇ ਬਾਨੀ ਪ੍ਰਧਾਨ ਮਰਹੂਮ ਕਾਮਰੇਡ ਐੱਚ ਐੱਸ ਪ੍ਰਮਾਰ ਦਾ ਜਨਮ ਦਿਹਾੜਾ ਸ਼ਹੀਦ ਕਰਨੈਲ ਸਿੰਘ ਈਸੜੂ ਯਾਦਗਾਰੀ ਭਵਨ ਲੁਧਿਆਣਾ ਵਿਖੇ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਹਰੇਕ ਸਰਕਲ ਦੇ 5 ਆਗੂ ਹਿੱਸਾ ਲੈਣਗੇ, 17 ਮਈ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੇ ਸੱਦੇ 'ਤੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਸਾਂਝੀ ਕਨਵੈਨਸ਼ਨ ਵਿੱਚ ਨੇੜੇ ਵਾਲੇ ਸਰਕਲ 10 ਅਤੇ ਦੂਰ ਵਾਲੇ ਸਰਕਲ 5 ਸਾਥੀ ਝੰਡੇ ਅਤੇ ਮਾਟੋ ਲੈ ਕੇ ਹਿੱਸਾ ਲੈਣਗੇ।ਇਸੇ ਤਰ੍ਹਾਂ 19 ਮਈ ਨੂੰ ਪੰਜਾਬ ਏਟਕ ਦੇ ਸੱਦੇ 'ਤੇ ਲੇਬਰ ਕਮਿਸ਼ਨਰ ਦਫਤਰ ਮੁਹਾਲੀ ਵਿਖੇ ਮੁਲਾਜ਼ਮਾਂ ਅਤੇ ਮਜ਼ਦੂਰਾਂ ਦੇ ਮਸਲਿਆਂ ਨੂੰ ਉਭਾਰਨ, ਕੱਚੇ ਕਾਮਿਆਂ ਦੀ ਤਨਖਾਹ ਵਿੱਚ ਸਰਕਾਰ ਵੱਲੋਂ ਕੀਤੇ 15 ਪ੍ਰਤੀਸ਼ਤ • ਬਾਕੀ ਸਫ਼ਾ 2 'ਤੇ

## ਸਫ਼ਾਈ ਸੇਵਕ ਯੂਨੀਅਨ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ



**ਭਵਾਨੀਗੜ੍ਹ (ਰਾਜ ਖੁਰਮੀ)**-ਸਫ਼ਾਈ ਸੇਵਕ ਯੂਨੀਅਨ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਨਗਰ ਕੌਂਸਲ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਹੜਤਾਲ ਕਰਦਿਆਂ ਧਰਨਾ ਲਾਇਆ ਗਿਆ।ਸਫਾਈ ਸੇਵਕਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟਾਇਆ।ਯੂਨੀਅਨ ਦੇ ਬਲਾਕ ਪ੍ਰਧਾਨ ਜਗਮੇਲ ਸਿੰਘ ਬਿੱਟੂ ਨੇ ਦੱਸਿਆ ਕਿ ਸਫਾਈ ਕਰਮਚਾਰੀ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਸਿਰਫ਼ ਭਰੋਸੇ ਹੀ ਦਿੱਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਮਸਲਾ ਸਿਰਫ਼ ਤਨਖਾਹਾਂ ਜਾਂ ਪੱਕੇ ਕਰਨ ਦਾ ਨਹੀਂ, ਸਗੋਂ ਸਰਕਾਰ ਅਤੇ ਕਰਮਚਾਰੀਆਂ ਵਿਚਕਾਰ ਭਰੋਸੇ ਦੇ ਸੰਕਟ ਦਾ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਗਾਂ ਵਿੱਚ ਕੱਚੇ ਕ੍ਰਮਚਾਰੀਆਂ ਨੂੰ ਪੱਕਾ ਕਰਨਾ, ਬਰਾਬਰ ਕੰਮ ਲਈ ਬਰਾਬਰ ਤਨਖਾਹ ਲਾਗੂ ਕਰਨੀ ਤੇ 10 ਸਾਲਾਂ ਦੀ ਪਾਲਿਸੀ ਨੂੰ ਰੱਦ ਕਰਕੇ ਤਿੰਨ ਸਾਲਾਂ ਵਿੱਚ ਪੱਕਾ ਕਰਨ ਦੀ ਨੀਤੀ ਲਾਗੂ ਕਰਨੀ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਇਹ ਮੰਗਾਂ ਨਵੀਆਂ ਨਹੀਂ ਹਨ, ਬਲਕਿ ਪਿਛਲੇ ਕਈ ਸਾਲਾਂ ਤੋਂ ਚੱਲਦੀਆਂ ਆ ਰਹੀਆਂ ਹਨ, ਪਰ ਸਰਕਾਰਾਂ ਵੱਲੋਂ ਇਨ੍ਹਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।ਜਗਮੇਲ ਸਿੰਘ ਬਿੱਟੂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਇਹ ਹੜਤਾਲ ਅਣਮਿੱਥੇ ਸਮੇਂ ਲਈ ਜਾਰੀ ਰਹੇਗੀ।ਨਗਰ ਕੌਂਸਲ ਦੇ ਐਸ.ਆਈ. ਬੋਬੀ ਕੁਮਾਰ ਨੇ ਦੱਸਿਆ ਕਿ ਇਹ ਧਰਨਾ ਪੰਜਾਬ ਪੱਧਰ 'ਤੇ ਲਾਇਆ ਗਿਆ ਹੈ ਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਗੇ ਦੀ ਸਥਿਤੀ ਹਾਲਾਤਾਂ ਦੇ ਅਨੁਸਾਰ ਦੇਖੀ ਜਾਵੇਗੀ।

# ਦੂਸਰੇ ਦਿਨ ਵੀ ਜਾਰੀ ਰਹੀ ਸਫਾਈ ਸੇਵਕਾਂ ਦੀ ਅਣਮਿੱਥੇ ਸਮੇਂ ਲਈ ਹੜਤਾਲ

■ ਕੰਪਿਊਟਰ ਅਪ੍ਰੇਟਰਾਂ ਤੇ ਕਲਰਕਾਂ ਨੇ ਵੀ ਦਿੱਤਾ ਸਮਰਥਨ



**ਭਵਾਨੀਗੜ੍ਹ (ਰਾਜ ਖੁਰਮੀ)**

ਸਫਾਈ ਸੇਵਕ ਯੂਨੀਅਨ ਭਵਾਨੀਗੜ੍ਹ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਨਗਰ ਕੌਂਸਲ ਦਫ਼ਤਰ ਅੱਗੇ ਸ਼ੁਰੂ ਕੀਤਾ ਗਿਆ ਅਣਮਿੱਥੇ ਸਮੇਂ ਲਈ ਧਰਨਾ ਦੂਸਰੇ ਦਿਨ ਵੀ ਜਾਰੀ ਰਿਹਾ।ਇਸ ਦੌਰਾਨ ਸਫਾਈ ਸੇਵਕਾਂ ਦੇ ਨਾਲ ਕੰਪਿਊਟਰ ਆਪਰੇਟਰਾਂ ਤੇ ਕਲਰਕਾਂ ਨੇ ਵੀ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟਾਇਆ।ਯੂਨੀਅਨ ਦੇ ਬਲਾਕ ਪ੍ਰਧਾਨ ਜਗਮੇਲ ਸਿੰਘ ਬਿੱਟੂ ਤੇ ਰਾਮ ਸਰੂਪ ਨੇ ਕਿਹਾ ਕਿ ਸਫਾਈ ਕਰਮਚਾਰੀ ਪਿਛਲੇ ਕਈ ਸਾਲਾਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਸਿਰਫ਼ ਭਰੋਸੇ ਹੀ ਦਿੱਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਮਸਲਾ ਕੇਵਲ ਤਨਖਾਹਾਂ ਜਾਂ ਕਰਮਚਾਰੀਆਂ ਨੂੰ ਪੱਕਾ ਕਰਨ ਤੱਕ ਸੀਮਿਤ ਨਹੀਂ, ਸਗੋਂ ਸਰਕਾਰ ਤੇ ਕਰਮਚਾਰੀਆਂ ਵਿਚਕਾਰ ਬਣੇ ਭਰੋਸੇ ਦੇ ਸੰਕਟ ਨਾਲ ਵੀ ਜੁੜਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨਾ, ਬਰਾਬਰ ਕੰਮ ਲਈ ਬਰਾਬਰ ਤਨਖਾਹ ਲਾਗੂ ਕਰਨਾ ਤੇ 10 ਸਾਲਾਂ ਦੀ ਪਾਲਸੀ ਰੱਦ ਕਰਕੇ ਤਿੰਨ ਸਾਲਾਂ ਵਿੱਚ ਪੱਕਾ ਕਰਨ ਦੀ ਨੀਤੀ ਲਾਗੂ ਕਰਨੀ ਸ਼ਾਮਲ ਹੈ।ਆਗੂਆਂ ਨੇ ਕਿਹਾ ਕਿ ਇਹ ਮੰਗਾਂ ਨਵੀਆਂ ਨਹੀਂ ਹਨ, ਬਲਕਿ ਲੰਬੇ ਸਮੇਂ ਤੋਂ ਚੱਲਦੀਆਂ ਆ ਰਹੀਆਂ ਹਨ, ਪਰ ਸਰਕਾਰਾਂ ਵੱਲੋਂ ਇਨ੍ਹਾਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਤਦ ਤੱਕ ਇਹ ਹੜਤਾਲ ਅਣਮਿੱਥੇ ਸਮੇਂ ਲਈ ਜਾਰੀ ਰਹੇਗੀ।ਇਸ ਮੌਕੇ ਪ੍ਰਧਾਨ ਅਜੀਤ ਸਿੰਘ, ਸਲਾਹਕਾਰ ਗੁਰਮੇਲ ਸਿੰਘ, ਸਰਪ੍ਰਸਤ ਰਾਮ ਸਰੂਪ, ਜਸਵੀਰ ਸਿੰਘ, ਚਰਨਜੀਤ ਕੌਰ, ਗੀਤਾ ਰਾਣੀ, ਕਿਰਨ ਸ਼ਰਮਾ, ਮਨਪ੍ਰੀਤ ਸਿੰਘ, ਜਗਸੀਰ ਸਿੰਘ, ਰਾਜ ਸਿੰਘ, ਰਾਵਣਦੀਪ ਸਿੰਘ, ਹਰਮੀਤ ਸਿੰਘ, ਸੰਦੀਪ ਸਿੰਘ, ਜਸਵਿੰਦਰ ਕੌਰ, ਰਾਵਣਦੀਪ ਕੌਰ, ਨਿਤਾਸ਼ਾ ਆਸਟਾ, ਕੁਲਵਿੰਦਰ ਕੌਰ, ਹਰੀ ਕਿਰਸੀ, ਸਮਸ਼ੇਰ ਸਿੰਘ ਤੇ ਅਮਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਨਗਰ ਨਿਗਮ ਦੇ ਸਫਾਈ ਕਰਮਚਾਰੀਆਂ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਕੰਮ ਛੋੜ ਹੜਤਾਲ ਦਾ ਭਰਵਾਂ ਹੁੰਗਾਰਾ ਮਿਲਿਆ ਤੇ ਇਸ ਧਰਨੇ ਵਿੱਚ ਨਗਰ ਨਿਗਮ ਪਟਿਆਲਾ ਦੀ ਸਾਰੀ ਹੀ ਜਥੇਬੰਦੀਆਂ ਨੇ ਧਰਨੇ ਵਿੱਚ ਬੈਠ ਕੇ ਮੌਜੂਦਾ ਸਰਕਾਰ ਦਾ ਪਿੱਟ ਸਿਆਪਾ ਕੀਤਾ ਤੇ ਸਾਰੇ ਹੀ ਮੁਲਾਜ਼ਮਾਂ ਵੱਲੋਂ ਮੁੱਖ ਮੰਗਾਂ ਜਿਵੇਂ ਪਹਿਲ ਦੇ ਆਧਾਰ 'ਤੇ ਬਿਨਾਂ ਸ਼ਰਤ ਕੱਚੇ ਕਾਮੇ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਡੀ. ਏ. ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ। ਇਸ ਧਰਨੇ ਦੀ ਸਾਰੀ ਪਹਿਰਵਾਈ ਬੱਬੂ ਪ੍ਰਧਾਨ ਨੇ ਕੀਤੀ।ਸਾਰੀ ਟੀਮ ਕਰਮਚਾਰੀ ਦਲ, ਕੇਵਲ ਕਿਸ਼ਨ ਪ੍ਰਧਾਨ, ਅਨਿਲ ਕੁਮਾਰ, ਟੈਕਨੀਕਲ ਯੂਨੀਅਨ ਪ੍ਰਧਾਨ ਰਾਜੇਸ਼ ਕੁਮਾਰ, ਬਲਵਿੰਦਰ, ਪਵਨ, ਸਾਬਕਾ ਪ੍ਰਧਾਨ ਸੰਜੇ ਕਲਿਆਣ ਆਦਿ ਮੌਜੂਦ ਸਨ।

## ਬਲੌਸਮਜ਼ ਕਾਨਵੈਂਟ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ



**ਜਗਰਾਓਂ (ਅਮਿਤ ਖੰਨਾ)**-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਇਨਵੈਸਚਰ ਸੈਰੇਮਨੀ ਤੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਾਇਆ ਗਿਆ, ਜਿਸਦੇ ਅਧੀਨ ਸਕੂਲ ਅੰਦਰ ਚੱਲ ਰਹੇ ਹਾਊਸਜ਼ ਦੇ ਅਹੁਦੇਦਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਇਨ੍ਹਾਂ 'ਚੋਂ ਹੈੱਡ ਬੁਆਏ ਗੁਰਪ੍ਰੀਤ ਸਿੰਘ ਤੇ ਹੈੱਡ ਗਰਲ ਨਵਜੀਤ ਕੌਰ ਨੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਸ਼ਪਥ ਚੁੱਕੀ।ਇਸਦੇ ਨਾਲ ਹੀ ਪਿਛਲੀਆਂ ਜਮਾਤਾਂ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਟਰਾਫੀਆਂ ਦਿੱਤੀਆਂ ਗਈਆਂ, ਉਥੇ ਹੀ ਓਵਰਆਲ ਕਲਾਸਾਂ ਵਿੱਚੋਂ ਅੱਵਲ ਵਿਦਿਆਰਥੀਆਂ ਨੂੰ ਰਾਸ਼ੀ ਵਜੋਂ ਵਾਊਚਰ ਦੇ ਕੇ ਉਨ੍ਹਾਂ ਦੀ ਕੀਤੀ ਮਿਹਨਤ ਨੂੰ ਬਾਕੀ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਵੀ ਬਣਾਇਆ ਗਿਆ। ਮੁੱਖ ਮਹਿਮਾਨ ਵਜੋਂ ਪਰਮਿੰਦਰ ਸਿੰਘ (ਐਸ.ਐਚ.ਓ., ਥਾਣਾ ਸਿਟੀ ਜਗਰਾਉਂ) ਤੇ ਉਨ੍ਹਾਂ ਦੇ ਨਾਲ ਹੀ ਗੈਸਟ ਆਫ ਆਨਰ ਵਜੋਂ ਅਮਰਜੀਤ ਸਿੰਘ ਗਿੱਲ (ਐਸ.ਐਚ.ਓ, ਸਿੱਧਵਾਂ ਬੇਟ) ਪਹੁੰਚੇ। ਮੁੱਖ ਮਹਿਮਾਨ ਪਰਮਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿਣ, ਦੋ-ਪਹੀਆ ਵਾਹਨ ਬਿਨਾਂ ਲਾਇਸੈਂਸ ਦੇ ਨਾ ਚਲਾਉਣ ਤੇ ਸੋਸ਼ਲ ਮੀਡੀਆ ਦੀ ਗਲਤ ਵਰਤੋਂ ਤੋਂ ਬਚਣ ਬਾਰੇ ਜਾਗਰੂਕ ਕੀਤਾ।ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਅਜਿਹੇ ਅਹੁੱਦਿਆਂ ਰਾਹੀਂ ਵਿਦਿਆਰਥੀਆਂ ਦੇ ਜੀਵਨ ਵਿੱਚ ਲੀਡਰਸ਼ਿਪ ਗੁਣ ਪੈਦਾ ਹੁੰਦੇ ਹਨ ਅਤੇ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਦੇ ਸਮਰੱਥ ਬਣਦੇ ਹਨ।ਬੱਚਿਆਂ ਵਿੱਚ ਅਜਿਹੇ ਗੁਣਾਂ ਨੂੰ ਭਰਨਾ ਸਮਾਜ ਨੂੰ ਇੱਕ ਚੰਗੀ ਸੇਧ ਦੇਣ ਦੇ ਬਰਾਬਰ ਹੁੰਦਾ ਹੈ।ਇਨ੍ਹਾਂ ਛੋਟੀਆਂ-ਛੋਟੀਆਂ ਜ਼ਿੰਮੇਵਾਰੀਆਂ ਦੇ ਤਹਿਤ ਹੀ ਵਿਦਿਆਰਥੀ ਉੱਚ ਮੰਜ਼ਲਾਂ ਤੱਕ ਪਹੁੰਚਣਾ ਸਿੱਖਣਗੇ ਤੇ ਆਉਣ ਵਾਲੇ ਭਵਿੱਖ ਲਈ ਇੱਕ ਜ਼ਿੰਮੇਵਾਰ ਨਾਗਰਿਕ ਬਣ ਸਕਣਗੇ।

## ਸ਼ਹਿਜ਼ਾਦੀ 'ਚ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਾਇਆ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਪਿੰਡ ਸ਼ਹਿਜਾਦੀ ਵਿੱਚ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਾਇਆ ਗਿਆ।ਸਮਾਜ ਸੇਵਾ ਮੁਹਿੰਮ ਦਾ ਮਕਸਦ ਪਿੰਡ ਵਾਸੀਆਂ ਨੂੰ ਦੰਦਾਂ ਤੇ ਮਸੂੜਿਆਂ ਦੀਆਂ ਬਿਮਾਰੀਆਂ ਬਾਰੇ ਜਾਗਰੂਕ ਕਰਨਾ ਅਤੇ ਸਮੇਂ ਸਿਰ ਇਲਾਜ ਲਈ ਪ੍ਰੇਰਿਤ ਕਰਨਾ ਸੀ।ਕੈਂਪ ਦੌਰਾਨ ਡਾ. ਨਿਸ਼ਟਾ ਬੁਲੰਦੀ ਅਤੇ ਡਾ. ਪ੍ਰਨਾ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਦਿੱਤੀ।ਡਾਕਟਰਾਂ ਨੇ ਦੱਸਿਆ ਕਿ ਦੰਦਾਂ ਦੀ ਨਿਯਮਤ ਸਫ਼ਾਈ, ਸੰਤੁਲਿਤ ਖ਼ੁਰਾਕ ਅਤੇ ਸਮੇਂ-ਸਮੇਂ ਤੇ ਜਾਂਚ ਕਰਾਉਣ ਨਾਲ ਕਈ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।ਉਨ੍ਹਾਂ ਨੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਖ਼ਾਸ ਤੌਰ 'ਤੇ ਦੰਦਾਂ ਦੀ ਸੰਭਾਲ 'ਤੇ ਧਿਆਨ ਦੇਣ ਦੀ ਅਪੀਲ ਕੀਤੀ।ਇਸ ਮੌਕੇ ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ ਭੁੱਲਰ, ਹਰਜਿੰਦਰ ਸਿੰਘ ਭੁੱਲਰ, ਗੁਰਮੇਜ ਸਿੰਘ ਭੁੱਲਰ, ਬੋਹੜ ਸਿੰਘ ਅਤੇ ਵਿਰਸਾ ਸਿੰਘ ਨੇ ਆਏ ਹੋਏ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਇਲਾਕਾ ਵਾਸੀਆਂ ਨੂੰ ਟੂਥਪੇਸਟ ਤੇ ਬੁਰਸ਼ ਵੰਡੇ ਅਤੇ ਉਨ੍ਹਾਂ ਨੂੰ ਸਫ਼ਾਈ ਅਤੇ ਦੰਦਾਂ ਦੀ ਦੇਖਭਾਲ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ।

# ਬਾਬਾ ਸਾਹਿਬ ਦੀ ਸ਼ਾਨ ਤੇ ਸਤਿਕਾਰ ਨਾਲ ਕੋਈ ਸਮਝੌਤਾ ਨਹੀਂ : ਪਰਮਜੀਤ ਕੈਂਥ

**ਨਾਭਾ ਪ੍ਰਸ਼ਾਸਨ ਵੱਲੋਂ ਗਲਤੀ ਸੁਧਾਰਨ ਦੀ ਪਹਿਲਕਦਮੀ ਦਾ ਸਵਾਗਤ**



**ਨਾਭਾ (ਵਰਿੰਦਰ ਵਰਮਾ)**

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਨਾਭਾ ਦੇ ਪਟਿਆਲਾ ਗੇਟ ਵਿਖੇ ਬੀ. ਆਰ. ਅੰਬੇਡਕਰ ਦੀ ਮੂਰਤੀ ਨਾਲ ਸਬੰਧਤ ਲਾਪ੍ਰਵਾਹੀ ਨੂੰ ਸੁਧਾਰਨ ਲਈ ਨਾਭਾ ਪ੍ਰਸ਼ਾਸਨ ਵੱਲੋਂ ਕੀਤੀ ਗਈ ਪਹਿਲਕਦਮੀ ਦਾ ਸਵਾਗਤ ਕੀਤਾ ਹੈ।ਕੈਂਥ ਨੇ ਕਿਹਾ ਕਿ ਬਾਬਾ ਸਾਹਿਬ ਦੇ ਬੁੱਤ 'ਤੇ ਆਮ ਆਦਮੀ ਪਾਰਟੀ ਦੇ ਆਗੂਆਂ ਦੀਆਂ ਤਸਵੀਰਾਂ ਲਗਾਉਣ ਦੀ ਘਟਨਾ ਬਹੁਤ ਹੀ ਮੰਦਭਾਗੀ ਤੇ ਨਿੰਦਣਯੋਗ ਸੀ।ਉਨ੍ਹਾਂ ਕਿਹਾ ਕਿ ਜਿਵੇਂ ਹੀ ਇਹ ਮਾਮਲਾ ਸਾਹਮਣੇ ਆਇਆ, ਉਨ੍ਹਾਂ ਵੱਲੋਂ ਤੁਰੰਤ ਇਸ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ ਗਈ ਸੀ।ਉਨ੍ਹਾਂ ਅਨੁਸਾਰ ਸਥਾਨਕ ਪ੍ਰਸ਼ਾਸਨ ਤੇ ਨਗਰ ਕੌਂਸਲ ਦੀ ਲਾਪ੍ਰਵਾਹੀ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਗਿਆ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਸਿਰਫ਼ ਇੱਕ ਵਿਅਕਤੀ ਨਹੀਂ, ਸਗੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਸਮਾਜਿਕ ਨਿਆਂ ਦੇ ਪ੍ਰਤੀਕ ਹਨ।ਉਨ੍ਹਾਂ ਦੀ ਇੱਜ਼ਤ ਤੇ ਮਾਣ-ਮਰਿਆਦਾ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।ਕੈਂਥ ਨੇ ਕਿਹਾ ਕਿ ਹੁਣ ਜਦੋਂ ਪ੍ਰਸ਼ਾਸਨ ਵੱਲੋਂ ਸੁਧਾਰਾਤਮਕ ਕਦਮ ਚੁੱਕੇ ਜਾ ਰਹੇ ਹਨ, ਤਾਂ ਇਸ ਸਥਾਨ ਦੇ ਸੁੰਦਰੀਕਰਨ ਦਾ ਕੰਮ ਵੀ ਬਿਨਾਂ ਦੇਰੀ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਮੂਰਤੀ ਵਾਲੇ ਸਥਾਨ ਦੇ ਆਲੇ-ਦੁਆਲੇ ਇੱਕ ਵਿਸ਼ੇਸ਼ ਅੰਬੇਡਕਰ ਕੋਰੀਡੋਰ ਤਿਆਰ ਕੀਤਾ ਜਾਵੇ ਤਾਂ ਜੋ ਇਹ ਸਥਾਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਕੇਂਦਰ ਬਣ ਸਕੇ।ਉਨ੍ਹਾਂ ਦੁਹਰਾਇਆ ਕਿ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਹਰ ਸਮੇਂ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਦੀ ਇੱਜ਼ਤ, ਮਾਣ-ਮਰਿਆਦਾ ਤੇ ਵਿਰਾਸਤ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗਾ।

## ਥਰਮਲ ਦੇ ਠੇਕਾ ਮੁਲਾਜ਼ਮਾਂ ਵੱਲੋਂ ਸੂਬਾਈ ਧਰਨੇ ਦੀ ਤਿਆਰੀ ਵਜੋਂ ਗੇਟ ਰੈਲੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜੀ.ਐੱਚ.ਟੀ.ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਦੇ ਬੈਨਰ ਹੇਠ ਗੁਰੂ ਹਰਿਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ 9 ਤੇ 10 ਮਈ ਦੇ ਸੂਬਾ ਪੱਧਰੀ ਸੰਘਰਸ਼ ਦੀ ਤਿਆਰੀ ਵਜੋਂ ਗੇਟ ਰੈਲੀ ਕੀਤੀ। ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ, ਜਗਸੀਰ ਭੰਗੂ, ਹਰਦੀਪ ਤੱਗੜ, ਬਲਜਿੰਦਰ ਮਾਨ ਤੇ ਲਛਮਣ ਰਾਮਪੁਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ ਸਰਕਾਰ' ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖ ਕੇ ਆਪਣਾ ਸਮਾਂ ਲੰਘਾ ਰਹੀ ਹੈ। ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ 'ਆਪ ਸਰਕਾਰ' ਵੱਲੋਂ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਦੇ ਵਿਰੋਧ ਵਜੋਂ ਮੋਰਚੇ ਦੇ ਬੈਨਰ ਹੇਠ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਵਿੱਤ ਮੰਤਰੀ ਪੰਜਾਬ ਦੇ ਦਿੜ੍ਹਬਾ ਸਥਿਤ ਦਫ਼ਤਰ ਸਾਹਮਣੇ ਪਰਵਾਰਾਂ-ਬੱਚਿਆਂ ਸਮੇਤ 9 ਤੇ 10 ਮਈ ਨੂੰ ਦੋ ਰੋਜ਼ਾ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ।

## ਕੋਹਲੀ ਵੱਲੋਂ 37 ਨੰ. ਵਾਰਡ 'ਚ ਰਸਤੇ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਾਰਡ ਨੰਬਰ 37 ਵਿੱਚ ਵਿਕਾਸ ਨੂੰ ਹੋਰ ਤੇਜ਼ੀ ਮਿਲੀ ਜਦੋਂ ਪਟਿਆਲਾ ਸ਼ਹਿਰ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਸੁੱਲਰ ਚੌਕ ਤੋਂ ਸ਼ੀਸ਼ ਮਹਿਲ ਚੌਕ ਤੱਕ ਤਿਆਰ ਕੀਤੇ ਗਏ ਰਸਤੇ ਦਾ ਉਦਘਾਟਨ ਕੀਤਾ ਗਿਆ।ਇਹ ਪ੍ਰੋਜੈਕਟ ਕਰੀਬ 1.33 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੀ ਆਵਾਜਾਈ ਪ੍ਰਣਾਲੀ ਵਿੱਚ ਸੁਧਾਰ ਆਵੇਗਾ ਤੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਸਹੂਲਤ ਮਿਲੇਗੀ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਕੋਹਲੀ ਨੇ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ ਤੇ ਅਗਾਂਹ ਵੀ ਵਿਕਾਸ ਕਾਰਜ ਜਾਰੀ ਰਹਿਣਗੇ।ਇਲਾਕਾ ਨਿਵਾਸੀਆਂ ਨੇ ਇਸ ਉਪਰਾਲੇ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਲੰਮੇ ਸਮੇਂ ਤੋਂ ਲਟਕ ਰਿਹਾ ਸੀ ਤੇ ਹੁਣ ਇਸ ਦੇ ਪੂਰਾ ਹੋਣ ਨਾਲ ਵੱਡੀ ਰਾਹਤ ਮਿਲੀ ਹੈ।ਇਸ ਮੌਕੇ ਐੱਮ ਸੀ ਰੇਣੂ ਬਾਲਾ, ਰਿੱਕੀ ਸੁੱਲਰ, ਭੁਪਿੰਦਰ ਸਿੰਘ ਚੀਮਾ, ਮਨਿੰਦਰ ਸਿੰਘ ਤੇ ਸੁਰਜੀਤ ਸਿੰਘ ਚਿੰਨਾ ਸਮੇਤ ਇਲਾਕੇ ਦੇ ਵੱਡੀ ਗਿਣਤੀ ਵਿੱਚ ਨਿਵਾਸੀ ਮੌਜੂਦ ਰਹੇ।

## ਬਾਜਵਾ ਨੇ ਸਕੂਲੀ ਬੱਚਿਆਂ ਨਾਲ ਕੀਤੀ ਮਸਤੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਗਾਰਡਨਵੈਲੀ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਸਿੱਧ ਬਾਲੀਵੁੱਡ ਤੇ ਪਾਲੀਵੁੱਡ ਅਦਾਕਾਰਾ ਨੀਰੂ ਬਾਜਵਾ ਪੁੱਜੀ, ਜਿੱਥੇ ਉਸ ਦਾ ਪ੍ਰਬੰਧਕਾਂ ਤੇ ਵਿਦਿਆਰਥੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਕੂਲ ਪੁੱਜਣ 'ਤੇ ਅਦਾਕਾਰਾ ਨੀਰੂ ਬਾਜਵਾ ਨੇ ਰਿਬਨ ਕੱਟਿਆ ਤੇ ਵਿਦਿਆਰਥੀਆਂ ਨੇ ਫੁੱਲਾਂ ਦੀ ਵਰਖਾ ਕਰਕੇ ਉਨ੍ਹਾਂ ਨੂੰ 'ਜੀ ਆਇਆਂ' ਆਖਿਆ। ਇਸ ਮੌਕੇ ਅਦਾਕਾਰਾ ਨੀਰੂ ਬਾਜਵਾ ਨੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਵੱਖ-ਵੱਖ ਪ੍ਰਦਰਸ਼ਨੀਆਂ ਨੂੰ ਦੇਖਿਆ ਤੇ ਉਨ੍ਹਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਦਾਕਾਰਾ ਨੀਰੂ ਬਾਜਵਾ ਨੇ ਕਿਹਾ ਕਿ ਇਸ ਸਕੂਲ 'ਚ ਛੇਵੀਂ ਕਲਾਸ ਦਾ ਵਿਦਿਆਰਥੀ ਗੁਰੀ ਘੁਮਾਣ, ਜੋ ਕਿ ਉਸ ਨਾਲ ਕਾਫ਼ੀ ਫਿਲਮਾਂ ਵਿੱਚ ਕੰਮ ਕਰਦਾ ਹੈ ਤੇ ਉਨ੍ਹਾਂ ਦੀ ਅਗਲੀ ਰਿਲੀਜ਼ ਹੋਣ ਵਾਲੀ ਫਿਲਮ ਵਿੱਚ ਵੀ ਕੰਮ ਕਰ ਰਿਹਾ ਹੈ। ਅਦਾਕਾਰਾ ਨੀਰੂ ਬਾਜਵਾ ਨੇ ਬਾਕੀ ਬਾਲ ਕਲਾਕਾਰਾਂ ਤੇ ਸਕੂਲੀ ਵਿਦਿਆਰਥੀਆਂ ਨਾਲ ਸਟੇਜ 'ਤੇ ਖ਼ੂਬ ਭੰਗੜਾ ਪਾਇਆ ਤੇ ਮਸਤੀ ਕੀਤੀ। ਉਨ੍ਹਾਂ ਕਿਹਾ ਕਿ ਉਹ ਅੱਜ ਸਕੂਲ ਦੇ ਵਿਦਿਆਰਥੀ ਤੇ ਆਪਣੇ ਨਾਲ ਕੰਮ ਕਰਨ ਵਾਲੇ ਬਾਲ ਕਲਾਕਾਰ ਗੁਰੀ ਘੁਮਾਣ ਨੂੰ ਮਿਲਣ ਤੇ ਬੱਚਿਆਂ ਦੇ ਭਵਿੱਖ 'ਤੇ ਅਧਾਰਤ ਆਪਣੀ ਫਿਲਮ ਬਾਰੇ ਜਾਣਕਾਰੀ ਸਾਂਝਾ ਕਰਨ ਆਏ ਹਨ, ਜਿਨ੍ਹਾਂ ਨੂੰ ਸਕੂਲ ਵਿੱਚ ਆ ਕੇ ਬੜੀ ਖ਼ੁਸ਼ੀ ਮਿਲੀ। ਸਕੂਲ ਪ੍ਰਿੰਸੀਪਲ ਵੱਲੋਂ ਨੀਰੂ ਬਾਜਵਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਕੂਲ ਮੈਨੇਜਰ ਵਿਕਰਮਜੀਤ ਸਿੰਘ ਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।

## ਚੇਅਰਮੈਨ ਜਵੰਧਾ ਦੀ ਪੁਰਾਣੇ ਵਰਕਰਾਂ ਨਾਲ ਮੀਟਿੰਗ



**ਭਵਾਨੀਗੜ੍ਹ (ਰਾਜ ਖੁਰਮੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਵੱਲੋਂ ਭਵਾਨੀਗੜ੍ਹ ਵਿਖੇ ਪਾਰਟੀ ਦੇ ਪੁਰਾਣੇ ਸਾਥੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਦੌਰਾਨ ਜਵੰਧਾ ਨੇ ਉਨ੍ਹਾਂ ਵਰਕਰਾਂ ਨਾਲ ਰਾਬਤਾ ਕੀਤਾ, ਜਿਨ੍ਹਾਂ ਨੇ ਸ਼ੁਰੂਆਤੀ ਦੌਰ ਤੋਂ ਪਾਰਟੀ ਨੂੰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਮੀਟਿੰਗ ਦੌਰਾਨ ਡਾ. ਜਵੰਧਾ ਨੇ ਕਿਹਾ ਕਿ ਪਾਰਟੀ ਦੀ ਅਸਲੀ ਤਾਕਤ ਉਹ ਵਰਕਰ ਹਨ, ਜੋ ਬਿਨਾਂ ਕਿਸੇ ਲਾਲਚ ਦੇ ਲੰਮੇ ਸਮੇਂ ਤੋਂ ਲੋਕ ਮੁੱਦਿਆਂ ਲਈ ਲੜਦੇ ਆ ਰਹੇ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੁਰਾਣੇ ਸਾਥੀਆਂ ਦਾ ਤਜਰਬਾ ਤੇ ਨਵੇਂ ਵਰਕਰਾਂ ਦਾ ਜੋਸ਼ ਮਿਲ ਕੇ ਹੀ ਪਾਰਟੀ ਨੂੰ ਹੋਰ ਉਚਾਈਆਂ 'ਤੇ ਲੈ ਜਾ ਸਕਦਾ ਹੈ।ਇਸ ਮੌਕੇ ਜਥੇਬੰਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੇ ਭਵਿੱਖੀ ਯੋਜਨਾਵਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਡਾ. ਜਵੰਧਾ ਨੇ ਵਰਕਰਾਂ ਤੋਂ ਸੁਝਾਅ ਵੀ ਮੰਗੇ ਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਮਿਹਨਤੀ ਤੇ ਵਫ਼ਾਦਾਰ ਵਰਕਰਾਂ ਨੂੰ ਹਮੇਸ਼ਾ ਬਣਦਾ ਸਨਮਾਨ ਦਿੱਤਾ ਜਾਵੇਗਾ।ਮੀਟਿੰਗ ਵਿੱਚ ਸ਼ਾਮਲ ਆਗੂਆਂ ਨੇ ਡਾ. ਜਵੰਧਾ ਦੇ ਸਧਾਰਨ ਤੇ ਮਿਲਣਸਾਰ ਸੁਭਾਅ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿੱਧੇ ਸੰਪਰਕ ਨਾਲ ਪਾਰਟੀ ਅੰਦਰ ਏਕਤਾ ਤੇ ਭਰੋਸਾ ਹੋਰ ਮਜ਼ਬੂਤ ਹੁੰਦਾ ਹੈ।

## ਸਫਾ 1 ਦੇ ਬਾਕੀ...

### ਬੇਅਦਬੀ ਮਾਮਲੇ 'ਚ ...

ਆਦਮਪੁਰ ਅਤੇ ਕਰਤਾਰਪੁਰ ਵਿਖੇ ਇਕੱਠਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਕਾਲੀ ਖ਼ੁਦ ਬੇਅਦਬੀ ਵਿੱਚ ਸ਼ਾਮਲ ਸਨ, ਇਸ ਲਈ ਉਨ੍ਹਾਂ ਕੋਲ ਕਾਨੂੰਨ ਦਾ ਵਿਰੋਧ ਕਰਨ ਦਾ ਕੋਈ ਨੈਤਿਕ ਅਧਿਕਾਰ ਨਹੀਂ। ਉਨ੍ਹਾ ਕਿਹਾ ਕਿ ਪਹਿਲੀਆਂ ਸਰਕਾਰਾਂ ਵੀ ਕਾਨੂੰਨ ਨੂੰ ਮਜ਼ਬੂਤ ਕਰ ਸਕਦੀਆਂ ਸਨ, ਪਰ ਉਨ੍ਹਾਂ ਜਾਣ-ਬੁੱਝ ਕੇ ਅਜਿਹਾ ਨਹੀਂ ਕੀਤਾ। ਮੁੱਖ ਮੰਤਰੀ ਨੇ ਕਿਹਾ—ਲੋਕ ਅਕਾਲੀਆਂ ਨੂੰ ਇਹ ਮੰਨ ਕੇ ਵੋਟ ਪਾਉਂਦੇ ਰਹੇ ਕਿ ਉਹ ਬਾਬਾ ਨਾਨਕ ਦੇ ਆਦਰਸ਼ਾਂ ਦੀ ਨੁਮਾਇੰਦਗੀ ਕਰਦੇ ਹਨ, ਪਰ ਉਨ੍ਹਾਂ ਗੁਰੂਆਂ ਦੀਆਂ ਪਵਿੱਤਰ ਸਿੱਖਿਆਵਾਂ ਦਾ ਨਿਰਾਦਰ ਕੀਤਾ। ਅਕਾਲੀਆਂ ਨੂੰ ਛੱਡ ਕੇ ਪੂਰੀ ਸਿੱਖ ਸੰਗਤ ਇਸ ਬੇਅਦਬੀ ਵਿਰੋਧੀ ਕਾਨੂੰਨ ਦਾ ਸਵਾਗਤ ਕਰ ਰਹੀ ਹੈ।

ਯਾਤਰਾ ਦੌਰਾਨ ਲੋਕਾਂ ਵੱਲੋਂ ਦਿੱਤੇ ਗਏ ਅਥਾਹ ਪਿਆਰ ਅਤੇ ਸਨੇਹ ਲਈ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਭਾਗਸ਼ਾਲੀ ਸਮਝਦੇ ਹਨ ਕਿ ਪਰਮਾਤਮਾ ਨੇ ਉਨ੍ਹਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਜ਼ਿੰਮੇਵਾਰੀ ਬਖ਼ਸ਼ੀ ਹੈ।

ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਵੀ ਭਾਜਪਾ ਸੱਤਾ ਵਿੱਚ ਆਉਂਦੀ ਹੈ, ਉਹ ਗਰੀਬਾਂ ਅਤੇ ਆਮ ਲੋਕਾਂ ਲਈ ਬਣਾਈਆਂ ਭਲਾਈ ਯੋਜਨਾਵਾਂ ਨੂੰ ਬੰਦ ਕਰ ਦਿੰਦੀ ਹੈ। ਉਨ੍ਹਾ ਕਿਹਾ ਕਿ ਉਨ੍ਹਾ ਦਿੱਲੀ ਵਿੱਚ ਮੁਹੱਲਾ ਕਲੀਨਿਕ ਬੰਦ ਕਰ ਦਿੱਤੇ ਅਤੇ ਜੇ ਉਹ ਪੰਜਾਬ ਆਉਂਦੇ ਹਨ ਤਾਂ ਉਹ ਇੱਥੇ ਵੀ ਅਜਿਹਾ ਹੀ ਕਰਨਗੇ। ਇਹ ਪਾਰਟੀਆਂ ਲੋਕ-ਪੱਖੀ ਪਹਿਲਕਦਮੀਆਂ ਦੇ ਵਿਰੁੱਧ ਹਨ ਅਤੇ ਲੋਕ ਭਲਾਈ ਪ੍ਰਤੀ ਸੌੜੀ ਮਾਨਸਿਕਤਾ ਰੱਖਦੀਆਂ ਹਨ। ਉਨ੍ਹਾ ਐਲਾਨ ਕੀਤਾ ਕਿ ਸਖ਼ਤ ਬੇਅਦਬੀ ਵਿਰੋਧੀ ਕਾਨੂੰਨ ਬਣਾਉਣ ਤੋਂ ਬਾਅਦ ਪੰਜਾਬ ਸਰਕਾਰ ਹੁਣ ਨਸ਼ਿਆਂ ਦੇ ਖ਼ਤਰੇ ਵਿਰੁੱਧ ਹੋਰ ਵੀ ਸਖ਼ਤ ਕਾਨੂੰਨ ਲਿਆਏਗੀ। ਕਰਤਾਰਪੁਰ ਵਿਖੇ ਇਕ ਹੋਰ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਚੋਣਾਂ ਤੋਂ ਪਹਿਲਾਂ ਪੰਜਾਬ ਨੂੰ ਅਸਥਿਰਤਾ ਅਤੇ ਡਰ ਵਿੱਚ ਧੱਕਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਸ਼ਾਂਤੀ ਪਸੰਦ ਪੰਜਾਬੀ ਉਨ੍ਹਾਂ ਨੂੰ ਢੁਕਵਾਂ ਜਵਾਬ ਦੇਣਗੇ। ਉਹਨਾ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਦਾ ਲਾਭ ਉਠਾਉਣ ਦੀ ਅਪੀਲ ਵੀ ਕੀਤੀ, ਜੋ ਪੰਜਾਬ ਦੇ ਹਰੇਕ ਪਰਵਾਰ ਲਈ 10 ਲੱਖ ਰੁਪਏ ਤੱਕ ਦੀ ਨਕਦੀ ਰਹਿਤ ਇਲਾਜ ਪ੍ਰਦਾਨ ਕਰਦੀ ਹੈ। ਪੰਜਾਬ ਸਰਕਾਰ ਨੇ ਹਰ ਸ਼੍ਰੇਣੀਆਂ ਦੇ ਪਰਵਾਰਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੇ ਪਰਵਾਰਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਦੇਣ ਦੀ ਯੋਜਨਾ ਸ਼ੁਰੂ ਕੀਤੀ ਹੈ। ਇਹ ਰਕਮ ਕਿਸੇ ਨੂੰ ਅਮੀਰ ਤਾਂ ਨਹੀਂ ਬਣਾ ਸਕਦੀ, ਪਰ ਇਹ ਯਕੀਨੀ ਤੌਰ 'ਤੇ ਪਰਵਾਰਾਂ ਦੀ ਮਦਦ ਕਰੇਗੀ ਅਤੇ ਔਰਤਾਂ ਨੂੰ ਮਾਣ ਨਾਲ ਜਿਊਣ ਦਾ ਅਧਿਕਾਰ ਦੇਵੇਗੀ।

### ਭਾਜਪਾ ਦੀ ਮਾਨਸਿਕਤਾ ਪੰਜਾਬ ਵਿਰੋਧੀ : ਮਾਨ

**ਬਿਆਸ/ਤਰਸਿੱਕਾ (ਪਰਮਜੀਤ ਸਿੰਘ ਰੱਖੜਾ, ਤਰਸੇਮ ਸਿੰਘ ਸਾਧਪੁਰ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਚਾਰ ਰੋਜ਼ਾ ਸ਼ੁਕਰਾਨਾ ਯਾਤਰਾ ਦੂਜੇ ਦਿਨ ਵੀਰਵਾਰ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਪਹੁੰਚੀ। ਇਸ ਮੌਕੇ ਉਨ੍ਹਾ ਭਾਜਪਾ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਕ ਪਾਸੇ ਆਮ ਆਦਮੀ ਪਾਰਟੀ ਦੀ ਸਰਕਾਰ 'ਲੋਕ ਸੇਵਾ ਦੀ ਸਿਆਸਤ' ਕਰ ਰਹੀ ਹੈ ਅਤੇ ਦੂਜੇ ਪਾਸੇ ਭਾਜਪਾ 'ਪੰਜਾਬ ਵਿਰੋਧੀ ਸਿਆਸਤ' ਖੇਡ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਸਿਰਫ਼ ਚਾਰ ਸਾਲਾਂ ਦੇ ਅੰਦਰ ਮੁਫ਼ਤ ਬਿਜਲੀ, 65,000 ਸਰਕਾਰੀ ਨੌਕਰੀਆਂ, ਖੇਤਾਂ ਨੂੰ ਨਹਿਰੀ ਪਾਣੀ, 10 ਲੱਖ ਰੁਪਏ ਦੀ ਮੁੱਖ ਮੰਤਰੀ ਸਿਹਤ ਯੋਜਨਾ ਅਤੇ ਔਰਤਾਂ ਲਈ ਮਹੀਨਾਵਾਰ ਸਨਮਾਨ ਰਾਸ਼ੀ ਪ੍ਰਦਾਨ ਕੀਤੀ ਹੈ। ਦੂਜੇ ਪਾਸੇ ਕੇਂਦਰ ਵਿੱਚ ਬੈਠੀ ਭਾਜਪਾ ਵਾਰ-ਵਾਰ ਪੰਜਾਬ ਵਿਰੋਧੀ ਫੈਸਲੇ ਕੇ ਪੰਜਾਬੀਆਂ ਨਾਲ ਧੋਖਾ ਕਰ ਰਹੀ ਹੈ।ਉਨ੍ਹਾ ਕਿਸਾਨ ਅੰਦੋਲਨ ਦੌਰਾਨ ਪੰਜਾਬ ਦੇ 700 ਕਿਸਾਨਾਂ ਦੀਆਂ ਹੋਈਆਂ ਮੌਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਉਨ੍ਹਾਂ ਲੋਕਾਂ ਨੂੰ ਕਦੇ ਮੁਆਫ ਨਹੀਂ ਕਰੇਗਾ, ਜਿਨ੍ਹਾਂ ਅੰਨਦਾਤੇ ਦੀ ਆਵਾਜ਼ ਨੂੰ ਕੁਚਲਿਆ ਅਤੇ ਸੂਬੇ ਦੇ ਅਧਿਕਾਰਾਂ, ਵਸੀਲਿਆਂ ਅਤੇ ਪਛਾਣ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ।

ਰਈਆ ਅਤੇ ਹੋਰ ਥਾਵਾਂ 'ਤੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਪੰਜਾਬ ਵਿਰੋਧੀ ਮਾਨਸਿਕਤਾ ਦਾ ਕਈ ਵਾਰ ਪ੍ਰਗਟਾਵਾ ਹੋ ਚੁੱਕਾ ਹੈ। ਉਨ੍ਹਾ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ 700 ਕਿਸਾਨਾਂ ਦੀਆਂ ਮੌਤਾਂ ਹੋਈਆਂ, ਪੰਜਾਬ ਦੀਆਂ ਝਾਕੀਆਂ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਹੋਈਆਂ, ਬੀ ਬੀ ਐੱਮ ਬੀ ਰਾਹੀਂ ਪੰਜਾਬ ਦੇ ਪਾਣੀਆਂ ਨੂੰ ਧੱਕੇ ਨਾਲ ਹਰਿਆਣਾ ਨੂੰ ਦੇਣ ਦੀਆਂ ਕੋਸ਼ਿਸ਼ਾਂ, ਪੰਜਾਬ ਯੂਨੀਵਰਸਿਟੀ ਨੂੰ ਖੋਹਣ ਦੀ ਸਾਜ਼ਿਸ਼, ਚੰਡੀਗੜ੍ਹ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਅਤੇ ਆਮ ਆਦਮੀ ਕਲੀਨਿਕਾਂ ਨੂੰ ਬੰਦ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਮਾਨ ਨੇ ਕਿਹਾ ਕਿ ਭਾਜਪਾ ਨਫ਼ਰਤ ਅਤੇ ਫੁੱਟ-ਪਾਊ ਰਾਜਨੀਤੀ 'ਤੇ ਚਲਦੀ ਹੈ। ਉਨ੍ਹਾ ਕਿਹਾ ਕਿ ਅਕਾਲੀ ਦਲ ਅਤੇ ਭਾਜਪਾ ਇੱਕੋ ਸਿੱਕੇ ਦੇ ਦੋ ਪਾਸੇ ਹਨ। ਅਕਾਲੀ ਦਲ ਅਤੇ ਬਾਦਲ ਪਰਵਾਰ ਅੱਜ ਸਿਆਸੀ ਤੌਰ 'ਤੇ ਖੇਰੂੰ-ਖੇਰੂੰ ਹੋ ਚੁੱਕੇ ਹਨ, ਕਿਉਂਕਿ ਪ੍ਰਮਾਤਮਾ ਦੀ ਕਚਹਿਰੀ ਵਿੱਚ ਇਨਸਾਫ ਹੁੰਦਾ ਹੈ।ਧਾਰਮਿਕ ਸੰਸਥਾਵਾਂ ਦੇ ਕੰਮਕਾਜ 'ਤੇ ਸਵਾਲ ਉਠਾਉਂਦੇ ਹੋਏ ਮੁੱਖ ਮੰਤਰੀ ਨੇ ਦੱਸਿਆ ਕਿ ਪਿਛਲੇ 14 ਸਾਲਾਂ ਤੋਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ। ਉਨ੍ਹਾ ਪੁੱਛਿਆ ਕਿ ਲੰਮੇ ਸਮੇਂ ਤੋਂ ਚੋਣਾਂ ਨਾ ਹੋਣ ਕਾਰਨ ਅਜਿਹੇ ਅਦਾਰੇ ਸੰਵਿਧਾਨਕ ਸੰਸਥਾ ਹੋਣ ਦਾ ਦਾਅਵਾ ਕਿਵੇਂ ਜਾਰੀ ਰੱਖ ਸਕਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ 'ਤੇ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ—ਧਾਮੀ ਨੂੰ ਆਪਣੇ ਆਪ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਿਪਾਹੀ ਕਹਿਣਾ ਚਾਹੀਦਾ ਹੈ, ਪਰ ਉਹ ਆਪਣੇ ਆਪ ਨੂੰ ਸੁਖਬੀਰ ਬਾਦਲ ਦਾ ਸਿਪਾਹੀ ਦੱਸ ਰਹੇ ਹਨ। ਅੰਮ੍ਰਿਤਸਰ ਦੱਖਣੀ ਅਤੇ ਪੂਰਬੀ ਹਲਕਿਆਂ ਵਿੱਚ ਮੁੱਖ ਮੰਤਰੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਯਾਤਰਾ ਦਾ ਕੋਈ ਸਿਆਸੀ ਸੰਬੰਧ ਨਹੀਂ ਹੈ।

### ਬੰਗਾਲ 'ਚ ਤਣਾਅ...

ਹਨ, ਪੁਲਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਘਟਨਾ ਬੁੱਧਵਾਰ ਦੇਰ ਰਾਤ ਭਾਜਪਾ ਨੇਤਾ ਸ਼ੁਭੇਂਦੂ ਅਧਿਕਾਰੀ ਦੇ ਕਰੀਬੀ ਸਹਿਯੋਗੀ ਚੰਦਰਨਾਥ ਰਥ ਦੀ ਮੋਟਰਸਾਈਕਲ ਸਵਾਰ ਹਮਲਾਵਰਾਂ ਦੁਆਰਾ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਤੋਂ ਕੁਝ ਘੰਟਿਆਂ ਬਾਅਦ ਵਾਪਰੀ ਹੈ। ਬੰਬ ਧਮਾਕਾ ਪਾਨੀਹਾਟੀ ਵਿੱਚ ਸੇਂਟ ਜ਼ੇਵੀਅਰਜ਼ ਇੰਸਟੀਚਿਊਟ ਦੇ ਨੇੜੇ ਹੋਇਆ। ਪੁਲਸ ਨੇ ਦੱਸਿਆ ਕਿ ਅਣਪਛਾਤੇ ਹਮਲਾਵਰਾਂ ਨੇ ਭਾਜਪਾ ਵਰਕਰਾਂ ਦੇ ਇੱਕ ਸਮੂਹ 'ਤੇ ਦੇਸੀ ਬੰਬ ਸੁੱਟੇ, ਜਿਸ ਵਿੱਚ ਘੱਟੋ-ਘੱਟ ਪੰਜ ਲੋਕ ਜ਼ਖਮੀ ਹੋ ਗਏ। ਉਨ੍ਹਾਂ ਦੱਸਿਆ ਕਿ ਜ਼ਖਮੀਆਂ ਨੂੰ ਕੋਲਕਾਤਾ ਦੇ ਆਰ.ਜੀ. ਕਰ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਭਾਜਪਾ ਨੇ ਦੋਸ਼ ਲਾਇਆ ਕਿ ਹਮਲਾਵਰਾਂ ਨੂੰ ਤ੍ਰਿਣਮੂਲ ਕਾਂਗਰਸ ਦੀ ਹਮਾਇਤ ਹਾਸਲ ਹੈ ਜਿਸ ਦੋਸ਼ ਨੂੰ ਮਮਤਾ ਬੈਨਰਜੀ ਨੇ ਨਕਾਰ ਦਿੱਤਾ ਹੈ।

### 19 ਮਈ ਦੇ ਪ੍ਰਦਰਸ਼ਨ...

ਨਿਗੂਣੇ ਵਾਧੇ ਖਿਲਾਫ਼ ਅਤੇ ਪੰਜਾਬ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਇਕ ਹਜ਼ਾਰ ਵਰਕਰ ਵਹੀਰਾਂ ਘੱਤ ਕੇ ਸ਼ਾਮਲ ਹੋਣਗੇ। ਸੂਬਾ ਪ੍ਰਧਾਨ ਬਾਸਰਕੇ ਅਤੇ ਜਨਰਲ ਸਕੱਤਰ ਅਕਾਲਗੜ੍ਹ ਨੇ ਕਿਹਾ ਕਿ ਜੇਕਰ ਬਿਜਲੀ ਨਿਗਮ ਦੀ ਮੈਨੇਜਮੈਂਟ ਨੇ ਹੋਈਆਂ ਸਹਿਮਤੀਆਂ ਨੂੰ 15 ਮਈ ਤੱਕ ਲਾਗੂ ਨਾ ਕੀਤਾ ਤਾਂ 24 ਮਈ ਨੂੰ ਮੰਗਾਂ/ਮਸਲਿਆਂ ਦੇ ਹੱਲ ਲਈ ਮੁਲਾਜ਼ਮ ਅਤੇ ਪੈਨਸ਼ਨਰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਰੋਸ ਧਰਨਾ ਲਗਾਉਣ ਤੋਂ ਬਾਅਦ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਕਾਲੇ ਝੰਡਿਆਂ ਨਾਲ ਮੁਜ਼ਾਹਰਾ ਕਰਨ ਉਪਰੰਤ 16 ਅਤੇ 17 ਜੂਨ ਨੂੰ ਜਿੱਥੇ ਬਿਜਲੀ ਕਾਮੇ ਦੋ ਰੋਜ਼ਾ ਮੁਕੰਮਲ ਹੜਤਾਲ ਕਰਨਗੇ, ਉਥੇ ਪੈਨਸ਼ਨਰ ਵੀ ਲਟਕਦੀਆਂ ਮੰਗਾਂ ਦੇ ਹੱਲ ਲਈ ਅਤੇ ਰੋਕੇ ਮਹਿੰਗਾਈ ਭੱਤੇ ਦੀ ਪ੍ਰਾਪਤੀ ਵਾਸਤੇ ਆਪਣੇ-ਆਪ ਨੂੰ ਡਿਪਟੀ ਕਮਿਸ਼ਨਰ ਦਫਤਰਾਂ ਸਾਹਮਣੇ ਗ੍ਰਿਫ਼ਤਾਰੀਆਂ ਲਈ ਪੇਸ਼ ਕਰਨਗੇ। ਆਗੂਆਂ ਨੇ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਉਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨ ਲਵੇ, ਨਹੀਂ ਤਾਂ ਮੁਲਾਜ਼ਮਾਂ ਦੇ ਭਾਰੀ ਰੋਹ ਦਾ ਸਾਹਮਣਾ ਕਰਨਾ ਪਵੇਗਾ।ਇਸ ਮੀਟਿੰਗ ਵਿੱਚ ਸੂਬਾ ਕਮੇਟੀ ਆਗੂਆਂ ਦਵਿੰਦਰ ਸਿੰਘ ਰੋਪੜ, ਰਾਕੇਸ਼ ਸੈਣੀ ਫਿਰੋਜ਼ਪੁਰ, ਕੁਲਵਿੰਦਰ ਸਿੰਘ ਬਾਗੜੀਆਂ, ਸਾਹਿਬ ਸਿੰਘ ਧਾਲੀਵਾਲ, ਮੋਹਨ ਸਿੰਘ ਗਿੱਲ, ਜਸਵਿੰਦਰ ਸਿੰਘ, ਠਾਕਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਮਹਿਦੂਦਾਂ, ਲਖਵੀਰ ਸਿੰਘ, ਅਰੁਣ ਕੁਮਾਰ, ਮਨਿੰਦਰ ਸਿੰਘ ਆਦਿ ਨੇ ਹਿੱਸਾ ਲਿਆ।

### ਸੋਸ਼ਲ ਮੀਡੀਆ...

ਤਾਂ ਉਹ ਕਿਸੇ ਹੋਰ ਦੀ ਪਛਾਣ 'ਤੇ ਸਿਮ ਕਾਰਡ ਲੈਣ ਦੀ ਕੋਸ਼ਿਸ਼ ਕਰ ਰਿਹਾ ਸੀ, ਜੋ ਫੜੇ ਜਾਣ ਤੋਂ ਬਚਣ ਲਈ ਇੱਕ ਮਿਆਰੀ ਗੈਂਗ ਤਰੀਕਾ ਹੈ। ਚੰਡੀਗੜ੍ਹ ਦੇ ਡੀ ਜੀ ਪੀ ਡਾ. ਸਾਗਰ ਪ੍ਰੀਤ ਹੁੱਡਾ ਨੇ ਕਿਹਾ ਕਿ ਨਾਬਾਲਗ ਨੂੰ ਕਾਬੂ ਕਰਨਾ ਚੰਡੀਗੜ੍ਹ ਪੁਲਸ ਦੀ ਚੌਕਸੀ ਦਾ ਨਤੀਜਾ ਹੈ।

### ਕੈਨੇਡਾ 'ਚ 5 ਪੰਜਾਬੀ...

ਰਿਹਾਇਸ਼ ਵਿੱਚ ਕਥਿਤ ਤੌਰ 'ਤੇ ਗੋਲੀਬਾਰੀ ਕਰਨ ਅਤੇ ਇੱਕ ਰਾਈਡਸ਼ੇਅਰ ਵਾਹਨ ਵਿੱਚ ਭੱਜਣ ਦੀ ਕੋਸ਼ਿਸ਼ ਕਰਨ ਤੋਂ ਤੁਰੰਤ ਬਾਅਦ ਕਾਬੂ ਕਰ ਲਿਆ ਗਿਆ ਸੀ। ਬਿਆਨ ਵਿੱਚ ਲਿਖਿਆ ਹੈ ਕਿ ਤਿੰਨੋਂ ਵਿਅਕਤੀ ਹਥਿਆਰ ਚਲਾਉਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ। ਇਸ ਤੋਂ ਇਲਾਵਾ ਦੋ ਹੋਰ ਸ਼ੱਕੀ ਵਿਅਕਤੀਆਂ ਹਰਸ਼ਦੀਪ ਸਿੰਘ ਅਤੇ ਹੰਸਪ੍ਰੀਤ ਸਿੰਘ 'ਤੇ ਜਨਵਰੀ ਦੇ ਅਖੀਰ ਵਿੱਚ 129 ਸਟਰੀਟ ਦੇ ਨੇੜੇ ਗੋਲੀਆਂ ਚੱਲਣ ਤੇ ਇੱਕ ਲੋਡਿਡ ਹੈਂਡਗਨ ਬਰਾਮਦ ਕਰਨ ਤੋਂ ਬਾਅਦ ਦੋਸ਼ ਲਗਾਏ ਗਏ ਸਨ। ਸਰੀ ਪੁਲਸ ਇਹਨਾਂ ਵਿਦੇਸ਼ੀ ਨਾਗਰਿਕਾਂ ਦੀ ਜਾਂਚ ਜਾਰੀ ਰੱਖਣ ਲਈ ਸੰਘੀ ਇਮੀਗ੍ਰੇਸ਼ਨ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਹੀ ਹੈ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ 9 ਮਈ ਸ਼ਨੀਵਾਰ ਨੂੰ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਸਵੇਰੇ 10:00 ਵਜੇ ਹੋਵੇਗੀ।ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਟਕਸਾਲੀ ਟ੍ਰੇਡ ਯੂਨੀਅਨ ਆਗੂ ਕਰਮਜੀਤ ਸ਼ਰਮਾ ਕਰਨਗੇ।ਸਟੇਜ ਸੰਚਾਲਨ ਦੀ ਕਾਰਵਾਈ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਕਰਨਗੇ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਸੇਵਾ ਮੁਕਤ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਭਾਗ ਲੈਣਗੇ।ਇਹ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਰਕਾਰ ਵੱਲੋਂ ਪੈਨਸ਼ਨਰਾਂ/ਫੈਮਲੀ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਰੋਕਣ ਤੇ ਡੀ.ਏ. ਦੇ ਬਕਾਏ ਦੀ ਅਦਾਇਗੀ ਨਾ ਕਰਨ ਸਬੰਧੀ ਮੁੱਖ ਰੂਪ ਵਿੱਚ ਵਿਚਾਰ ਚਰਚਾ ਕੀਤੀ ਜਾਵੇਗੀ।ਇਸ ਤੋਂ ਇਲਾਵਾ ਸੇਵਾ ਮੁਕਤ ਕਰਮਚਾਰੀਆਂ ਦੀਆਂ ਅਹਿਮ ਮੰਗਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਪ੍ਰਧਾਨ ਕਰਮਜੀਤ ਸ਼ਰਮਾ ਨੇ ਸਮੂਹ ਸੇਵਾ ਮੁਕਤ ਕਰਮਚਾਰੀਆਂ ਤੇ ਫੈਮਲੀ ਪੈਨਸ਼ਨਰਾਂ ਨੂੰ ਉਕਤ ਮੀਟਿੰਗ ਵਿੱਚ ਸਮੇਂ-ਸਿਰ ਪਹੁੰਚਣ ਦੀ ਅਪੀਲ ਕੀਤੀ।

## ਮੁਫ਼ਤ ਫਾਇਬ੍ਰੋ ਸਕੈਨ ਜਾਂਚ ਕੈਂਪ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਤੇ ਫਿਰੋਜ਼ਪੁਰ ਫਾਊਂਡੇਸ਼ਨ ਦੇ ਸਹਿਯੋਗ ਨਾਲ 9 ਮਈ ਸ਼ਨੀਵਾਰ ਨੂੰ ਮੁਫ਼ਤ ਫਾਇਬ੍ਰੋ ਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਮੋਗਾ ਰੋਡ ਫਿਰੋਜ਼ਪੁਰ ਸਥਿਤ ਹਸਪਤਾਲ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਾਇਆ ਜਾਵੇਗਾ। ਕੈਂਪ ਦੌਰਾਨ ਗੈਸਟਰੋਐਂਟਰੋਲੋਜੀ ਤੇ ਹੈਪੇਟੋਲੋਜੀ ਵਿਭਾਗ ਦੇ ਮਾਹਰ ਡਾ. ਨਦੀਮ ਅਹਿਮਦ ਮਰੀਜ਼ਾਂ ਦੀ ਜਾਂਚ ਕਰਨਗੇ। ਉਹ ਲਿਵਰ ਤੇ ਪੇਟ ਨਾਲ ਸੰਬੰਧਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਜ਼ਰੂਰੀ ਸਿਹਤ ਜਾਣਕਾਰੀ ਪ੍ਰਦਾਨ ਕਰਨਗੇ। ਹਸਪਤਾਲ ਪ੍ਰਬੰਧਕਾਂ ਦੇ ਅਨੁਸਾਰ ਆਮ ਤੌਰ 'ਤੇ ਕਰੀਬ 4000 ਰੁਪਏ ਦੀ ਲਾਗਤ ਵਾਲਾ ਫਾਇਬ੍ਰੋ ਸਕੈਨ ਟੈਸਟ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾਵੇਗਾ।

## ਅਕਾਲੀ ਦਲ ਨੇ ਵਾਰਡ ਨੰ. 3 ਤੋਂ ਗੁਰਪ੍ਰੀਤ ਕੌਰ ਨੂੰ ਐਲਾਨਿਆ ਉਮੀਦਵਾਰ



**ਜਗਰਾਓਂ (ਅਮਿਤ ਖੰਨਾ)**-ਵਿਧਾਨ ਸਭਾ ਹਲਕਾ ਜਗਰਾਓਂ ਦੇ ਵਾਰਡ ਨੰ. 3 ਵਿੱਚ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਹੋਏ ਜੋਸ਼ ਤੇ ਉਤਸ਼ਾਹ ਭਰੇ ਇਕੱਠ ਨੇ ਇਲਾਕੇ ਵਿੱਚ ਬਦਲਾਅ ਦੀ ਲਹਿਰ ਨੂੰ ਹੋਰ ਮਜ਼ਬੂਤੀ ਦਿੱਤੀ।ਇਸ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਆਪਣਾ ਸਮਰਥਨ ਪ੍ਰਗਟਾਇਆ।ਇਸ ਮੌਕੇ ਨੌਜਵਾਨ ਤੇ ਇਮਾਨਦਾਰ ਸੋਚ ਦੇ ਮਾਲਕ ਸ਼੍ਰੋਮਣੀ ਅਕਾਲੀ ਦਲ ਜਗਰਾਓਂ ਸ਼ਹਿਰ ਦੇ ਸਰਕਲ ਪ੍ਰਧਾਨ ਸ੍ਰ. ਚਰਨਜੀਤ ਸਿੰਘ ਚੀਨੂ ਦੀ ਧਰਮਪਤਨੀ ਬੀਬੀ ਗੁਰਪ੍ਰੀਤ ਕੌਰ ਨੂੰ ਹਲਕਾ ਇੰਚਾਰਜ ਐੱਸ ਆਰ ਕਲੇਰ ਨੇ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਤੋਂ ਵਾਰਡ ਨੰਬਰ 3 ਦੇ ਉਮੀਦਵਾਰ ਘੋਸ਼ਿਤ ਕੀਤਾ ਗਿਆ।ਉਮੀਦਵਾਰ ਦੇ ਐਲਾਨ ਮੌਕੇ ਲੋਕਾਂ ਵੱਲੋਂ ਭਰਪੂਰ ਜੋਸ਼ ਤੇ ਪਿਆਰ ਦਾ ਪ੍ਰਗਟਾਵਾ ਕੀਤਾ ਗਿਆ।ਬੀਬੀ ਗੁਰਪ੍ਰੀਤ ਕੌਰ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਵਾਰਡ ਦੇ ਸਰਵਪੱਖੀ ਵਿਕਾਸ, ਸਾਫ-ਸੁਥਰੀ ਪ੍ਰਸ਼ਾਸਨਕ ਪ੍ਰਣਾਲੀ ਤੇ ਲੋਕ-ਹਿਤ ਕਾਰਜਾਂ ਨੂੰ ਪਹਿਲ ਦੇਣਗੇ ਤੇ ਹਰ ਵਾਅਦਾ ਪੂਰੀ ਇਮਾਨਦਾਰੀ ਨਾਲ ਨਿਭਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਨਵੇਂ ਚਿਹਰੇ, ਨਵੀਂ ਸੋਚ ਤੇ ਨਵੀਂ ਊਰਜਾ ਨਾਲ ਵਾਰਡ ਨੰਬਰ 3 ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ ਤੱਕ ਲੈ ਕੇ ਜਾਣ ਲਈ ਲੋਕਾਂ ਦੇ ਸਹਿਯੋਗ ਨਾਲ ਲਗਾਤਾਰ ਕੰਮ ਕੀਤਾ ਜਾਵੇਗਾ।ਇਸ ਮੌਕੇ ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲਾ, ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਓਂ ਦਵਿੰਦਰਜੀਤ ਸਿੰਘ ਸਿੱਧੂ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੋਬੀ, ਗੁਰਦੀਪ ਸਿੰਘ ਦੂਆ, ਯੂਥ ਆਗੂ ਗਗਨਦੀਪ ਸਿੰਘ ਸਰਨਾ ਆਦਿ ਹਾਜ਼ਰ ਸਨ।

## ਭਾਈ ਗੁਰਦਾਸ ਕਾਲਜ ਵਿਖੇ ਅੰਤਰਰਾਸ਼ਟਰੀ ਕਾਨਫਰੰਸ



**ਭਵਾਨੀਗੜ੍ਹ (ਰਾਜ ਖੁਰਮੀ)**-ਮਾਲਵਾ ਖੇਤਰ ਦੀ ਪ੍ਰਮੁੱਖ ਸਿੱਖਿਆ ਸੰਸਥਾ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਇੰਜੀਨੀਅਰਿੰਗ ਕਾਲਜ ਵੱਲੋਂ ਸਸਟੇਨੇਬਲ ਏ ਆਈ ਸਿਸਟਮਜ਼ ਵਿਸ਼ੇ 'ਤੇ ਇੱਕ ਆਨਲਾਈਨ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਇਸ ਦਾ ਉਦਘਾਟਨ ਸਮਾਰੋਹ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ, ਵਾਈਸ ਚਾਂਸਲਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਤੇ ਪ੍ਰੋ. (ਡਾ.) ਮਨੀ ਕਾਂਤ ਪਸਵਾਨ ਡਾਇਰੈਕਟਰ ਐੱਸ ਐੱਲ ਆਈ ਈ ਟੀ, ਲੌਂਗੋਵਾਲ ਵੱਲੋਂ ਮੁੱਖ ਮਹਿਮਾਨਾਂ ਦੇ ਤੌਰ 'ਤੇ ਕੀਤਾ ਗਿਆ।ਕਾਨਫਰੰਸ ਦੇ ਚੀਫ ਪੈਟਰੋਨ ਡਾ. ਗੁਨਿੰਦਰਜੀਤ ਸਿੰਘ ਜਵੰਧਾ (ਚੇਅਰਮੈਨ, ਭਾਈ ਗੁਰਦਾਸ ਗਰੁੱਪ), ਮੈਡਮ ਬਲਜਿੰਦਰ ਕੌਰ ਜਵੰਧਾ (ਸੈਕਟਰੀ) ਤੇ ਕਾਨਫਰੰਸ ਦੀ ਪੈਟਰੋਨ ਤੇ ਕੋਆਰਡੀਨੇਟਰ ਡਾ. ਤਨੁਜਾ ਵਾਸਤਵਾ (ਕੈਂਪਸ ਡਾਇਰੈਕਟਰ) ਵੀ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਰਹੇ।ਕਾਨਫਰੰਸ ਦਾ ਉਦਘਾਟਨ ਦੀਵੇ ਦੀ ਜੋਤ ਜਗਾ ਕੇ ਕੀਤਾ ਗਿਆ ਤੇ ਕਾਨਫਰੰਸ ਦੀ ਪ੍ਰੋਸੀਡਿੰਗਜ਼ ਵੀ ਜਾਰੀ ਕੀਤੀਆਂ ਗਈਆਂ।ਆਪਣੇ ਉਦਘਾਟਨੀ ਸੰਬੋਧਨ ਵਿੱਚ ਡਾ. ਤਨੁਜਾ ਸ਼੍ਰੀਵਾਸਤਵਾ ਨੇ ਭਾਈ ਗੁਰਦਾਸ ਗਰੁੱਪ ਵੱਲੋਂ ਦਿੱਤੀ ਜਾ ਰਹੀ ਉੱਚ ਮਿਆਰੀ ਸਿੱਖਿਆ 'ਤੇ ਰੌਸ਼ਨੀ ਪਾਈ।ਉਨ੍ਹਾਂ ਕਿਹਾ ਕਿ ਸੰਸਥਾ ਉੱਚ ਗੁਣਵੱਤਾ ਵਾਲੀ ਰਿਸਰਚ-ਆਧਾਰਤ ਸਿੱਖਿਆ ਲਈ ਵਚਨਬੱਧ ਹੈ ਤੇ ਇਸ ਕਾਨਫਰੰਸ ਲਈ ਚੁਣੇ ਗਏ ਰਿਸਰਚ ਪੇਪਰ ਸਕੋਪਸ ਜਰਨਲਾਂ ਵਿੱਚ ਪ੍ਰਕਾਸ਼ਤ ਕੀਤੇ ਜਾਣਗੇ।ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਤੇ ਪ੍ਰੋ. (ਡਾ.) ਮਨੀ ਕਾਂਤ ਪਸਵਾਨ ਨੇ ਆਪਣੇ ਸੰਬੋਧਨਾਂ ਵਿੱਚ ਭਾਈ ਗੁਰਦਾਸ ਗਰੁੱਪ ਵੱਲੋਂ ਕਰਵਾਈ ਗਈ।ਇਸ ਮੌਕੇ ਡਾ. ਗੁਨਿੰਦਰਜੀਤ ਸਿੰਘ ਜਵੰਧਾ ਨੇ ਕਿਹਾ ਕਿ ਸਾਡਾ ਮੁੱਖ ਉਦੇਸ਼ ਉੱਚ ਗੁਣਵੱਤਾ ਵਾਲੀ ਸਿੱਖਿਆ ਤੇ ਰਿਸਰਚ ਨੂੰ ਪ੍ਰੋਤਸਾਹਤ ਕਰਨਾ ਹੈ ਅਤੇ ਇਹ ਕਾਨਫਰੰਸ ਵੀ ਉਨ੍ਹਾਂ ਕੋਸ਼ਿਸ਼ਾਂ ਦਾ ਹੀ ਹਿੱਸਾ ਹੈ।ਉਨ੍ਹਾਂ ਕਿਹਾ ਕਿ ਇਸ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਦੇਸ਼ੀ ਤੇ ਵਿਦੇਸ਼ੀ ਵਿਦਵਾਨਾਂ ਵੱਲੋਂ ਰਿਸਰਚ ਪੇਪਰ ਪੇਸ਼ ਕਰਨਾ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਉਨ੍ਹਾਂ ਆਯੋਜਕਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਫਲ ਯਤਨਾਂ ਦੀ ਪ੍ਰਸੰਸਾ ਕੀਤੀ।ਇਸ ਮੌਕੇ ਮੈਡਮ ਬਲਜਿੰਦਰ ਕੌਰ ਜਵੰਧਾ ਤੇ ਡਾ. ਸੁਵਰੀਤ ਕੌਰ ਜਵੰਧਾ (ਐੱਮ. ਡੀ., ਭਾਈ ਗੁਰਦਾਸ ਗਰੁੱਪ) ਨੇ ਵੀ ਆਯੋਜਕਾਂ ਤੇ ਡੈਲੀਗੇਟਾਂ ਨੂੰ ਵਧਾਈ ਦਿੱਤੀ।

## ਖੁੱਡੀਆਂ ਵੱਲੋਂ ਗੋਲਡ ਮੈਡਲਿਸਟ ਕਬੱਡੀ ਖਿਡਾਰਨ ਸਿਮਰਨ ਦਾ ਸਨਮਾਨ



**ਲੰਬੀ/ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਓਮ ਪ੍ਰਕਾਸ਼ ਸੇਖੂ)**-ਚੀਨ ਵਿਖੇ ਏਸ਼ੀਅਨ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਬੱਡੀ ਵਿੱਚ ਸੋਨੇ ਦਾ ਤਮਗ਼ਾ ਜਿੱਤ ਕੇ ਲਿਆਉਣ ਵਾਲੀ ਕਬੱਡੀ ਖਿਡਾਰਨ ਸਿਮਰਨ ਕੰਬੋਜ ਨੂੰ ਯਾਦਗਾਰੀ ਚਿੰਨ ਤੇ ਆਪਣੀ ਨੇਕ ਕਮਾਈ ਵਿੱਚੋਂ 51,000 ਰੁਪਏ ਨਕਦ ਦੇ ਕੇ ਸ੍ਰ. ਗੁਰਮੀਤ ਸਿੰਘ ਖੁੱਡੀਆ ਖੇਤੀਬਾੜੀ ਮੰਤਰੀ ਪੰਜਾਬ ਨੇ ਪਿੰਡ ਪੰਜਾਵਾ ਪਹੁੰਚ ਕੇ ਹੌਸਲਾ ਅਫ਼ਜ਼ਾਈ ਕੀਤੀ।ਕਬੱਡੀ ਖਿਡਾਰਨ ਤੇ ਉਸ ਦੇ ਪਿਤਾ ਸੁਖਪਾਲ ਚੰਦ ਕੰਬੋਜ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਇਲਾਕੇ ਦੀ ਸ਼ਾਨ ਇਸ ਖਿਡਾਰਨ ਧੀ ਨੂੰ ਉਨ੍ਹਾਂ ਨਾਲ ਮਿਲਾਉਣਗੇ ਤੇ ਪੰਜਾਬ ਸਰਕਾਰ ਵਿੱਚ ਨੌਕਰੀ ਦੀ ਸਿਫ਼ਾਰਸ਼ ਵੀ ਕਰਨਗੇ।ਇਸ ਮੌਕੇ ਖਿਡਾਰਨ ਸਿਮਰਨ ਕੰਬੋਜ ਨੇ ਦੱਸਿਆ ਕਿ ਉਹ ਪਹਿਲਾਂ ਵੀ 25 ਤੋਂ ਵੱਧ ਨੈਸ਼ਨਲ ਮੁਕਾਬਲਿਆਂ ਵਿੱਚ ਭਾਗ ਲੈ ਚੁੱਕੀ ਹੈ ਤੇ ਕਈ ਵਾਰ ਤਮਗੇ ਜਿੱਤ ਚੁੱਕੀ ਹੈ।ਉਸ ਦੀ ਇਸ ਲਗਾਤਾਰ ਮਿਹਨਤ ਤੇ ਵਧੀਆ ਪ੍ਰਦਰਸ਼ਨ ਕਰਕੇ ਹੁਣ ਉਹ ਜਪਾਨ ਵਿੱਚ ਹੋਣ ਵਾਲੀਆਂ ਏਸ਼ੀਅਨ ਖੇਡਾਂ ਲਈ ਕੈਂਪ ਵਿੱਚ ਵੀ ਚੁਣੀ ਗਈ ਹੈ।ਇਸ ਮੌਕੇ ਹਰਮਨ ਕੰਬੋਜ, ਗੁਰਬਾਜ ਸਿੰਘ ਵਣਵਾਲਾ, ਨਿਰਜੀਤ ਸਿੰਘ ਸਰਪੰਚ ਤੱਪਾਖੇੜਾ, ਰਮੇਸ਼ ਕੁਮਾਰ ਸਰਪੰਚ ਪੰਜਾਵਾ ਤੇ ਪਿੰਡ ਵਾਸੀ ਹਾਜ਼ਰ ਸਨ।

## ਸ਼੍ਰੋਅਦ ਦੀ ਸੰਗਰੂਰ ਰੈਲੀ ਅਗਾਮੀ ਵਿਧਾਨ ਸਭਾ ਚੋਣਾਂ ਦਾ ਅ.ਗਾਜ਼ ਕਰੇਗੀ : ਰਾਮਪੁਰਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ 15 ਮਈ ਨੂੰ ਗੁਰਦੁਆਰਾ ਨਾਨਕੀਆਣਾ ਸਾਹਿਬ ਸੰਗਰੂਰ ਵਿਖੇ ਕੀਤੀ ਜਾ ਰਹੀ ਲੋਕ ਸਭਾ ਹਲਕਾ ਪੱਧਰੀ 'ਮਹਾਂ ਰੈਲੀ' ਦੀਆਂ ਤਿਆਰੀਆਂ ਨੂੰ ਲੈ ਕੇ ਗੁਰਦੁਆਰਾ ਨਾਨਕਸਰ ਸਾਹਿਬ ਧੂਰੀ ਵਿਖੇ ਹਲਕਾ ਧੂਰੀ ਦੇ ਵਰਕਰਾਂ ਤੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਰੈਲੀ ਦੀ ਸਫਲਤਾ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਨੈਬ ਸਿੰਘ ਰਾਮਪੁਰਾ, ਜਥੇਦਾਰ ਬਹਾਦਰ ਸਿੰਘ ਭਸੌੜ, ਨਰਿੰਦਰ ਸਿੰਘ ਕਾਲਾਬੂਲਾ ਤੇ ਅਮਰਜੀਤ ਸਿੰਘ ਬਾਦਸ਼ਾਹਪੁਰ ਨੇ ਸਾਂਝੇ ਤੌਰ 'ਤੇ ਕਿਹਾ ਕਿ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਹਮੇਸ਼ਾ ਹੀ ਪੰਥ, ਪੰਜਾਬ, ਪੰਜਾਬੀਅਤ ਤੇ ਕਿਸਾਨੀ ਦੀ ਹੋਂਦ ਨੂੰ ਬਚਾਉਣ ਲਈ ਮੈਦਾਨ ਵਿੱਚ ਡਟੇ ਹੋਏ ਹਨ।ਉਨ੍ਹਾਂ ਕਿਹਾ ਕਿ 15 ਮਈ ਦੀ ਇਹ ਰੈਲੀ ਸਿਰਫ਼ ਇੱਕ ਇਕੱਠ ਨਹੀਂ ਹੋਵੇਗੀ, ਸਗੋਂ ਇਹ ਅਗਾਮੀ ਵਿਧਾਨ ਸਭਾ ਚੋਣਾਂ ਦਾ ਬਿਗੁਲ ਵਜਾਏਗੀ ਤੇ ਪੰਜਾਬ ਦੀ ਸਿਆਸਤ ਵਿੱਚ ਨਵਾਂ ਮੋੜ ਲਿਆਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਰੱਤੋਕੇ, ਮੁਲਾਜ਼ਮ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਰਚਰਨ ਸਿੰਘ ਭਸੌੜ, ਸਾਧੂ ਸਿੰਘ ਪੇਧਨੀ, ਗੁਲਾਬ ਸਿੰਘ ਜੱਖਲਾਂ, ਜਸਪਾਲ ਸਿੰਘ ਬਮਾਲ, ਸੁਖਵਿੰਦਰ ਸਿੰਘ ਬੱਲਮਗੜ੍ਹ, ਹਰਬੰਸ ਸਿੰਘ ਬਾਦਸ਼ਾਹਪੁਰ, ਬਿੱਕਰ ਸਿੰਘ ਦੋਹਲਾ, ਪ੍ਰਿਤਪਾਲ ਸਿੰਘ, ਗੁਰਜਿੰਦਰ ਸਿੰਘ ਘਨੌਰੀ ਤੇ ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ
ਸ਼ੁੱਕਰਵਾਰ, 8 ਮਈ 2026

# ਪ੍ਰਗਟਾਵੇ ਦੀ ਆਜ਼ਾਦੀ ’ਤੇ ਲਗਾਮ

ਭਾਰਤ ਵਿੱਚ ਇੱਕ ਸਟੈਂਡ-ਅੱਪ ਕਾਮੇਡੀਅਨ ਨੇ ਮਾਰਚ ਵਿੱਚ ਇੱਕ ਆਮ ਇੰਸਟਾਗ੍ਰਾਮ ਰੀਲ ਪੋਸਟ ਕੀਤੀ, ਜੋ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਦੇਸ਼ੀ ਦੌਰਿਆਂ ਦੌਰਾਨ ਵਿਦੇਸ਼ੀ ਨੇਤਾਵਾਂ ਨਾਲ ਵਿਵਹਾਰ—ਜੱਫੀ ਪਾਉਣਾ, ਬੋਲਣ ਵਿੱਚ ਗੜਬੜਾਉਣਾ, ਬੇਲੋੜਾ ਹੱਸਣਾ—ਦੀ ਪੈਰੋਡੀ ਸੀ। ਕੁਝ ਹਫਤਿਆਂ ਬਾਅਦ ਵੀਡੀਓ ਨੂੰ ਲੱਖਾਂ ਵਿਊਜ਼ ਮਿਲਣ ਤੋਂ ਬਾਅਦ, ਇਸ ਨੂੰ ਇੰਸਟਾਗ੍ਰਾਮ ’ਤੇ ਬਲਾਕ ਕਰ ਦਿੱਤਾ ਗਿਆ। ਉਸੇ ਦਿਨ ਭਾਰਤ ਸਰਕਾਰ ਦੇ ਦਬਾਅ ਹੇਠ ਐੱਕਸ ’ਤੇ ਕਈ ਮਸ਼ਹੂਰ ਖਾਤਿਆਂ ਨੂੰ ਉਨ੍ਹਾਂ ਦੇ ਮੀਮਜ਼ ਅਤੇ ਸਿਆਸੀ ਵਿਅੰਗ ਲਈ ਬਲਾਕ ਕਰ ਦਿੱਤਾ ਗਿਆ ਸੀ, ਜਿਨ੍ਹਾਂ ਨੇ ਅਮਰੀਕਾ-ਈਰਾਨ ਯੁੱਧ ਕਾਰਨ ਪੈਦਾ ਹੋਏ ਰਸੋਈ ਗੈਸ ਸੰਕਟ ਨਾਲ ਸਰਕਾਰ ਦੇ ਨਜਿੱਠਣ ਦੇ ਢੰਗ ਦੀ ਆਲੋਚਨਾ ਕੀਤੀ ਸੀ ਜਾਂ ਮੋਦੀ ਦਾ ਮਜ਼ਾਕ ਉਡਾਇਆ ਸੀ। ਇੰਜ ਲਗਦਾ ਹੈ ਕਿ ਵਿਅੰਗ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਵਿੱਚ ਲੋਕ-ਚਰਚਾ ਨੂੰ ਯੋਜਨਾਬੱਧ ਢੰਗ ਨਾਲ ਦਬਾਉਣ ’ਚ ਮੋਦੀ ਸਰਕਾਰ ਦਾ ਮੁੱਖ ਨਿਸ਼ਾਨਾ ਬਣ ਗਿਆ ਹੈ।

2014 ਵਿੱਚ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਤੋਂ ਹੀ ਸਰਕਾਰ ਨੇ ਨਾਗਰਿਕ ਆਜ਼ਾਦੀਆਂ ਨੂੰ ਖਤਮ ਕਰ ਦਿੱਤਾ ਹੈ ਅਤੇ ਸਮਾਜ ਦੇ ਸਾਰੇ ਪੱਧਰਾਂ ’ਤੇ ਆਪਣੀ ਪਕੜ ਮਜ਼ਬੂਤ ਕੀਤੀ ਹੈ, ਜਿਸ ਵਿੱਚ ਰਵਾਇਤੀ ਮੀਡੀਆ ਵੀ ਸ਼ਾਮਲ ਹੈ, ਜਿਸ ਦਾ ਸਰਕਾਰੀ ਜਵਾਬਦੇਹੀ ਦੀ ਮੰਗ ਕਰਨ ਦਾ ਇਤਿਹਾਸ ਰਿਹਾ ਹੈ। ਹੁਣ, ਇਹ ਡਿਜੀਟਲ ਕਾਮਨਜ਼ ’ਤੇ ਸ਼ਿਕੰਜਾ ਕੱਸ ਰਹੀ ਹੈ। ਇਸ ਲਈ ਕਾਨੂੰਨੀ ਕਾਰਵਾਈ ਦੀ ਧਮਕੀ ਦਾ ਹਥਿਆਰੀਕਰਨ ਕੀਤਾ ਜਾ ਰਿਹਾ ਹੈ ਤਾਂ ਕਿ ਵੱਡੀਆਂ ਟੈੱਕ ਕੰਪਨੀਆਂ, ਜੋ ਭਾਰਤ ਦੇ ਵਿਸ਼ਾਲ ਉਪਯੋਗਕਰਤਾ ਵਰਗ ਤੱਕ ਆਪਣੀ ਪਹੁੰਚ ਬਣਾਈ ਰੱਖਣਾ ਚਾਹੁੰਦੀਆਂ ਹਨ, ਉਸ ਦੇ ਹੁਕਮਾਂ ਦੀ ਤਾਮੀਲ ਯਕੀਨੀ ਕਰਨ। ਐੱਕਸ, ਇੰਸਟਾਗ੍ਰਾਮ ਅਤੇ ਫੇਸਬੁੱਕ ਵਰਗੇ ਪਲੇਟਫਾਰਮਾਂ ਦੀ ਵਿਸ਼ਵਵਿਆਪੀ ਪਹੁੰਚ ਭਾਰਤ ਵਿੱਚ ਜੋ ਕੁਝ ਹੋ ਰਿਹਾ ਹੈ, ਉਸ ਨੂੰ ਇੱਕ ਵਿਸ਼ਵਵਿਆਪੀ ਚਿੰਤਾ ਦਾ ਵਿਸ਼ਾ ਬਣਾਉਂਦੀ ਹੈ। ਮੋਦੀ ਸਰਕਾਰ ਆਨਲਾਈਨ ਪ੍ਰਗਟਾਵੇ ਨੂੰ ਰੋਕਣ ਦੀ ਕੋਸ਼ਿਸ਼ ਕਰ ਰਹੇ ਦੂਜੇ ਦੇਸ਼ਾਂ ਲਈ ਇੱਕ ਸੰਭਾਵੀ ਨਮੂਨਾ ਪੇਸ਼ ਕਰ ਰਹੀ ਹੈ। ਭਾਰਤ ਸਰਕਾਰ ਦਾ ਮੁੱਖ ਹਥਿਆਰ ਸੂਚਨਾ ਤਕਨਾਲੋਜੀ ਐਕਟ ਹੈ। 2000 ਵਿੱਚ ਬਣਿਆ ਇਹ ਕਾਨੂੰਨ ਅਧਿਕਾਰੀਆਂ ਨੂੰ ਭਾਰਤੀ ਪ੍ਰਭੂਸੱਤਾ, ਸੁਰੱਖਿਆ, ਕਾਨੂੰਨ ਅਤੇ ਵਿਵਸਥਾ ਜਾਂ ਵਿਦੇਸ਼ੀ ਸੰਬੰਧਾਂ ਨੂੰ ਖਤਰਾ ਬਣਾਉਣ ਵਾਲੀ ਆਨਲਾਈਨ ਸਮੱਗਰੀ ਨੂੰ ਹਟਾਉਣ ਦਾ ਅਧਿਕਾਰ ਦਿੰਦਾ ਹੈ। ਕੁਝ ਸਾਲਾਂ ਤੋਂ ਹੁਕਮਰਾਨਾਂ ਵੱਲੋਂ ਇਸ ਦੀ ਵਰਤੋਂ ਅਜਿਹੀ ਸਮੱਗਰੀ ਨੂੰ ਹਟਾਉਣ ਲਈ ਕੀਤੀ ਜਾਂਦੀ ਰਹੀ ਹੈ, ਜੋ ਅਲੋਚਨਾਤਮਕ ਹੁੰਦੀ ਹੈ। ਮੋਦੀ ਸਰਕਾਰ ਨੇ ਕਈ ਸੋਧਾਂ ਰਾਹੀਂ ਐਕਟ ਨੂੰ ਹੋਰ ਸਖਤ ਕੀਤਾ ਹੈ ਅਤੇ ਇਸ ਦੀ ਵਰਤੋਂ ਤੇਜ਼ੀ ਨਾਲ ਵਧੀ ਹੈ।

ਮੋਦੀ ਸਰਕਾਰ ਨੇ ਹੁਣ ਹੋਰ ਨਵੀਆਂ ਸੋਧਾਂ ਪ੍ਰਸਤਾਵਤ ਕੀਤੀਆਂ ਹਨ ਜਿਨ੍ਹਾਂ ਦਾ ਨਿਸ਼ਾਨਾ ਉਨ੍ਹਾਂ ਆਮ ਇੰਟਰਨੈੱਟ ਉਪਭੋਗਤਾਵਾਂ ਨੂੰ ਨਿਸ਼ਾਨਾ ਬਣਾਉਣਾ ਹੈ, ਜਿਹੜੇ ਖਬਰਾਂ ਅਤੇ ਚਲੰਤ ਮਾਮਲਿਆਂ ਨਾਲ ਸੰਬੰਧਤ ਸਮੱਗਰੀ ਪੋਸਟ ਜਾਂ ਸਾਂਝੀ ਕਰਦੇ ਹਨ। ਇਸ ਦਾ ਮਤਲਬ ਹੈ ਕਿ ਇੱਕ ਸੁਤੰਤਰ ਪੱਤਰਕਾਰ ਮੋਦੀ ਦੀਆਂ ਨੀਤੀਆਂ ਦੀ ਆਲੋਚਨਾ ਕਰਦੇ ਹੋਏ ਇੰਸਟਾਗ੍ਰਾਮ ਰੀਲ ਪੋਸਟ ਕਰੇਗਾ ਤਾਂ ਉਹ ਪੋਸਟ, ਅਤੇ ਸੰਭਵ ਤੌਰ ’ਤੇ ਉਸ ਦਾ ਖਾਤਾ ਬਲਾਕ ਕੀਤਾ ਜਾ ਸਕਦਾ ਹੈ। ਪਲੇਟਫਾਰਮ ਅਤੇ ਉਸ ਨੂੰ ਕਾਨੂੰਨੀ ਨਤੀਜੇ ਭੁਗਤਣੇ ਪੈ ਸਕਦੇ ਹਨ। ਇਹ ਸੱਤਾਧਾਰੀ ਪਾਰਟੀ ਵੱਲੋਂ ਪ੍ਰਗਟਾਵੇ ਦੀ ਆਜ਼ਾਦੀ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਦਾ ਇੱਕ ਵਿਸਥਾਰ ਹੈ। ਇੱਕ ਸਮੇਂ ਦੇ ਜੀਵੰਤ ਰਵਾਇਤੀ ਮੀਡੀਆ ਦੇ ਖਤਮ ਹੋਣ ਦੇ ਨਾਲ, ਬਲੌਗਰ, ਯੂਟਿਊਬ ਸਮੱਗਰੀ ਸਿਰਜਣਹਾਰ, ਸੁਤੰਤਰ ਪੱਤਰਕਾਰ ਅਤੇ ਆਮ ਇੰਟਰਨੈੱਟ ਉਪਭੋਗਤਾ ਸਰਕਾਰ ਨੂੰ ਜਵਾਬਦੇਹ ਬਣਾਉਣ ਵਿੱਚ ਕੁਝ ਖਲਾਅ ਭਰਨ ਲਈ ਬਚੇ ਹਨ ਪਰ ਹੁਣ ਉਨ੍ਹਾਂ ਨੂੰ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

2021 ਵਿੱਚ ਸਰਕਾਰ ਨੇ ਟਵਿੱਟਰ ਨੂੰ ਖੇਤੀਬਾੜੀ ਕਾਨੂੰਨਾਂ ਵਿਰੁੱਧ ਵਿਆਪਕ ਕਿਸਾਨ ਵਿਰੋਧ ਪ੍ਰਦਰਸ਼ਨਾਂ ਦੇ ਸੰਦਰਭ ਵਿੱਚ ਮੋਦੀ ਦੀ ਆਲੋਚਨਾ ਕਰਨ ਵਾਲੇ ਖਾਤਿਆਂ ਨੂੰ ਬਲਾਕ ਕਰਨ ਦਾ ਨਿਰਦੇਸ਼ ਦਿੱਤਾ ਸੀ। ਦੋ ਸਾਲ ਬਾਅਦ, ਸਰਕਾਰ ਨੇ ਮੋਦੀ ਦੀ ਆਲੋਚਨਾ ਕਰਨ ਵਾਲੀ ਬੀ ਬੀ ਸੀ ਦਸਤਾਵੇਜ਼ੀ ਦੀ ਆਨਲਾਈਨ ਪਹੁੰਚ ਨੂੰ ਰੋਕ ਦਿੱਤਾ। ਤਾਂ ਵੀ, ਭਾਰਤ ਵਿੱਚ ਪ੍ਰਗਟਾਵੇ ਦੀ ਆਜ਼ਾਦੀ ਪੂਰੀ ਤਰ੍ਹਾਂ ਖਤਮ ਨਹੀਂ ਕੀਤੀ ਜਾ ਸਕੀ। ਸਿਆਸੀ ਆਪੋਜ਼ੀਸ਼ਨ ਨੇ ਆਪਣੀ ਮਜ਼ਬੂਤ ਸਥਿਤੀ ਸਾਬਤ ਕੀਤੀ, ਜਦੋਂ 2024 ਦੀਆਂ ਆਮ ਚੋਣਾਂ ’ਚ ਮੋਦੀ ਦੀ ਪਾਰਟੀ ਨੇ ਆਪਣਾ ਸੰਸਦੀ ਬਹੁਮਤ ਗੁਆ ਦਿੱਤਾ ਤੇ ਇੱਕ ਦਿਨ ਮੋਦੀ ਵੀ ਜਾਣਗੇ ਹੀ। ਪਰ ਭਵਿੱਖ ਦੀਆਂ ਵਧੇਰੇ ਉਦਾਰ ਸਰਕਾਰਾਂ ਵੀ ਸ਼ਾਇਦ ਖਾਮੋਸ਼ੀ ਦਾ ਮਾਹੌਲ ਬਣਾਉਣ ਵਾਲੀ ਮਸ਼ੀਨਰੀ ਦੀ ਵਰਤੋਂ ਤੋਂ ਨਹੀਂ ਬਚ ਸਕਣਗੀਆਂ। ਇਸ ਲਈ ਲੋਕਾਂ ਨੂੰ ਪ੍ਰਗਟਾਵੇ ਦੀ ਆਪਣੀ ਆਜ਼ਾਦੀ ਕਾਇਮ ਰੱਖਣ ਲਈ ਮੁਤਹਿਦਾ ਤੇ ਤਿੱਖਾ ਸੰਘਰਸ਼ ਕਰਨਾ ਪੈਣਾ ਹੈ।

# ਪੱਛਮੀ ਬੰਗਾਲ ’ਚ ਭਾਜਪਾ ਦੀ ਜਿੱਤ ਦੇ ਮਾਇਨੇ


ਉਜਾਗਰ ਸਿੰਘ

ਚਾਰ ਰਾਜਾਂ ਅਤੇ ਇੱਕ ਕੇਂਦਰੀ ਸ਼ਾਸਤ ਪ੍ਰਦੇਸ਼ ਵਿੱਚ ਹੋਈਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੋ ਰਾਜਾਂ ਪੱਛਮੀ ਬੰਗਾਲ, ਆਸਾਮ ਅਤੇ ਇੱਕ ਕੇਂਦਰੀ ਸ਼ਾਸਤ ਪ੍ਰਦੇਸ਼ ਪੁਡੂਚੇਰੀ ਵਿੱਚ ਆਪਣੀ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਗਈ ਹੈ। ਆਸਾਮ ਵਿੱਚ ਮੁੱਖ ਮੰਤਰੀ ਹਿਮੰਤਾ ਵਿਸਵਾ ਸਰਮਾ ਦੀ ਅਗਵਾਈ ਦੁਬਾਰਾ ਕਮਲ ਦਾ ਫੁੱਲ ਖਿੜਿਆ ਹੈ। ਭਾਰਤੀ ਜਨਤਾ ਪਾਰਟੀ ਨੇ ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਦੀ 15 ਸਾਲ ਪੁਰਾਣੀ ਸਰਕਾਰ ਨੂੰ ਹਰਾ ਕੇ ਕਮਲ ਦਾ ਫੁੱਲ ਖਿਲਾਉਣ ਨਾਲ ਪੱਛਮੀ ਬੰਗਾਲ ਵਿੱਚ ਇੱਕ ਨਵਾਂ ਚੈਪਟਰ ਖੋਲ੍ਹ ਦਿੱਤਾ ਹੈ। ਇਸ ਤੋਂ ਪਹਿਲਾਂ ਪੱਛਮੀ ਬੰਗਾਲ ਵਿੱਚ ਭਾਰਤੀ ਜਨਤਾ ਪਾਰਟੀ ਦੇ ਕਦੀਂ ਵੀ ਪੈਰ ਜੰਮ ਨਹੀਂ ਸਕੇ।

ਤ੍ਰਿਣਮੂਲ ਕਾਂਗਰਸ ਤੋਂ ਪਹਿਲਾਂ ਕਮਿਊਨਿਸਟਾਂ ਦਾ ਬੰਗਾਲ ’ਤੇ 2011 ਤੱਕ 34 ਸਾਲ ਕਬਜ਼ਾ ਰਿਹਾ। ਉਦੋਂ 2011 ਵਿੱਚ ਮਮਤਾ ਬੈਨਰਜੀ ਨੇ ਕਮਿਊਨਿਸਟਾਂ ਦਾ ਤਖ਼ਤ ਹਿਲਾ ਕੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਸੀ। ਇਸ ਵਾਰ ਭਾਰਤੀ ਜਨਤਾ ਪਾਰਟੀ ਨੇ ਮਮਤਾ ਬੈਨਰਜੀ ਦਾ ਤਖ਼ਤ ਹਿਲਾ ਕੇ ਭਾਰਤੀਆਂ ਨੂੰ ਹੈਰਾਨ ਤੇ ਨਾਲ ਹੀ ਪ੍ਰੇਸ਼ਾਨ ਵੀ ਕਰ ਦਿੱਤਾ ਹੈ। ਭਾਰਤ ਦੇ ਸਾਰੇ ਰਾਜਾਂ ਵਿੱਚ ਵਿਕਾਸ ਕਰਨ ਲਈ ਡਬਲ ਇੰਜਣ ਵਾਲੀ ਸਰਕਾਰ ਬਣਾਉਣ ਲਈ ਭਾਰਤੀ ਜਨਤਾ ਪਾਰਟੀ ਦਾ ਹਥਿਆਰ ਪੱਛਮੀ ਬੰਗਾਲ ਵਿੱਚ ਸਫਲ ਹੋ ਗਿਆ ਹੈ। ਪੱਛਮੀ ਬੰਗਾਲ ਵਿਧਾਨ ਸਭਾ ਦੀਆਂ 294 ਸੀਟਾਂ ਵਿੱਚੋਂ ਭਾਰਤੀ ਜਨਤਾ ਪਾਰਟੀ ਨੇ 207 ਸੀਟਾਂ ਜਿੱਤ ਕੇ ਆਪਣੀ ਸਰਕਾਰ ਬਣਾਉਣ ਦਾ ਝੰਡਾ ਗੱਡ ਦਿੱਤਾ ਹੈ, ਜਦੋਂਕਿ ਬਹੁਮਤ ਪ੍ਰਾਪਤ ਕਰਨ ਲਈ 147 ਸੀਟਾਂ ਦੀ ਹੀ ਜ਼ਰੂਰਤ ਸੀ। ਭਾਰਤੀ ਜਨਤਾ ਪਾਰਟੀ ਨੇ ਦੋ ਤਿਹਾਈ ਸੀਟਾਂ ’ਤੇ ਜਿੱਤ ਪ੍ਰਾਪਤ ਕੀਤੀ ਹੈ। ਮਮਤਾ ਬੈਨਰਜੀ ਦੀ ਤ੍ਰਿਣਮੂਲ ਕਾਂਗਰਸ 80 ਸੀਟਾਂ ਹੀ ਜਿੱਤ ਸਕੀ, ਇਥੋਂ ਤੱਕ ਕਿ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਵੀ ਭਾਰਤੀ ਜਨਤਾ ਪਾਰਟੀ ਦੇ ਸੁਵੇਂਦੂ ਅਧਿਕਾਰੀ ਤੋਂ 15 ਹਜ਼ਾਰ ਤੋਂ ਵੱਧ ਵੋਟਾਂ ਦੇ ਅੰਤਰ ਨਾਲ ਚੋਣ ਹਾਰ ਗਈ ਹੈ। ਸੁਵੇਂਦੂ ਅਧਿਕਾਰੀ ਵੀ ਤ੍ਰਿਣਮੂਲ ਕਾਂਗਰਸ ਵਿੱਚੋਂ ਹੀ ਭਾਰਤੀ ਜਨਤਾ ਪਾਰਟੀ ਵਿੱਚ ਗਿਆ ਸੀ। ਕਾਂਗਰਸ ਪਾਰਟੀ ਨੂੰ ਸਿਰਫ 2 ਸੀਟਾਂ ਹੀ ਮਿਲੀਆਂ ਹਨ ਅਤੇ ਦੋ ਸੀਟਾਂ ’ਤੇ ਏ ਜੇ ਯੂ ਪੀ ਨੇ ਜਿੱਤੀਆਂ ਹਨ। ਭਾਰਤੀ ਜਨਤਾ ਪਾਰਟੀ ਨੇ ਇਸ ਵਾਰ ਜ਼ਮੀਨੀ ਪੱਧਰ ’ਤੇ ਕੰਮ ਕੀਤਾ ਹੈ। ਇਹ ਸਮਝਿਆ ਜਾ ਰਿਹਾ ਹੈ ਕਿ ਆਰ ਐੱਸ ਐੱਸ ਨੇ ਆਪਣੇ ਅਮਲੇ-ਫੈਲੇ ਨਾਲ ਇੱਕ ਸਾਲ ਤੋਂ ਪੱਛਮੀ ਬੰਗਾਲ ਵਿੱਚ ਤਾਣਾ-ਬਾਣਾ ਬੁਣਿਆਂ ਹੋਇਆ ਸੀ। ਹਰ ਘਰ ਵਿੱਚ ਜਾ ਕੇ ਵੋਟਰਾਂ ਤੱਕ ਪਹੁੰਚ ਕੀਤੀ ਸੀ। ਅਖ਼ੀਰ ਆਰ ਐੱਸ ਐੱਸ ਦੀ ਮਿਹਨਤ ਭਾਰਤੀ ਜਨਤਾ ਪਾਰਟੀ ਨੂੰ ਰਾਸ ਆ ਗਈ ਹੈ। ਭਾਰਤੀ ਜਨਤਾ ਪਾਰਟੀ ਹਿੰਦੂਤਵ ਦਾ ਪੱਤਾ ਵਰਤਣ ਵਿੱਚ ਸਫਲ ਰਹੀ ਹੈ। ਮਮਤਾ ਬੈਨਰਜੀ ਇਲਜ਼ਾਮ ਲਗਾ ਰਹੀ ਹੈ ਕਿ ਉਸ ਦੀਆਂ 90 ਲੱਖ ਵੋਟਾਂ ਕੱਟ ਦਿੱਤੀਆਂ ਗਈਆਂ ਹਨ। ਭਾਰਤੀ ਜਨਤਾ ਪਾਰਟੀ ਕਹਿ ਰਹੀ ਹੈ ਕਿ ਬੰਗਲਾਦੇਸ਼ ਤੋਂ ਆਏ ਘੁਸਪੈਠੀਆਂ ਦੀਆਂ ਵੋਟਾਂ ਚੋਣ ਕਮਿਸ਼ਨ ਨੇ ਕੱਟੀਆਂ ਹਨ, ਕਿਉਂਕਿ ਉਹ ਭਾਰਤੀ ਨਾਗਰਿਕਤਾ ਸਾਬਤ ਨਹੀਂ ਕਰ ਸਕੇ।

ਅਸਾਮ ਵਿੱਚ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਿੱਚ ਐੱਨ ਡੀ ਏ ਨੇ ਦੂਜੀ ਵਾਰ ਮੁੱਖ ਮੰਤਰੀ ਹਿਮੰਤਾ ਵਿਸਵਾ ਸਰਮਾ ਦੀ ਸਰਕਾਰ ਨੇ ਜਿੱਤ ਪ੍ਰਾਪਤ ਕੀਤੀ ਹੈ। ਅਸਾਮ ਵਿੱਚ ਐੱਨ ਡੀ ਏ ਨੇ 126 ਸੀਟਾਂ ਵਾਲੀ ਵਿਧਾਨ ਸਭਾ ਦੀਆਂ 101 ਸੀਟਾਂ ਜਿੱਤ ਕੇ ਬਹੁਮਤ ਪ੍ਰਾਪਤ ਕੀਤਾ ਹੈ। ਕਾਂਗਰਸ ਪਾਰਟੀ ਨੂੰ 19 ਸੀਟਾਂ ‘ਤੇ ਹੀ ਸਬਰ ਕਰਨਾ ਪਿਆ। ਹੋਰ ਉਮਦਵਾਰਾਂ ਨੇ ਤਿੰਨ ਸੀਟਾਂ ਜਿੱਤੀਆਂ ਹਨ। ਤੀਜੀ ਵਾਰ ਐੱਨ ਡੀ ਏ ਦੀ ਸਰਕਾਰ ਬਣਨ ਜਾ ਰਹੀ ਹੈ। ਇਸੇ ਤਰ੍ਹਾਂ ਕੇਂਦਰੀ ਸ਼ਾਸਤ ਪ੍ਰਦੇਸ਼ ਪੁਡੂਚੇਰੀ ਦੀਆਂ 30 ਸੀਟਾਂ ਵਿੱਚੋਂ ਐੱਨ ਡੀ ਏ ਨੇ 18 ਸੀਟਾਂ ਜਿੱਤ ਲਈਆਂ ਹਨ। ਕਾਂਗਰਸ ਪਾਰਟੀ ਨੇ ਤਿੰਨ ਅਤੇ ਤਿੰਨ ਅਜ਼ਾਦ ਉਮੀਦਵਾਰਾਂ ਨੇ ਸੀਟਾਂ ਜਿੱਤੀਆਂ ਹਨ। ਇਸ ਪ੍ਰਕਾਰ ਭਾਰਤੀ ਜਨਤਾ ਪਾਰਟੀ ਚਾਰ ਵਿੱਚੋਂ ਦੋ ਰਾਜਾਂ ਅਤੇ ਇੱਕ ਕੇਂਦਰੀ ਸ਼ਾਸਤ ਪ੍ਰਦੇਸ਼ ਵਿੱਚ ਆਪਣੀ ਸਰਕਾਰ ਬਣਾਉਣ ਵਿੱਚ ਸਫਲ ਹੋਈ ਹੈ। ਤਾਮਿਲ ਨਾਡੂ ਵਿੱਚ ਵਿਧਾਨ ਸਭਾ ਦੀਆਂ ਕੁਲ 234 ਸੀਟਾਂ ਵਿੱਚੋਂ ਫਿਲਮ ਸਟਾਰ ਵਿਜੇ ਦੀ ਅਗਵਾਈ ਵਾਲੀ ਨਵੀਂ (ਟੀ ਵੀ ਕੇ) ਤਮਿਲਗਾ ਵੇਟਰੀ ਕੜਗਮ ਪਾਰਟੀ ਨੇ 107 ਸੀਟਾਂ ਜਿੱਤ ਕੇ ਬਹੁਮਤ ਪ੍ਰਾਪਤ ਕਰ ਲਿਆ ਹੈ। ਤਾਮਿਲ ਨਾਡੂ ਦੇ ਲੋਕ ਹਮੇਸ਼ਾ ਕਲਾਕਾਰਾਂ ਦੀ ਸਰਕਾਰ ਬਣਾਉਂਦੇ ਆ ਰਹੇ ਹਨ। ਇਸੇ ਲੜੀ ਵਿੱਚ ਡੀ ਐੱਮ ਕੇ ਅਤੇ ਏ ਡੀ ਐੱਮ ਕੇ ਨੂੰ ਪਛਾੜ ਕੇ ਸੁਪਰ ਸਟਾਰ ਵਿਜੇ ਦੀ ਪਾਰਟੀ ਟੀ ਵੀ ਕੇ ਨੇ ਜਿੱਤ ਪ੍ਰਾਪਤ ਕੀਤੀ ਹੈ। ਡੀ ਐੱਮ ਕੇ ਨੂੰ 60 ਸੀਟਾਂ, ਏ ਡੀ ਐੱਮ ਕੇ ਨੂੰ 47 ਸੀਟਾਂ, ਕਾਂਗਰਸ ਨੂੰ ਪੰਜ ਸੀਟਾਂ ਅਤੇ ਪੀ ਐੱਮ ਕੇ ਨੂੰ ਚਾਰ ਸੀਟਾਂ ਮਿਲੀਆਂ ਹਨ। ਟੀ ਵੀ ਕੇ ਨੇ ਚੋਣਾਂ ਜਿੱਤ ਕੇ ਦ੍ਰਾਵੜ ਸਿਆਸਤ ਨੂੰ ਹਿਲਾ ਕੇ ਰੱਖ ਦਿੱਤਾ ਹੈ। ਕੇਰਲ ਵਿੱਚ ਖੱਬੇ ਪੱਖੀ ਲਹਿਰ ਨੂੰ ਪਹਿਲੀ ਵਾਰ ਹਾਰ ਦਾ ਮੂੰਹ ਵੇਖਣਾ ਪਿਆ ਹੈ। ਕੁਲ 140 ਸੀਟਾਂ ਵਿੱਚੋਂ ਯੂ ਡੀ ਐੱਫ ਨੇ 102 ਸੀਟਾਂ ਜਿੱਤ ਕੇ ਬਹੁਮਤ ਪ੍ਰਾਪਤ ਕੀਤਾ ਹੈ। ਐੱਲ ਡੀ ਐੱਫ ਨੂੰ 35 ਸੀਟਾਂ ਅਤੇ ਐੱਨ ਡੀ ਏ ਨੂੰ ਸਿਰਫ ਤਿੰਨ ਸੀਟਾਂ ਮਿਲੀਆਂ ਹਨ। ਭਾਰਤ ਦੀ ਇੱਕੋ ਇੱਕ ਸਟੇਟ ਸੀ, ਜਿਸ ਵਿੱਚ ਖੱਬੇ ਪੱਖੀਆਂ ਦੀ ਸਰਕਾਰ ਸੀ। ਦੋ ਰਾਜਾਂ ਅਤੇ ਇੱਕ ਕੇਂਦਰੀ ਸ਼ਾਸਤ ਪ੍ਰਦੇਸ਼ ਵਿੱਚ ਭਾਰਤੀ ਜਨਤਾ ਪਾਰਟੀ ਦੇ ਜਿੱਤਣ ਦਾ ਆਉਂਦੇ ਸਾਲ ਫਰਵਰੀ 2027 ਵਿੱਚ ਹੋਣ ਵਾਲੀਆਂ ਉਤਰ ਪ੍ਰਦੇਸ, ਉਤਰਾਖੰਡ ਅਤੇ ਪੰਜਾਬ ਵਿਧਾਨ ਦੀਆਂ ਚੋਣਾਂ ’ਤੇ ਗਹਿਰਾ ਪ੍ਰਭਾਵ ਪੈਣ ਦੀ ਉਮੀਦ ਹੈ। ਖਾਸ ਤੌਰ ’ਤੇ ਪੱਛਮੀ ਬੰਗਾਲ ਅਤੇ ਪੰਜਾਬ ਦਾ ਕਰੂਰਾ ਇੱਕੋ ਜਿਹਾ ਹੈ। ਇਹ ਦੋਵੇਂ ਸੂਬੇ ਦੇਸ਼ ਦੇ ਮਹੱਤਵਪੂਰਨ ਅਤੇ ਵੱਖਰੀ ਵਿਚਾਰਧਾਰਾ ਵਾਲੇ ਤੇ ਦੋਵੇਂ ਸਰਹੱਦੀ ਸੂਬੇ ਹਨ। ਦੇਸ਼ ਦੀ ਵੰਡ ਸਮੇਂ ਵੱਢ-ਟੁੱਕ ਵੀ ਦੋਹਾਂ ਸੂਬਿਆਂ ਵਿੱਚ ਹੋਈ ਸੀ। ਦੋਵੇਂ ਸੂਬੇ ਅਣਖੀ ਅਤੇ ਗੈਰਤਮੰਦ ਹਨ, ਪ੍ਰੰਤੂ ਇਹ ਹਮੇਸ਼ਾਂ ਬਾਕੀ ਦੇਸ ਦੇ ਲੋਕਾਂ ਨਾਲੋਂ ਵੱਖਰਾ ਹੀ ਕੰਮ ਕਰਦੇ ਹਨ। ਹੁਣ ਤੱਕ ਨਾ ਤਾਂ ਪੱਛਮੀ ਬੰਗਾਲ ਅਤੇ ਨਾ ਹੀ ਪੰਜਾਬ ਵਿੱਚ ਲੱਖ ਕੋਸਿਸ਼ਾਂ ਕਰਨ ਦੇ ਬਾਵਜੂਦ ਭਾਰਤੀ ਜਨਤਾ ਪਾਰਟੀ ਆਪਣੇ ਪੈਰ ਜਮਾ ਸਕੀ ਹੈ। ਇਨ੍ਹਾਂ ਦੀ ਵੱਖਰੀ ਪਛਾਣ ਹੈ। ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਸਾਂਝੀ ਸਰਕਾਰ ਤਾਂ ਰਹੀ ਹੈ, ਪ੍ਰੰਤੂ ਇਕੱਲੀ ਭਾਰਤੀ ਜਨਤਾ ਪਾਰਟੀ ਸਰਕਾਰ ਬਣਾ ਨਹੀਂ ਸਕੀ। ਭਾਰਤੀ ਜਨਤਾ ਪਾਰਟੀ ਦਾ ਹੁਣ ਪੂਰਾ ਧਿਆਨ ਪੰਜਾਬ ਵਿਧਾਨ ਸਭਾ ਦੀਆਂ 2027 ਵਿੱਚ ਹੋਣ ਵਾਲੀਆਂ ਚੋਣਾਂ ਵੱਲ ਕੇਂਦਰਤ ਰਹੇਗਾ।

ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿੱਚ ਹਿੰਦੂ ਵੋਟਰਾਂ ਵਿੱਚ ਤਾਂ ਆਪਣਾ ਅਸਰ-ਰਸੂਖ ਬਣਾ ਰੱਖਿਆ ਹੈ। ਸਿੱਖ ਵੋਟਰਾਂ ਨੂੰ ਆਪਣੇ ਨਾਲ ਜੋੜਨ ਲਈ ਭਾਰਤੀ ਜਨਤਾ ਪਾਰਟੀ ਵਿੱਚ ਬਹੁਤ ਸਾਰੇ ਸਿੱਖ ਚਿਹਰੇ ਸ਼ਾਮਲ ਕਰ ਲਏ ਹਨ, ਇਥੋਂ ਤੱਕ ਕਿ ਅੱਧ ਤੋਂ ਵੱਧ ਜ਼ਿਲ੍ਹਿਆਂ ਦੇ ਪ੍ਰਧਾਨ ਸਿੱਖ ਬਣਾਏ ਹੋਏ ਹਨ। ਹੋਰ ਵੀ ਬਹੁਤ ਸਾਰੇ ਅਹੁਦੇ ਸਿੱਖ ਨੇਤਾਵਾਂ ਨੂੰ ਦਿੱਤੇ ਹੋਏ ਹਨ। ਭਾਰਤੀ ਜਨਤਾ ਪਾਰਟੀ ਨੇ ਮਈ 2024 ਵਿੱਚ ਲੋਕ ਸਭਾ ਦੀਆਂ ਚੋਣਾਂ ਇਕੱਲਿਆਂ ਹੀ ਲੜੀਆਂ ਸਨ। ਉਨ੍ਹਾਂ ਚੋਣਾਂ ਵਿੱਚ ਭਾਵੇਂ ਉਹ ਕੋਈ ਸੀਟ ਜਿੱਤ ਨਹੀਂ ਸਕੇ, ਪ੍ਰੰਤੂ 5200 ਬੂਥਾਂ ’ਤੇ ਉਨ੍ਹਾਂ ਦੀ ਪਾਰਟੀ ਨੇ ਜਿੱਤ ਪ੍ਰਾਪਤ ਕੀਤੀ ਸੀ। ਕਾਂਗਰਸ ਪਾਰਟੀ ਨੇ ਭਾਵੇਂ ਸੱਤ ਲੋਕ ਸਭਾ ਸੀਟਾਂ ਜਿੱਤ ਲਈਆਂ ਸਨ, ਪ੍ਰੰਤੂ ਸਿਰਫ 6900 ਬੂਥਾਂ ’ਤੇ ਜਿੱਤ ਹੋਈ ਸੀ। ਇਸੇ ਤਰ੍ਹਾ ਅਕਾਲੀ ਦਲ ਨੇ ਇੱਕ ਸੀਟ ਜਿੱਤੀ ਸੀ ਤੇ 6700 ਬੂਥਾਂ ’ਤੇ ਜਿੱਤ ਪ੍ਰਾਪਤ ਕੀਤੀ ਸੀ। ਇਸ ਕਰਕੇ ਸਿਆਸੀ ਪੜਚੋਲਕਾਰਾਂ ਦਾ ਵਿਚਾਰ ਹੈ ਕਿ ਭਾਰਤੀ ਜਨਤਾ ਪਾਰਟੀ ਕਾਂਟੇ ਦੀ ਟੱਕਰ ਦੇਵੇਗੀ।

**# ਸੰਪਰਕ : 94178-13072**

# ਮਾਪੇ ਭਰਨ ਬੁਢੇਪੇ ਪਾਣੀ...

ਕਮਲ ਬਠਿੰਡਾ

ਹੁਣ ਤਾਂ ਉਹ ਕਹਾਵਤ ‘ਧੀਆਂ ਦੀ ਮਾਂ ਰਾਣੀ, ਬੁਢੇਪੇ ਭਰਦੀ ਪਾਣੀ, ਉੱਡ-ਪੁੱਡ ਗਈ ਹੀ ਜਾਪਦੀ ਐ, ਕਿਉਂਕ ਹੁਣ ’ਕੱਲੀਆਂ ਧੀਆਂ ਦੀਆਂ ਮਾਂਵਾਂ ਹੀ ਨਹੀਂ, ਪੁੱਤਾਂ ਦੀਆਂ ਮਾਵਾਂ ਵੀ ਬੁਢੇਪੇ ’ਚ ਪਾਣੀ ਭਰ ਰਹੀਆਂ ਹਨ।

ਪੁੱਤਾਂ ਨੂੰ ਜਨਮ ਦੇਣ ਵਾਲੀਆਂ ਮਾਵਾਂ ’ਚ ਤਾਂ ਵੱਖਰਾ ਹੀ ਗਰੂਰ ਹੁੰਦੈ, ਉਹ ਆਵਦੇ ਨਾਲ ਦੀਆਂ ਔਰਤਾਂ ਤੋਂ ਗਿੱਠ ਉੱਚਾ ਹੋ-ਹੋ ਤੁਰਦੀਆਂ ਹਨ ਤੇ ਜਿਹਦੇ ਦੋ-ਦੋ ਪੁੱਤ ਹੋਣ ਉਹਦਾ ਤਾਂ ਮਜ਼ਾਜ ਹੀ ਵੱਖਰਾ ਹੁੰਦੈ, ਪਰ ਅੱਜ ਜੋ ਦੁਰਗਤੀ ਉਹਨਾਂ ਦੀ ਹੋ ਰਹੀ ਐ, ਉਹ ਕਿਸੇ ਤੋਂ ਲੁਕੀ ਨਹੀਂ, ਦੋਨੇਂ ਪੁੱਤ ਹੀ ਮਾਪਿਆਂ ਨੂੰ ਦੋਸ਼ੀ ਮੰਨਦੇ ਹਨ, ਦੋਨਾਂ ਨੂੰ ਹੀ ਇਹੀ ਰੋਸਾ ਰਹਿੰਦੈ ਕਿ ਦੂਜੇ ਭਰਾ ਨੂੰ ਹੀ ਸਾਰਾ ਕੁੱਝ ਲੁਟਾਈ ਜਾ ਰਹੇ ਐ, ਇਸੇ ਗੱਲ ਨੂੰ ਲੈ ਕੇ ਘਰਾਂ ਚ ਨਿੱਤ ਦਾ ਕਲੇਸ਼ ਰਹਿੰਦੈ, ਲੜਦੇ-ਝਗੜਦੇ ਕਈ ਸਲੱਗ ਤਾਂ ਇਥੋਂ ਤੱਕ ਕਹਿਣ ਨੂੰ ਜਾਂਦੇ ਐ-ਤੁਸੀਂ ਮੈਨੂੰ ਜੰਮਿਆ ਹੀ ਕਿਉਂ ਸੀ ?

ਜਿਹਨਾਂ ਮਾਪਿਆਂ ਦੇ ਇੱਕ ਪੁੱਤ ਤੇ ਇੱਕ ਧੀ ਹੋਵੇ ਜ਼ਿੰਦਗੀ ਉਹਨਾਂ ਦੀ ਵੀ ਸੁਖ਼ਾਲੀ ਨਹੀਂ, ਨੂੰਹ-ਪੁੱਤ ਨੂੰ ਇਹੀ ਵਹਿਮ ਰਹਿੰਦੈ ਕਿ ਮਾਪੇ ਤਾਂ ਬੱਸ ਧੀ ਦਾ ਹੀ ਘਰ ਭਰੀ ਜਾ ਰਹੇ ਐ । ਸਾਡੇ ਬਾਰੇ ਤਾਂ ਕੁਝ ਸੋਚਦੇ ਹੀ ਨਹੀਂ।ਇਸੇ ਕਲੇਸ਼ ਤੋਂ ਡਰਦੇ ਸਭ ਕੁਝ ਹੁੰਦਿਆਂ-ਸੁੰਦਿਆਂ ਵੀ ਮਾਪੇ ਆਵਦੀ ਧੀ ਲਈ ਉਹ ਸਭ ਕੁਝ ਕਰ ਨਹੀਂ ਸਕਦੇ, ਜੋ ਉਹ ਦਿਲੋਂ ਕਰਨਾ ਚਾਹੁੰਦੇ ਹੁੰਦੇ ਐ।

ਜੇ ਇਕੱਲਾ ਪੁੱਤ ਹੋਵੇ ਤਾਂ ਉਹਨੇ ਵੀ ਮਾਪਿਆਂ ਦੀ ਜਾਨ ਹਮੇਸ਼ਾ ਸੂਲੀ ਟੰਗੀ ਹੁੰਦੀ ਐ,ਨੂੰਹ-ਪੁੱਤ ਨੂੰ ਹਮੇਸ਼ਾ ਸਭ ਕਾਸੇ ਦੇ ਕਰਤਾਧਰਤਾ ਬਣਨ ਦੀ ਕਾਹਲ ਲੱਗੀ ਰਹਿੰਦੀ ਐ,ਉਹ ਤਾਂ ਚਾਹੁੰਦੇ ਐ ਕਿ ਮਾਪੇ ਸਾਹ ਵੀ ਉਹਨਾਂ ਤੋਂ ਪੁੱਛ ਕੇ ਹੀ ਲੈਣ।

ਉਹ ਮਾਪੇ ਵੀ ਇੱਕਲਤਾ ਭੋਗਦੇ ਐ, ਜਿਹਨਾਂ ਦੇ ਧੀਆਂ-ਪੁੱਤ ਦੂਰ-ਦਰਾਡੇ ਨੌਕਰੀਆਂ ਕਰਦੇ ਹਨ, ਭਾਵੇਂ ਕੰਪਨੀਆਂ ਮੋਟੇ ਪੈਕੇਜ ਦਿੰਦੀਆਂ ਹਨ, ਪਰ ਵਿਅਕਤੀ ਕੰਪਨੀ ਦਾ ਹੀ ਹੋ ਕੇ ਰਹਿ ਜਾਂਦੈ, ਉਹ ਨੂੰ ਆਵਦੀ ਕੋਈ ਸੁੱਧ-ਬੁੱਧ ਨਹੀਂ ਰਹਿੰਦੀ, ਉਹਨੇ ਮਾਪਿਆਂ ਦੀ ਕੀ ਸੱਦ-ਪੁੱਛ ਕਰਨੀ ਐ।

ਕਈ ਮਾਪੇ ਪੁੱਤਾਂ ਦੇ ਨਸ਼ੇੜੀ ਬਣਨ ਕਰਕੇ ਬਹੁਤ ਜ਼ਿਆਦਾ ਦੁੱਖ ਭੋਗਦੇ ਐ, ਉਹਨਾਂ ਦੀ ਨਸ਼ੇ ਦੀ ਤੋਟ ਉਹ ਨਿੱਤ-ਨਿੱਤ ਕਿਥੋਂ ਪੂਰੀ ਕਰਨ, ਕਿਸੇ ਮਾਪਿਆਂ ਦੇ ਦੋ, ਕਿਸੇ ਦੇ ਚਾਰ-ਚਾਰ ਪੁੱਤ ਨਸ਼ੇ ਦੀ ਭੇਟ ਚੜ੍ਹ ਗਏ, ਕਈ ਤਾਂ ਮਰ-ਮੁੱਕ ਹੀ ਗਏ ਤੇ ਕਈ ਮਰਿਆਂ ਵਰਗੇ ਹੋ ਕੇ ਤੁਰੇ ਫਿਰਦੇ ਐ, ਮਾਪੇ ਬੁਢਾਪੇ ਵਿੱਚ ਰੁਲ ਰਹੇ ਹਨ।ਇਹਨਾਂ ਮਾਪਿਆਂ ਦੀਆਂ ਨਸ਼ੇੜੀ ਪੁੱਤਾਂ ਦੇ ਹੱਥੋਂ ਮਾਰਕੁਟਾਈ ਦੀਆਂ ਹੀ ਨਹੀਂ, ਸਗੋਂ ਜਾਨੋਂ ਮਾਰੇ ਜਾਣ ਦੀਆਂ ਖ਼ਬਰਾਂ ਵੀ ਨਿੱਤ ਪੜ੍ਹਨ-ਸਣਨ ਨੂੰ ਮਿਲਦੀਆਂ ਹਨ।

ਮਾਪੇ ਤਾਂ ਉਹ ਵੀ ਇਕਲਾਪੇ ਦੀ ਭੱਠੀ ’ਚ ਸੜਦੇ ਹਨ, ਜਿਹਨਾਂ ਨੇ ਆਵਦੇ ਧੀਆਂ-ਪੁੱਤਾਂ ਨੂੰ ਸੋਹਣੇ ਭਵਿੱਖ ਲਈ ਸੱਤ ਸਮੁੰਦਰੋਂ ਪਾਰ ਭੇਜਿਆ ਸੀ ਤੇ ਉਹ ਉਥੋਂ ਦੇ ਹੀ ਹੋ ਕੇ ਰਹਿ ਗਏ,ਘਰ ਵਿੱਚ ਪੁੱਛ-ਦੱਸ ਵਾਲਾ ਕੋਈ ਜੀਅ ਨਹੀਂ ਰਿਹਾ, ਜ਼ਿੰਦਗੀ ਨੂੰ ਠੁੰਮ੍ਹਣਾ ਦੇਣ ਲਈ ਸਭੋ ਕੁਝ ਆਪ ਹੀ ਕਰਨਾ ਪੈਂਦਾ ਐ ਅਤੇ ਕਈ ਵਾਰੀ ਤਾਂ ਧੀਆਂ-ਪੁੱਤਾਂ ਨੂੰ ਉਡੀਕਦੇ-ਉਡੀਕਦੇ,ਦਰਾਂ ਵੱਲ ਤੱਕਦੇ-ਤੱਕਦੇ ਮਾਪੇ ਸਦਾ ਲਈ ਅੱਖਾਂ ਮੀਚ ਜਾਂਦੇ ਐ, ਮੌਤ ਤੋਂ ਬਾਅਦ ਦੀਆਂ ਸਾਰੀਆਂ ਅੰਤਮ ਰਸਮਾਂ ਵੀ ਆਂਢੀ-ਗੁਆਂਢੀ, ਪਿੰਡ ਵਾਸੀ ਜਾਂ ਰਿਸ਼ਤੇਦਾਰਾਂ ਵੱਲੋਂ ਹੀ ਨਿਭਾਈਆਂ ਜਾਂਦੀਆਂ ਹਨ।

ਅੱਜਕੱਲ੍ਹ ਮਾਪਿਆਂ ਲਈ ਇਹ ਵੀ ਇੱਕ ਬੜਾ ਵੱਡਾ ਦੁਖਾਂਤ ਐ,ਜੁਆਕ ਅਲੱਗ-ਅਲੱਗ ਦੇਸ਼ਾਂ ਚ ਰਹਿੰਦੇ ਐ, ਉਹਨਾਂ ਦੇ ਬੱਚਿਆਂ ਦੀ ਸਾਂਭ-ਸੰਭਾਲ ਲਈ ਮਾਪੇ ਲਟਾ-ਪੀਂਘ ਹੁੰਦੇ ਫਿਰਦੇ ਐ, ਇੱਕ ਕੋਲ ਮਾਂ ਅਤੇ ਦੂਜੇ ਕੋਲ ਬਾਪ ਨੂੰ ਰਹਿਣਾ ਪੈਂਦਾ ਐ, ਉਹ ਜਿਉਂਦੇ ਜੀਅ ਇੱਕਲਤਾ ਹੀ ਨਹੀਂ, ਸਗੋਂ ਬੇਗਾਨੀ ਧਰਤੀ ’ਤੇ ਕਿੰਨਾਂ ਸੰਤਾਪ ਭੋਗਦੇ ਹਨ,ਉਹਨਾਂ ਦੇ ਕਿੱਸੇ ਵੀ ਬੜੇ ਦਰਦ ਭਰੇ ਹੁੰਦੇ ਐ, ਸਾਰੀ ਉਮਰ ਘੱਟਾ ਢੋਣ ਤੋਂ ਬਾਅਦ ਜਿਹੜੇ ਸੋਚਦੇ ਸੀ ਕਿ ਬੱਚੇ ਸੈੱਟ ਕਰ ਦਿੱਤੇ, ਹੁਣ ਰਹਿੰਦੀ ਜ਼ਿੰਦਗੀ ਬੇਫ਼ਿਕਰੇ ਹੋ ਕੇ ਆਰਾਮ ਨਾਲ ਜੀਆਂਗੇ,ਉਹ ਹੁਣ ਫੇਰ ਕੋਹਲੂ ਦੇ ਬੈਲ ਬਣੇ ਹੋਏ ਐ। ਜੇ ਬੁਢਾਪੇ ਵਿੱਚ ਜੀਵਨ-ਸਾਥੀ ’ਚੋਂ ਇੱਕ ਜਹਾਨੋਂ ਤੁਰ ਜਾਵੇ ਤਾਂ ਹਾਲਤ ਹੋਰ ਵੀ ਬਦਤਰ ਹੋ ਜਾਦੀ ਐ।

ਮਾਪਿਆਂ ਲਈ ਅੱਡ ਧੜਾਧੜ ਪ੍ਰਚਾਰ ਕੀਤਾ ਜਾਂਦਾ ਰਹਿੰਦੈ ,ਉਹਨਾਂ ਨੂੰ ਜ਼ਿੰਦਗੀ ਮਾਨਣ ਲਈ ਤਰ੍ਹਾਂ-ਤਰ੍ਹਾਂ ਦੀਆਂ ਮੱਤਾਂ ਦਿੱਤੀਆਂ ਜਾਂਦੀਆਂ ਹਨ ਕਿ ਆਵਦੇ ਬਾਰੇ ਸੋਚੋ, ਜ਼ਿੰਦਗੀ ਮਾਣੋ, ਬੱਚਿਆਂ ’ਤੇ ਵਿਸ਼ਵਾਸ ਨਾ ਕਰੋ, ਆਵਦੀ ਜਾਇਦਾਦ, ਆਵਦੇ ਪੈਸੇ ਕੋਲ ਰੱਖੋ, ਮਤਲਬ ਕਿ ਉਹ ਤਾਂ ਰਿਸ਼ਤੇ-ਨਾਤੇ, ਪਰਿਵਾਰਕ ਮੋਹ-ਪਿਆਰ ਸਭ ਕੁਝ ਨੂੰ ਬੀਤੇ ਦੀ ਗੱਲ ਬਣਾਉਣ ਲੱਗੇ ਐ। ਮੁਕਦੀ ਗੱਲ ਇਹ ਹੈ ਕਿ ਇਹ ਦਿਨ-ਰਾਤ ਲੋਕਾਂ ਨੂੰ ਆਪਸ ’ਚ ਹੀ ਲੜਾਉਣ ਦੀਆਂ, ਦੁਸ਼ਮਣ ਬਣਾਉਣ ਦੀਆਂ ਚਾਲਾਂ ਚੱਲਦੇ ਐ, ਤਾਂ ਜੋ ਦੋ ਸਿਰ ਇਕੱਠੇ ਹੋ ਕੇ ਕਦੇ ਨਾ ਬੈਠ ਸਕਣ ।ਸਮਾਜਿਕ ਜ਼ਿੰਮੇਵਾਰੀ ਵਾਲਾ ਤਾਂ ਵਰਕਾ ਹੀ ਪਾੜਿਆ ਜਾ ਰਿਹੈ। ਨਿੱਜ ਭਾਰੂ ਹੋਣ ਕਰਕੇ ਇਸ ਦਾ ਸੰਤਾਪ ਅਸੀਂ ਸਾਰੇ ਹੰਢਾਅ ਰਹੇ ਹਾਂ।ਇਹੀ ਸਾਡੇ ਹੁਕਮਰਾਨਾਂ ਦੀ ਉਮਰ ਲੰਮੀ ਕਰ ਰਿਹਾ ਐ ।

ਅੱਜਕੱਲ੍ਹ ਮਾਨਸਿਕ ਰੋਗੀਆਂ ਦੀ ਗਿਣਤੀ ਲਗਾਤਾਰ ਵਧ ਰਹੀ ਐ,ਖੁਦਕੁਸ਼ੀਆਂ, ਕਤਲੋ-ਗਾਰਤ, ਲੁੱਟ-ਖੋਹ, ਤਰ੍ਹਾਂ-ਤਰ੍ਹਾਂ ਦੇ ਨਸ਼ੇ ਕਾਰਨ ਮੌਤਾਂ, ਜੁਆਨੀ ਵਿੱਚ ਹੀ ਹਾਰਟ ਅਟੈਕ ਅਤੇ ਹੋਰ ਅਨੇਕਾਂ ਉਹ ਬਿਮਾਰੀਆਂ ਨੌਜੁਆਨਾਂ ਨੂੰ ਘੇਰ ਰਹੀਆਂ ਹਨ, ਜਿਹਨਾਂ ਨੂੰ ਬੁਢਾਪੇ ਦੀਆਂ ਅਲਾਮਤਾਂ ਸਮਝਿਆ ਜਾਂਦਾ ਸੀ। ਇਹ ਕਿਹੋ ਜਿਹਾ ਵਿਕਾਸ ਐ ਅਤੇ ਇਹਦੇ ’ਚ ਕੀਹਦਾ ਵਿਕਾਸ ਐ ?

ਇਹ ਸੁਆਲ ਸਾਡੇ ਮਨ-ਮਸਤਕ ’ਚ ਜ਼ਰੂਰ ਉਠਣਾ ਚਾਹੀਦਾ ਐ,ਇਹਦੇ ਹੱਲ ਲਈ ਅਹੁਲਣਾ ਵੀ ਚਾਹੀਦਾ ਐ, ਸੋਹਣਾ ਸਮਾਜ ਸਿਰਜਣ ’ਚ ਆਵਦਾ ਬਣਦਾ ਹਿੱਸਾ ਪਾਉਣਾ ਚਾਹੀਦੈ, ਜਿਹਦੇ ਵਿੱਚ :

ਧੀਆਂ-ਪੁੱਤਾਂ ਦਾ ਬਾਪ ਰਾਜਾ, ਮਾਂ ਰਾਣੀ,
ਕਦੇ ਨਾ ਭਰਨ ਬੁਢੇਪੇ ਪਾਣੀ।

**#ਸੰਪਰਕ : 94630-23100**

# ਦਲ-ਬਦਲੂ ਰਾਜਨੀਤੀ ਅਤੇ ਲੋਕਾਂ ਦੀਆਂ ਆਸਾਂ

ਮੇਜਰ ਸਿੰਘ ਨਾਭਾ

ਭਾਰਤ ਅੰਦਰ ਦਲ-ਬਦਲੂਆਂ ਦਾ ਵੱਡੇ ਗਰੁੱਪਾਂ ’ਚ ਦੂਜੀ ਪਾਰਟੀ ’ਚ ਸੱਤਾ ਦੇ ਲਾਲਚ ਨਾਲ ਜਾਣ ਦੀ ਰੀਤ ਪਿਛਲੇ ਲੰਮੇ ਸਮੇਂ ਤੋਂ ਚਲੀ ਆ ਰਹੀ ਹੈ । ਇਸੇ ਸੰਦਰਭ ਵਿੱਚ ਪੰਜਾਬ ਦੇ ਰਾਜ ਸਭਾ ਮੈਂਬਰਾਂ ਦਾ ਇੱਕ ਪਾਰਟੀ ਦਾ ਛੇ ਮੈਂਬਰਾਂ ਦਾ ਗਰੁੱਪ ਦੂਜੀ ਪਾਰਟੀ ਵਿੱਚ ਸ਼ਾਮਲ ਹੋ ਗਿਆ ਹੈ, ਜਿਸ ਨੇ ਦਲ-ਬਦਲੂਆਂ ਨੂੰ ਆਉਣ ਵਾਲੇ ਸਮੇਂ ਵਿੱਚ ਹੋਰ ਹੱਲਾਸ਼ੇਰੀ ਦੇਣ ਦਾ ਕੰਮ ਤਾਂ ਜ਼ਰੂਰ ਕੀਤਾ ਹੈ । ਲੋਕਾਂ ਦੀ ਭਾਵਨਾਵਾਂ ਨਾਲ ਇਨ੍ਹਾਂ ਨੂੰ ਕੋਈ ਸਰੋਕਾਰ ਨਹੀਂ ਹੁੰਦਾ । ਭਾਰਤ ਨੂੰ ਲੋਕਤੰਤਰੀ ਦੇਸ਼ ਮੰਨਿਆ ਗਿਆ ਹੈ ।ਲੋਕਤੰਤਰ , ਸਰਕਾਰ ਦਾ ਉਹ ਸਿਸਟਮ ਹੈ, ਜਿਥੇ ਲੋਕਾਂ ਕੋਲ ਸ਼ਕਤੀ ਹੁੰਦੀ ਹੈ , ਉਹ ਸਿੱਧੇ ਜਾਂ ਅਸਿੱਧੇ ਤੌਰ ’ਤੇ ਆਪਣੇ ਚੁਣੇ ਹੋਏ ਪ੍ਰਤੀਨਿਧਾਂ ਰਾਹੀਂ ਇਸ ਸਿਸਟਮ ਨੂੰ ਚਲਾਉਂਦੇ ਹਨ ।ਅਬਰਾਹਿਮ ਲਿੰਕਨ ਅਨੁਸਾਰ ‘ਲੋਕਾਂ ਦਾ , ਲੋਕਾਂ ਲਈ ਅਤੇ ਲੋਕਾਂ ਦੁਆਰਾ ਸ਼ਾਸਨ’ ਲੋਕਤੰਤਰ ਨੂੰ ਪ੍ਰੀਭਾਸ਼ਿਤ ਕੀਤਾ ਹੈ ।ਇਸ ਨੂੰ ਭਾਰਤੀ ਸੰਵਿਧਾਨ ਅੰਦਰ ਨਿਰਪੱਖ ਚੋਣਾਂ ਕਰਵਾਉਣ ਲਈ ਆਰਟੀਕਲ 324 ਅਧੀਨ ਚੋਣ ਕਮਿਸ਼ਨਰ ਦੀ ਵਿਵਸਥਾ ਕੀਤੀ ਗਈ ਹੈ, ਜਿਸ ਨੂੰ ਸਮੇਂ ਤੋਂ ਪਹਿਲਾਂ ਹਟਾਉਣਾ ਮੁਸ਼ਕਲ ਹੈ।ਇਹ ਔਖੀ ਪ੍ਰਕ੍ਰਿਆ ਕਰਕੇ ਚੋਣ ਪ੍ਰਕ੍ਰਿਆ ਵਿੱਚ ਵੀ ਕਾਫੀ ਸੁਧਾਰ ਆਏ ਹਨ।ਸੰਨ 1950 ’ਚ ਇੱਕ ਮੈਂਬਰੀ ਚੋਣ ਕਮਿਸ਼ਨਰ ਹੋਂਦ ‘ਚ ਆ ਗਿਆ ਸੀ, ਸਮੇਂ ਦੇ ਨਾਲ-ਨਾਲ ਮੈਂਬਰਾਂ ਦੀ ਗਿਣਤੀ ’ਚ ਬਦਲਾਅ ਵੀ ਹੁੰਦਾ ਆ ਰਿਹਾ ਹੈ। ਚੋਣ ਪ੍ਰਕ੍ਰਿਆ ਵਿੱਚ ਸੁਧਾਰ ਕਰਨ ਲਈ ਸਮੇਂ ਦੇ ਨਾਲ-ਨਾਲ ਚੋਣ ਕਮਿਸ਼ਨ ਵੱਲੋਂ ਨਵਾਂ ਚੋਣ ਜ਼ਾਬਤਾ ਲਾਇਆ ਜਾਂਦਾ ਹੈ।ਪਿਛਲੇ ਦੋ ਦਹਾਕੇ ਦੌਰਾਣ ਜਿੰਨੀਆਂ ਵੀ ਰਾਜਾਂ ਅਤੇ ਲੋਕ ਸਭਾ ਦੀਆਂ ਚੋਣਾਂ ਹੋਈਆਂ ਹਨ, ਉਨ੍ਹਾਂ ਵਿੱਚ ਝੂਠੇ ਵਾਅਦੇ, ਇੱਕ ਦੂਜੇ ’ਤੇ ਚਿੱਕੜ ਉਛਾਲਣਾ, ਗੁੰਡਾਗਰਦੀ, ਅਸਭਿਅਕ ਬੋਲਣਾ, ਦਲ ਬਦਲੀ ਆਦਿ ਦਾ ਬੋਲਬਾਲਾ ਵਧਦਾ ਹੀ ਆ ਰਿਹਾ ਹੈ।ਹੁਣ ਇਹ ਸਾਰਾ ਕੁਝ ਵਿਧਾਨ ਸਭਾ ਵਿੱਚ ਪਨਪਣ ਲੱਗ ਪਿਆ ਹੈ, ਜਿਸ ਨਾਲ ਵਿਧਾਨ ਸਭਾ ਦੀ ਮਰਿਆਦਾ ਨੂੰ ਗੰਦਲਾ ਕਰ ਦਿੱਤਾ ਗਿਆ ਹੈ । ਪਿਛਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਤਾਂ ਪੰਜਾਬ ’ਚ ਦਲ-ਬਦਲੂਆਂ ਨੇ ਹੱਦ ਹੀ ਕਰ ਦਿੱਤੀ।ਕਿਸੇ ਰਾਜਨੀਤਕ ਨੇਤਾ ਨੂੰ ਇੱਕ ਪਾਰਟੀ ਪਹਿਲਾਂ ਮਾੜੀ ਲੱਗੀ, ਦੂਜੀ ’ਚ ਜਾ ਕੇ ਖ਼ੂਬ ਪਹਿਲੀ ਪਾਰਟੀ ਦੇ ਪ੍ਰਧਾਨ ਅਤੇ ਹੋਰ ਨੇਤਾਵਾਂ ’ਤੇ ਭਾਂਤ-ਸਭਾਂਤੇ ਦੋਸ਼ ਲਾਏ, ਪਰ ਜਦੋਂ ਉਸ ਨੂੰ ਦੂਜੀ ਪਾਰਟੀ ’ਚ ਵੀ ਉਸ ਤੋਂ ਵੀ ਵੱਧ ਮਾੜਾ ਲੱਗਿਆ ਤਾਂ ਫਸਿਆ ਮਹਿਸੂਸ ਕੀਤਾ ਤਾਂ ਫਿਰ ਉਸੇ ਪਹਿਲੀ ਪਾਰਟੀ ’ਚ ਆਉਣ ਦਾ ਮਨ ਬਣਾ ਲਿਆ, ਇਹੋ ਜਿਹੇ ਮੌਕੇ ‘ਘਰ ਵਾਪਸੀ’ ਕਹਿ ਕੇ ਖੁਸ਼ੀ ਮਨਾਈ ਜਾਂਦੀ ਹੈ।ਕਈਆਂ ਨੇ ਕਈ-ਕਈ ਪਾਰਟੀਆਂ ’ਚ ਸ਼ਮੂਲੀਅਤ ਕੀਤੀ ਹੈ।ਕਈਆਂ ਨੇ ਨਵੀਂ ਪਾਰਟੀ ਬਣਾ ਕੇ ਆਪਣੀ ਵੱਖਰੀ ਹੋਂਦ ਨੂੰ ਬਰਕਰਾਰ ਰੱਖਣ ਦੀ ਕੋਸ਼ਿਸ਼ ਕੀਤੀ ਹੈ।ਨਵੀਂ ਪਾਰਟੀ ਬਣਾਉਣ ਵਾਲਾ ਉਂਝ ਤਾਂ ਦਲ ਬਦਲੂਆਂ ਤੋਂ ਵਧੀਆ ਸੋਚ ਦਾ ਹੋ ਸਕਦਾ ਹੈ, ਪਰ ਉਸ ਨੂੰ ਵੀ ਮਜਬੂਰਨ ਦਲ ਬਦਲੀ ਵਾਲੇ ਨੇਤਾ ਆਪਣੀ ਪਾਰਟੀ ਵਿੱਚ ਸ਼ਾਮਲ ਕਰਨੇ ਪੈ ਜਾਂਦੇ ਹਨ।ਇਸ ਤਰ੍ਹਾਂ ਇਹੋ ਜਿਹੀਆਂ ਬਣੀਆਂ ਪਾਰਟੀਆਂ ਹਮੇਸ਼ਾ ਤਕਰੀਬਨ ਖਤਮ ਹੁੰਦੀਆਂ ਆਈਆਂ ਹਨ ਜਾਂ ਕਿਸੇ ਪਾਰਟੀ ਵਿੱਚ ਰਲੇਵਾਂ ਕਰਨ ਲਈ ਮਜਬੂਰ ਹੋ ਜਾਂਦੀਆਂ ਹਨ।ਪਿਛਲੇ ਦੌਰ ’ਚ ਇਥੋਂ ਤੱਕ ਸਾਬਕਾ ਮੁੱਖ ਮੰਤਰੀ ਅਤੇ ਪਾਰਟੀਆਂ ਦੇ ਪ੍ਰਧਾਨ ਵੀ ਦਲ-ਬਦਲੂਆਂ ਦਾ ਠੱਪਾ ਲਵਾ ਚੁੱਕੇ ਹਨ ।ਇਹ ਨੇਤਾ ਇੱਕ ਦਿਨ ਪਹਿਲਾਂ ਪਾਰਟੀ ’ਚ ਸ਼ਾਮਲ ਹੁੰਦੇ ਹਨ, ਦੂਸਰੇ ਦਿਨ ਉਨ੍ਹਾਂ ਨੂੰ ਪਾਰਟੀ ਦੀ ਟਿਕਟ ਚੋਣ ਲੜਨ ਲਈ ਮਿਲ ਜਾਂਦੀ ਹੈ ।ਕਿਸੇ ਵੀ ਪਾਰਟੀ ਦੇ ਮਿਹਨਤੀ ਵਰਕਰਾਂ ਲਈ ਇਹੋ ਜਿਹੇ ਹਾਲਾਤ ਨਾਮੋਸ਼ੀ ਪੈਦਾ ਕਰਦੇ ਹਨ । ਪੰਜਾਬ ’ਚ ਸਾਰੀਆਂ ਪਾਰਟੀਆਂ ਦੂਜੀਆਂ ਪਾਰਟੀਆਂ ’ਚੋਂ ਤੋੜ-ਵਿਛੋੜਾ ਕਰਨ ਲਈ ਲੀਡਰਾਂ/ ਮੈਂਬਰਾਂ ਨੂੰ ਗੰਢਣ ’ਚ ਲੱਗੀਆਂ ਰਹੀਆਂ । ਸੰਸਦ ਚੋਣਾਂ ’ਚ ਐਤਕੀਂ ਪਿਛਲੇ ਸਮੇਂ ਦੌਰਾਨ ਹੋਈਆਂ ਚੋਣਾਂ ਨਾਲੋਂ ਵਧੇਰੇ ਦਲ-ਬਦਲੂਆਂ ਨੂੰ ਟਿਕਟਾਂ ਮਿਲੀਆਂ ਹਨ । ਲੋਕਤੰਤਰ ਨੂੰ ਬਚਾਉਣ ਲਈ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਇਕੱਠੇ ਹੋ ਕੇ ਕੁਝ ਸ਼ਰਤਾਂ ਅਧੀਨ ਦੂਸਰੇ ਪਾਰਟੀ ਮੈਂਬਰਾਂ ਦੀ ਸ਼ਮੂਲੀਅਤ ਲਈ ਸਹਿਮਤੀ ਬਣਾਉਣੀ ਚਾਹੀਦੀ ਹੈ ।ਹੁਣ ਤਾਂ ਜਣੇ-ਖਣੇ ਦੇ ਗਲ ’ਚ ਆਪਣੀ ਪਾਰਟੀ ਦੇ ਲੋਗੋ ਵਾਲਾ ਦੋ ਮੀਟਰ ਕੱਪੜਾ ਪਾ ਕੇ ਆਪਣੀ ਪਾਰਟੀ ’ਚ ਸ਼ਾਮਲ ਕਰ ਲਿਆ ਜਾਂਦਾ ਹੈ ।

ਅੱਜ ਦੇ ਵੋਟਰ ਲਈ ਕਿਸੇ ਵੀ ਚੋਣ ਲਈ ਸਹੀ ਉਮੀਦਵਾਰ ਦੀ ਚੋਣ ਕਰਨੀ ਮੁਸ਼ਕਿਲ ਕੰਮ ਹੋ ਗਿਆ ਹੈ।ਪਹਿਲਾਂ ਬਹੁਤੇ ਉਮੀਦਵਾਰਾਂ ਦਾ ਕਿਰਦਾਰ ਸਾਫ ਹੁੰਦਾ ਸੀ, ਪਰ ਹੁਣ ਇਹ ਉਲਟ ਜਾਪਦਾ ਲੱਗ ਰਿਹਾ ਹੈ।ਭਾਰਤੀ ਚੋਣ ਕਮਿਸ਼ਨ ਨੇ ਚੋਣ ਪ੍ਰਕ੍ਰਿਆ ਵਿੱਚ ਭਾਵੇਂ ਬਹੁਤ ਸਾਰੇ ਸੁਧਾਰ ਕੀਤੇ ਹਨ, ਪਰ ਅਜੇ ਵੀ ਹੋਰ ਸਖਤ ਕਦਮ ਪੁੱਟਣ ਦੀ ਲੋੜ ਹੈ।ਭਾਵੇਂ 1985 ’ਚ ਦਲ-ਬਦਲੂ ਵਿਰੋਧੀ ਐਕਟ 52ਵੀਂ ਸੋਧ ਕਰਕੇ ਹੋਂਦ ਵਿੱਚ ਆ ਚੁੱਕਾ ਹੈ, ਜਿਸ ਅਨੁਸਾਰ ਕਿਸੇ ਸੰਸਦ ਜਾਂ ਰਾਜ ਵਿਧਾਨ ਸਭਾ ਮੈਂਬਰ ਵੱਲੋਂ ਸਵੈ-ਇੱਛਾ ਨਾਲ ਦਲ ਨੂੰ ਤਿਆਗਣ ਕਰਕੇ ਜਾਂ ਪਾਰਟੀ ਵਿੱਪ੍ਰ ਦੀ ਉਲੰਘਣਾ ਕਰਨ ਕਰਕੇ ਉਸ ਦੀ ਮੈਂਬਰਸ਼ਿਪ ਖਤਮ ਹੋ ਸਕਦੀ ਹੈ।ਇਸ ਐਕਟ ਅਧੀਨ ਜੇਕਰ ਇੱਕ ਤਿਹਾਈ ਮੈਂਬਰ ਕਿਸੇ ਪਾਰਟੀ ਤੋਂ ਅਲੱਗ ਹੁੰਦੇ ਹਨ ਤਾਂ ਉਹ ਆਯੋਗ ਨਹੀਂ ਠਹਿਰਾਏ ਜਾ ਸਕਦੇ, ਪਰ ਬਾਅਦ ’ਚ 91ਵੀਂ ਸੋਧ ਕਰਕੇ ਇਹ ਅਨੁਪਾਤ ਦੋ ਤਿਹਾਈ ਕਰ ਦਿੱਤਾ ਗਿਆ।ਇਸ ਅਨੁਸਾਰ ਉਹ ਨਵਾਂ ਗਰੁੱਪ ਨਹੀਂ ਬਣਾ ਸਕਦੇ, ਸਗੋਂ ਕਿਸੇ ਦਲ ਵਿੱਚ ਸ਼ਾਮਲ ਹੋ ਸਕਦੇ ਹਨ।ਕਿਸੇ ਮੈਂਬਰ ਬਾਰੇ ਇਹ ਫੈਸਲਾ ਵਿਧਾਨ ਸਭਾ ਜਾਂ ਲੋਕ ਸਭਾ ਦੇ ਸਪੀਕਰ ਜਾਂ ਚੇਅਰਮੈਨ ਨੇ ਆਪਣੇ ਵਿਵੇਕ ’ਤੇ ਕਰਨਾ ਹੁੰਦਾ ਹੈ।ਭਾਵੇਂ ਇਸ ਪ੍ਰਕ੍ਰਿਆ ਨੂੰ ਨਿਆਂ ਪਾਲਿਕਾ ਦੇ ਘੇਰੇ ਤੋਂ ਮੁਕਤ ਰੱਖਿਆ ਗਿਆ, ਪਰ ਫਿਰ ਵੀ ਨਿਆਂ ਪਾਲਿਕਾ ਨੂੰ ਕਈ ਕੇਸਾਂ ਵਿੱਚ ਦਖਲ ਦੇਣਾ ਪਿਆ ਹੈ।ਇਸ ਨਾਲ ਦਲ ਬਦਲੂਆਂ ਲਈ ਵੋਟਰ ਨੂੰ ਬੜਾ ਕੁਝ ਸੋਚਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਪਰ ਪੰਜਾਬ ਅੰਦਰ ਇਹ ਰੁਝਾਣ ਦਿਨੋ ਦਿਨ ਵੱਧਦਾ ਜਾ ਰਿਹਾ ਹੈ ਜੋ ਕਿ ਲੋਕਤੰਤਰ ਲਈ ਚਿੰਤਾ ਦਾ ਵਿਸ਼ਾ ਹੈ।ਸਾਡੇ ਦੇਸ਼ ਦੇ ਨੇਤਾਵਾਂ ਲਈ ਗੰਭੀਰਤਾ ਨਾਲ ਸੋਚਣ ਦਾ ਮਾਮਲਾ ਹੈ।ਕਿਸੇ ਵੀ ਪਾਰਟੀ ਦਾ ਅਨੁਸ਼ਾਸਨ ਸਾਰਿਆਂ ਲਈ ਮਹੱਤਵ ਰੱਖਦਾ ਹੈ।ਜੇਕਰ ਕਿਸੇ ਮੈਂਬਰ ਨੂੰ ਪਾਰਟੀ ਦਾ ਕੰਮ , ਨੀਤੀਆਂ ਆਦਿ ਚੰਗੀਆਂ ਨਹੀਂ ਲੱਗਦੀਆਂ ਤਾਂ ਉਹ ਪਾਰਟੀ ਤਾਂ ਛੱਡ ਸਕਦਾ ਹੋਵੇ, ਪਰ ਹੋਰ ਪਾਰਟੀ ’ਚ ਜਾਣ ਲਈ ਉਸ ਲਈ ਸਮਾਂ ਤੈਅ ਕੀਤਾ ਜਾਣਾ ਚਾਹੀਦਾ ਹੈ ਕਿ ਕਿੰਨਾ ਸਮਾਂ ਹੋਰ ਕਿਸੇ ਪਾਰਟੀ ਵਿੱਚ ਨਹੀਂ ਜਾ ਸਕਦਾ।ਇਹ ਤਾਂ ਉਂਝ ਉਸ ਨੇਤਾ ਨੂੰ ਵੀ ਚਾਹੀਦਾ ਕਿ ਜਲਦੀ ’ਚ ਦੂਜੀ ਪਾਰਟੀ ’ਚ ਨਾ ਜਾਵੇ, ਜਿਸ ਬਾਰੇ ਉਹ ਪਹਿਲਾਂ ਮੰਦਾ ਬੋਲ ਚੁੱਕਿਆ ਹੈ।ਇਸ ਨਾਲ ਉਸ ਦਾ ਅਕਸ ਵੀ ਲੋਕਾਂ ਸਾਹਮਣੇ ਖਰਾਬ ਨਹੀਂ ਹੋਵੇਗਾ। ਇਸ ਤਰ੍ਹਾਂ ਦਾ ਵਰਤਾਰਾ ਸਾਡੇ ਸਮਾਜ ਅੰਦਰ ਨੈਤਿਕ ਕਦਰਾਂ-ਕੀਮਤਾਂ ਦਾ ਘਾਣ ਕਰਨ ਲਈ ਰੋਲ ਅਦਾ ਕਰਦਾ ਹੈ।ਚੋਣ ਕਮਿਸ਼ਨ ਦਲ-ਬਦਲੂਆਂ ’ਤੇ ਘੱਟੋ-ਘੱਟ ਪੰਜ ਸਾਲ ਲਈ ਉਨ੍ਹਾਂ ਦੀਆਂ ਰਾਜਨੀਤਕ ਸਰਗਰਮੀਆਂ ਤੇ ਰੋਕ ਲਾਏ।ਦਲ ਬਦਲਣ ਵਾਲੇ ਨੇਤਾ ਆਪਣੀ ਸੰਸਦ ਜਾਂ ਵਿਧਾਨ ਸਭਾ ਮੈਂਬਰੀ ਤੋਂ ਤਿਆਗ ਪੱਤਰ ਦੇ ਕੇ ਜ਼ਿਮਨੀ ਚੋਣਾਂ ਦਾ ਰਾਹ ਪੱਧਰਾ ਕਰ ਦਿੰਦੇ ਹਨ, ਭਾਵੇਂ ਟਰਮ ਮੁਤਾਬਕ ਚੋਣਾਂ ’ਚ ਥੋੜ੍ਹਾ ਸਮਾਂ ਹੀ ਰਹਿੰਦਾ ਹੋਵੇ। ਇਸ ਤਰ੍ਹਾਂ ਕਰੋੜਾਂ ਰੁਪਿਆ ਸਰਕਾਰ ਅਤੇ ਨੇਤਾਵਾਂ ਦਾ ਫਜ਼ੂਲ ਖਰਚਿਆ ਜਾਂਦਾ ਹੈ ।ਇਨ੍ਹਾਂ ਚੋਣਾਂ ’ਤੇ ਖਰਚ ਵੀ ਕਈ ਗੁਣਾਂ ਵੱਧ ਹੁੰਦਾ ਹੈ, ਕਿਉਂ ਕਿ ਰਾਜ ਦੀ ਹਰੇਕ ਪਾਰਟੀ ਦੀ ਲੀਡਰਸਿਪ ਚੋਣ ਹਲਕੇ ਵਿੱਚ ਡੇਰੇ ਲਾ ਬੈਠਦੀ ਹੈ ।

ਲੋਕਤੰਤਰ ਦਾ ਭਵਿੱਖ ਭਾਰਤ ਵਿੱਚ ਧੁੰਦਲਾ ਦਿਖਾਈ ਦੇ ਰਿਹਾ ਹੈ। ਲੋਕਾਂ ਦੁਆਰਾ ਚੁਣੇ ਸੱਤਾ ਦਾ ਆਨੰਦ ਮਾਣ ਰਹੇ ਮੁੱਖ ਮੰਤਰੀ ਤੱਕ ਹੁਣ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਮੁਕਰਨ ਨੂੰ ਵੀ ਟਿੱਚ ਸਮਝਦੇ ਹਨ ।ਸ਼ੋਸਲ ਮੀਡੀਏ ’ਚ ਉਨ੍ਹਾਂ ਦੇ ਆਪਾ ਵਿਰੋਧੀ ਬੋਲ ਸੁਣ ਕੇ ਕੀ ਉਨ੍ਹਾਂ ਨੂੰ ਸ਼ਰਮ ਨਹੀਂ ਆਉਂਦੀ ਹੋਵੇਗੀ , ਸ਼ਾਇਦ ਇਹ ਲੋਕਾਂ ਦੇ ਹਰਮਨ-ਪਿਆਰੇ ਨੇਤਾ ਹੌਲੀ ਹੌਲੀ ਪੱਥਰ ਦਿਲ ਬਣਨ ਵੱਲ ਚਲੇ ਜਾਂਦੇ ਹਨ । ਭਾਵੇਂ ਵੋਟਰ ਨੂੰ ਵੀ ਆਪਣੀ ਵੋਟ ਸ਼ਕਤੀ ਨਾਲ ਬਦਲਾਅ ਕਰਨ ਦਾ ਅਧਿਕਾਰ ਹੈ ਪਰ ਯੋਗ ਉਮੀਦਵਾਰ ਪਛਾਨਣਾ ਇਸ ਸਮੇਂ ਉਸ ਲਈ ਚੁਣੌਤੀ ਭਰਿਆ ਕੰਮ ਹੈ, ਇਹੋ ਤ੍ਰਾਸਦੀ ਹੈ ਜੋ ਕਿ ਬਹੁਤੇ ਵੋਟਰ ਕਰ ਨਹੀਂ ਪਾਉਂਦੇ, ਜੋ ਕਿ ਲੋਕਤੰਤਰ ਨੂੰ ਬਰਕਰਾਰ ਰੱਖਣ ਲਈ ਚੰਗਾ ਰੁਝਾਨ ਨਹੀਂ ਜਾਪਦਾ।

**# ਸੰਪਰਕ : 94635-53962**

# ਪਾਠਕ-ਸੱਥ

## ਨਸ਼ਿਆਂ ਨੂੰ ਖ਼ਤਮ ਕਰਨ ਲਈ ਸਾਂਝੇ ਯਤਨਾਂ ਦੀ ਲੋੜ

ਤਕਰੀਬਨ ਇਕ ਸਾਲ ਪਹਿਲਾਂ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਛੇੜੀ ਗਈ ਹੈ । ਜੇ ਪਿਛਲੇ ਸਾਲ ਦੇ ਅੰਕੜੇ ਦੇਖੇ ਜਾਣ ਤਾਂ ਸਰਕਾਰ ਨਸ਼ਿਆਂ ਦੇ ਵਰਤਾਰੇ ਨੂੰ ਕੰਟਰੋਲ ਕਰਨ ਲਈ ਗੰਭੀਰਤਾ ਨਾਲ ਯਤਨ ਕਰ ਰਹੀ ਹੈ । ਹੁਣ ਤੱਕ ਤਕਰੀਬਨ 25000 ਤੋਂ ਵੱਧ ਮਾਮਲੇ ਦਰਜ ਕਰ ਦਿੱਤੇ ਗਏ ਹਨ ਤੇ 23000 ਦੇ ਕਰੀਬ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਗਈਆਂ ਹਨ। ਨਸ਼ਾ ਵੇਚ ਕੇ ਬਣਾਈ ਜਾਇਦਾਦ ਵੀ ਕੁਰਕ ਕੀਤੀ ਗਈ ਹੈ। ਸਰਕਾਰ ਨੇ ਪਿਛਲੇ ਸਾਲ ਆਪਣੇ ਹੀ ਪੁਲਸ ਵਿਭਾਗ ਦੀ ਕਾਂਸਟੇਬਲ ਨੂੰ ਚਿੱਟਾ ਵੇਚਦੇ ਫੜਿਆ ਸੀ ।ਗੁਆਂਢੀ ਦੇਸ਼ ਪਾਕਿਸਤਾਨ ਤੋਂ ਡਰੋਨਾਂ ਰਾਹੀਂ ਹੈਰੋਇਨ ਸੁੱਟੀ ਜਾਂਦੀ ਹੈ। ਪੁਲਸ ਵੱਲੋਂ ਲਗਾਤਾਰ ਨਸ਼ੀਲਾ ਪਦਾਰਥ ਫੜਨ ਦੀਆਂ ਖਬਰਾਂ ਆਮ ਪੜਦੇ ਹਾਂ। ਛੋਟੀ-ਛੋਟੀ ਉਮਰ ਦੇ ਲੜਕਿਆਂ ਦੀਆਂ ਲਾਸ਼ਾਂ ਫਿਰਨੀਆਂ, ਸੁੰਨਸਾਨ ਥਾਵਾਂ ’ਤੇ ਸਰਿੰਜਾਂ ਲੱਗੀਆਂ ਹੋਈਆਂ ਦੇਖੀਆਂ। ਸਰਕਾਰ ਹਰ ਰੋਜ਼ ਕਿਸੇ ਨਾ ਕਿਸੇ ਥਾਂ ਤੋਂ ਵੱਡੀ ਮਾਤਰਾ ਵਿੱਚ ਨਸ਼ਾ ਪਦਾਰਥ ਫੜਨ ਦੀਆਂ ਖਬਰਾਂ ਆਮ ਸੁਣਦੇ ਹਾਂ। ਸਰਕਾਰ ਦੀ ਇਹ ਬਹੁਤ ਹੀ ਸ਼ਲਾਘਾਯੋਗ ਪਹਿਲ ਹੈ। ਇਸ ਵਾਰ ਬਜਟ ਵਿੱਚ ਵੀ 250 ਕਰੋੜ ਰੁਪਏ ਦਾ ਫੰਡ ਰਾਖਵਾਂ ਰੱਖਿਆ ਗਿਆ ਹੈ, ਪਰ ਵੱਖ ਵੱਖ ਜ਼ਿਲ੍ਹਿਆਂ ਵਿੱਚ ਲਗਾਤਾਰ ਨਸ਼ਿਆਂ ਕਾਰਨ ਨੌਜਵਾਨਾਂ ਦੀ ਮੌਤਾਂ ਦੀਆਂ ਖਬਰਾਂ ਆਮ ਮਿਲ ਰਹੀਆਂ ਹਨ। ਹਰ ਰੋਜ਼ ਦੋ ਤੋਂ ਤਿੰਨ ਖਬਰਾਂ ਚਿੱਟੇ ਕਾਰਨ ਹੋ ਰਹੀਆਂ ਮੌਤਾਂ ਦੀਆਂ ਆਮ ਛਪ ਰਹੀਆਂ ਹਨ। ਪੰਜਾਬ ਦੀ ਜਵਾਨੀ ਖਤਮ ਕਰ ਦਿੱਤੀ ਹੈ । ਛੇ-ਛੇ ਫੁੱਟ ਦੇ ਤਕੜੇ ਨੌਜਵਾਨਾਂ ਨੂੰ ਪਤਾ ਨਹੀਂ ਇਹ ਚੰਦਰੀ ਬਿਮਾਰੀ ਕਿੱਥੋਂ ਲੱਗ ਗਈ ਹੈ। ਅੱਜ ਅਨੇਕਾਂ ਪਰਵਾਰਾਂ ਵਿੱਚ ਲੜਾਈ-ਝਗੜਿਆਂ ਦਾ ਵੱਡਾ ਕਾਰਨ ਨਸ਼ਿਆਂ ਦਾ ਵਰਤਾਰਾ ਹੀ ਹੈ। ਜਿਹੜੇ ਨੌਜਵਾਨਾਂ ਕੋਲ ਰੁਜ਼ਗਾਰ ਨਹੀਂ, ਉਹ ਨਸ਼ਿਆਂ ਦੀ ਭੇਟ ਚੜ੍ਹ ਰਹੇ ਹਨ। ਨੌਜਵਾਨੀ ਨੂੰ ਵਿਦੇਸ਼ ਭੇਜਣ ਦਾ ਮਾਂ-ਬਾਪ ਦਾ ਵੀ ਇਹ ਵੀ ਵੱਡਾ ਕਾਰਨ ਹੈ ਕਿ ਜੇ ਇੱਥੇ ਰਹਿ ਗਏ ,ਪਤਾ ਨਹੀਂ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਉਹਨਾਂ ਦਾ ਕੀ ਹਾਲ ਹੋਵੇਗਾ।

ਪੰਚਾਇਤਾਂ ਵੱਲੋਂ ਵੀ ਹੰਭਲਾ ਮਾਰਿਆ ਗਿਆ ਹੈ। ਉਨ੍ਹਾਂ ਨੇ ਸਾਫ਼ ਕਹਿ ਦਿੱਤਾ ਹੈ ਕਿ ਪਿੰਡ ਵਿੱਚ ਜੋ ਵੀ ਨਸ਼ਾ ਵੇਚੇਗਾ, ਉਸ ਦਾ ਸੰਪੂਰਨ ਬਾਈਕਾਟ ਕੀਤਾ ਜਾਵੇਗਾ। ਪਿੰਡਾਂ ਵਿੱਚ ਨਸ਼ਿਆਂ ਦੇ ਵਧਦੇ ਵਰਤਾਰੇ ਨੂੰ ਦੇਖਦਿਆਂ ਹਜ਼ਾਰਾਂ ਪਿੰਡਾਂ ਨੇ ਖੁਦ ਨੂੰ ਨਸ਼ਾ ਮੁਕਤ ਹੋਣ ਦਾ ਵੀ ਐਲਾਨ ਕੀਤਾ ਹੈ। ਪੁਲਿਸ ਪ੍ਰਸ਼ਾਸਨ ਪ੍ਰਭਾਵਿਤ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਉਹਨਾਂ ਦੀ ਮਦਦ ਵੀ ਕਰ ਰਹੀ ਹੈ। ਸਾਡੀ ਸਾਰਿਆਂ ਦੀ ਇਹ ਨੈਤਿਕ ਜਿੰਮੇਵਾਰੀ ਹੈ। ਕਿਉਂਕਿ ਨੌਜਵਾਨ ਕੱਲ ਦਾ ਭਵਿੱਖ ਹਨ।

**ਸੰਜੀਵ ਸਿੰਘ ਸੈਣੀ, ਸੰਪਰਕ : 78889-66168**

# ਗੈਸ ਸਿਲੰਡਰ ਦੀ ਕੀਮਤ 'ਚ ਵਾਧੇ ਵਿਰੁੱਧ ਮਜ਼ਦੂਰ ਜਥੇਬੰਦੀਆਂ ਵੱਲੋਂ ਰੋਸ ਮੁਜ਼ਾਹਰਾ

## ਮੋਦੀ ਸਰਕਾਰ ਦੇ ਰਾਜ 'ਚ ਮਹਿੰਗਾਈ ਅਮਰਵੇਲ ਵਾਂਗ ਵਧੀ : ਐਡਵੋਕੇਟ ਵਿਜੇ ਧੀਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜ ਰਾਜਾਂ ਦੀਆਂ ਚੋਣਾਂ ਹੋਣ ਤੋਂ ਤੁਰੰਤ ਬਾਅਦ ਕੇਂਦਰ ਦੀ ਮੋਦੀ ਸਰਕਾਰ ਨੇ ਕਾਰੋਬਾਰੀ ਐੱਲ ਪੀ ਜੀ ਗੈਸ ਸਿਲੰਡਰ ਦੇ ਮੁੱਲ ਵਿੱਚ ਬੇਤਹਾਸ਼ਾ 993 ਰੁਪਏ ਦਾ ਵਾਧਾ ਕਰਨਾ ਛੋਟੇ ਹੋਟਲਾਂ, ਢਾਬਿਆਂ ਤੇ ਟੀ ਸਟਾਲਾਂ, ਜੋ ਛੋਟੇ ਰੁਜ਼ਗਾਰ ਰਾਹੀਂ ਆਪਣਾ ਪਰਵਾਰ ਪਾਲ ਰਹੇ ਮਜ਼ਦੂਰ ਤਬਕੇ ਦੀ ਸੰਘੀ ਘੁੱਟਣਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਵੱਖ ਵੱਖ ਮਜ਼ਦੂਰ ਜਥੇਬੰਦੀਆਂ ਵੱਲੋਂ ਕਾਰੋਬਾਰ ਸਿਲੰਡਰ ਦੇ ਮਹਿੰਗਾ ਹੋਣ ਦੇ ਵਿਰੋਧ ਵਿੱਚ ਕੀਤੇ ਰੋਸ ਪ੍ਰਦਰਸ਼ਨ ਦੌਰਾਨ ਕੀਤਾ।ਇਸ ਮੌਕੇ ਉਨ੍ਹਾਂ ਨਾਲ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਵੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਹੁਣ ਇਹ ਕਾਰੋਬਾਰੀ ਨੂੰ ਇਹ ਸਿਲੰਡਰ 3000 ਰੁਪਏ ਤੋਂ ਵਧੇਰੇ ਮੁੱਲ ਤੇ ਮਿਲੇਗਾ, ਜੋ ਸਿੱਧਾ ਸਿੱਧਾ ਗਰੀਬ ਦੀ ਲੁੱਟ ਹੈ।ਆਗੂਆਂ ਨੇ ਰੋਸ ਪ੍ਰਦਰਸ਼ਨ ਕੀਤਾ ਤੇ ਕੇਂਦਰ ਸਰਕਾਰ ਤੋਂ ਇਹ 993 ਰੁਪਏ ਦਾ ਕੀਤਾ ਨਜਾਇਜ਼ ਵਾਧਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।

ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ 2014 ਤੋਂ ਪਹਿਲਾਂ ਜਦੋਂ ਗੈਸ ਸਿਲੰਡਰ 450 ਰੁਪਏ ਦਾ ਆਉਂਦਾ ਸੀ ਤਾਂ ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਸ ਸਮੇਂ ਦੀ ਕਾਂਗਰਸ ਦੀ ਮਨਮੋਹਨ ਸਿੰਘ ਦੀ ਕੇਂਦਰ ਸਰਕਾਰ ਤੇ ਮਜਾਕੀਆ ਤੰਜ ਕਸਦੇ ਸਨ, ਜਦਕਿ 2014 ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ ਮੋਦੀ ਸਰਕਾਰ ਦੇ ਰਾਜ ਵਿੱਚ ਘਰੇਲੂ ਗੈਸ ਸਿਲੰਡਰ 939 ਰੁਪਏ ਤੇ ਕਮਰਸ਼ੀਅਲ ਸਿਲੰਡਰ 3000 ਰੁਪਏ ਤੋਂ ਵੱਧ ਮਿਲਣ ਲੱਗ ਗਿਆ ਹੈ।ਧੀਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਬਾਅਦ ਮਹਿੰਗਾਈ ਦਿਨੋਂ ਦਿਨ ਅਮਰ ਵੇਲ ਵਾਂਗ ਵਧਦੀ ਜਾ ਰਹੀ ਹੈ।ਧੀਰ ਨੇ ਕਿਹਾ ਕਿ ਕਮਰਸ਼ੀਅਲ ਗੈਸ ਸਿਲੰਡਰ ਵਿੱਚ 993 ਰੁਪਏ ਦੇ ਕੀਤੇ ਵੱਧ ਦੇ ਨਾਲ ਦੇਸ਼ ਦੀ ਹੋਟਲ ਇੰਡਸਟਰੀ ਤੋਂ ਇਲਾਵਾ ਢਾਬੇ ਵਾਲੇ, ਖਾਣ ਪੀਣ ਦੀਆਂ ਵਸਤਾਂ ਵੇਚਣ, ਵਾਲੇ ਛੋਟੇ ਟੀ ਸਟਾਲ ਵਾਲੇ, ਰੇਹੜੀਆਂ ਵਾਲਿਆਂ ਦੇ ਕਾਰੋਬਾਰ ਪ੍ਰਭਾਵਿਤ ਹੋਣਗੇ ਤੇ ਸਾਰਾ ਬੋਝ ਉਪਭੋਗਤਾ ਤੇ ਆਮ ਜਨਤਾ 'ਤੇ ਪਵੇਗਾ।ਧੀਰ ਨੇ ਕਿਹਾ ਕਿ ਇਸ ਅੱਤ ਦੀ ਮਹਿੰਗਾਈ ਨੂੰ ਉਨੀਂ ਦੇਰ ਠੱਲ੍ਹ ਨਹੀਂ ਪੈਣੀ ਜਿੰਨੀ ਦੇਰ ਤੱਕ ਲੋਕ ਸੜਕਾਂ 'ਤੇ ਨਹੀਂ ਉਤਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਈ ਰਿਕਸ਼ਾ ਮਜ਼ਦੂਰ ਸੰਘ ਤੋਂ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ, ਜਸਵਿੰਦਰ ਸਿੰਘ ਡੱਡ, ਜਨਰਲ ਸਕੱਤਰ ਮੇਜਰ ਸਿੰਘ ਲੰਢੇਕੇ, ਕਮਲਦੀਪ ਕੌਰ, ਰਜਿੰਦਰ ਕਾਲਾ, ਗੁਰਚਰਨ ਸਿੰਘ, ਸੁਖਦੇਵ ਸਿੰਘ, ਜਸਵੰਤ ਸਿੰਘ ਜੱਸਾ, ਰਿੰਪੀ, ਮਦਨ ਲਾਲ, ਬੱਬੂ, ਗੁਰਚਰਨ ਸਿੰਘ ਬਹੋਨਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਬੀ ਕੇ ਯੂ ਖੋਸਾ ਨੇ ਮੰਡੀਆਂ 'ਚ ਲਿਫਟਿੰਗ ਦੀ ਮਾੜੀ ਹਾਲਤ ਤੇ ਬੈਂਕਾਂ ਖ਼ਿਲਾਫ਼ ਰੋਸ ਜਤਾਇਆ



**ਸ੍ਰੀ ਮੁਕਤਸਰ ਸਾਹਿਬ, ਮਲੋਟ (ਸ਼ਮਿੰਦਰਪਾਲ ਸਿੰਘ, ਪੂਜਾ, ਪਰਮਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਇੱਕ ਅਹਿਮ ਮੀਟਿੰਗ ਪੰਜਾਬ ਉਪ-ਪ੍ਰਧਾਨ ਭਗਵੰਤ ਮਿੱਡਾ ਦੀ ਪ੍ਰਧਾਨਗੀ ਹੇਠ ਮਾਰਕੀਟ ਕਮੇਟੀ ਮਲੋਟ ਵਿੱਚ ਹੋਈ, ਜਿਸ ਵਿੱਚ ਕਿਸਾਨੀ ਨਾਲ ਜੁੜੇ ਕਈ ਗੰਭੀਰ ਮੁੱਦਿਆਂ 'ਤੇ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਬੈਂਕਾਂ ਵੱਲੋਂ ਲਿਮਿਟ ਖਾਤਿਆਂ 'ਤੇ ਲਗਾਏ ਗਏ 23,000 ਤੇ 18,000 ਰੁਪਏ ਦੇ ਵਾਧੂ ਖਰਚਿਆਂ ਦਾ ਸਖ਼ਤ ਵਿਰੋਧ ਕੀਤਾ ਗਿਆ ਤੇ ਦੱਸਿਆ ਗਿਆ ਕਿ ਬੈਂਕ ਇਨ੍ਹਾਂ ਨੂੰ ਲਾਗੂ ਨਹੀਂ ਕਰ ਰਹੇ, ਜਿਸ ਕਾਰਨ ਕਿਸਾਨਾਂ ਨੇ ਹੜਤਾਲ ਕਰਕੇ ਬੈਂਕਾਂ ਨਾਲ ਹਰ ਤਰ੍ਹਾਂ ਦਾ ਲੈਣ-ਦੇਣ ਬੰਦ ਕੀਤਾ ਹੋਇਆ ਹੈ।ਇਸ ਦੇ ਨਾਲ ਹੀ ਮੰਡੀਆਂ ਵਿੱਚ ਕਣਕ ਦੀ ਤੁਲਾਈ ਤੇ ਲਿਫਟਿੰਗ ਨਾ ਹੋਣ ਕਾਰਨ ਕਿਸਾਨਾਂ ਨੇ ਚਿੰਤਾ ਜਤਾਈ, ਗੱਡੀਆਂ ਦੀ ਘਾਟ ਕਾਰਨ ਮੰਡੀਆਂ ਵਿੱਚ ਕਣਕ ਦੇ ਢੇਰ ਲੱਗੇ ਹੋਏ ਹਨ ਤੇ ਕਿਸਾਨ ਪ੍ਰੇਸ਼ਾਨ ਹੋ ਰਹੇ ਹਨ।ਯੂਨੀਅਨ ਵੱਲੋਂ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਕਿ ਜੋ 17 ਤਰੀਕ ਨੂੰ ਮੰਡੀਆਂ ਬੰਦ ਕਰਨ ਦੀ ਗੱਲ ਕਹੀ ਜਾ ਰਹੀ ਹੈ, ਉਹ ਕਿਸਾਨਾਂ ਨੂੰ ਮਨਜ਼ੂਰ ਨਹੀਂ ਹੈ, ਜਦੋਂ ਤੱਕ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਮੌਜੂਦ ਹੈ, ਉਦੋਂ ਤੱਕ ਮੰਡੀਆਂ ਨੂੰ ਚਾਲੂ ਰੱਖਿਆ ਜਾਵੇ।ਮੀਟਿੰਗ ਵਿੱਚ ਇਹ ਮੰਗ ਵੀ ਕੀਤੀ ਗਈ ਕਿ ਲੈਂਡ ਮਾਰਟਗੇਜ ਬੈਂਕਾਂ ਦੇ ਜਿਨ੍ਹਾਂ ਕਿਸਾਨਾਂ ਨੇ ਆਪਣੇ ਕਰਜ਼ੇ ਭਰ ਦਿੱਤੇ ਹਨ, ਉਨ੍ਹਾਂ ਨੂੰ ਬਣਦੀਆਂ ਰਸੀਦਾਂ ਤੇ ਐੱਨ.ਓ.ਸੀ. ਤੁਰੰਤ ਜਾਰੀ ਕੀਤੀਆਂ ਜਾਣ।ਇਸ ਮੌਕੇ ਮਾਰਕੀਟ ਕਮੇਟੀ ਮਲੋਟ ਦੇ ਸਮੂਹ ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਕਿਸਾਨ ਮੈਂਬਰ ਹਾਜ਼ਰ ਸਨ। ਇਸ ਮੌਕੇ ਭੁਪਿੰਦਰ ਸਿੰਘ, ਪਰਮਿੰਦਰ ਸਿੰਘ ਭੁੱਲਰ, ਗੁਰਜੀਤ ਸਿੰਘ, ਜੰਗਵੀਰ ਸਿੰਘ, ਗੁਰਭੇਜ ਸਿੰਘ, ਅਮਰਜੀਤ ਸਿੰਘ, ਬਾਬਾ ਬਲਵਿੰਦਰ ਸਿੰਘ, ਮੋਹਿੰਦਰ ਪਾਲ ਸਿੰਘ, ਗੁਰਵਿੰਦਰ ਸਿੰਘ, ਅਮਰੀਕ ਸਿੰਘ, ਗਗਨਦੀਪ ਸਿੰਘ, ਮਨਜਿੰਦਰ ਸਿੰਘ, ਗੁਰਮੀਤ ਸਿੰਘ ਤੇ ਨਸੀਬ ਸਿੰਘ ਆਦਿ ਮੌਜੂਦ ਸਨ।

# ਅਧਿਆਪਕਾਂ ਦੀ ਏ ਸੀ ਆਰ ਜਮ੍ਹਾਂ ਕਰਨ ਦੀ ਤਰੀਕ 'ਚ ਵਾਧਾ ਕੀਤਾ ਜਾਵੇ : ਡੀ. ਟੀ. ਐੱਫ਼.

**ਮਾਨਸਾ (ਆਤਮਾ ਸਿੰਘ ਪਮਾਰ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਤਾਮਕੋਟ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਅਨੂਪਗੜ੍ਹ ਨੇ ਅਧਿਆਪਕਾਂ ਦੀਆਂ ਸਾਲਾਨਾ ਗੁਪਤ ਰਿਪੋਰਟਾਂ (ਏ ਸੀ ਆਰ) ਜਮ੍ਹਾਂ ਕਰਨ ਦੀ ਤਾਰੀਕ ਵਧਾਉਣ ਦੀ ਮੰਗ ਕੀਤੀ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਜਦੋਂ ਤੋਂ ਆਨਲਾਈਨ ਏ ਸੀ ਆਰ ਭਰਨ ਦਾ ਕੰਮ ਸ਼ੁਰੂ ਹੋਇਆ ਹੈ ਤਾਂ ਅਧਿਆਪਕਾਂ ਨੂੰ ਇਸ 'ਚ ਅਕਸਰ ਹੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਕਿਉਂਕਿ ਸਕੂਲਾਂ 'ਚ ਕੰਪਿਊਟਰ ਤੇ ਇੰਟਰਨੈੱਟ ਦੇ ਨੈੱਟਵਰਕ ਦੀ ਸਮੱਸਿਆ ਕਾਰਨ, ਵੈੱਬਸਾਈਟ ਬਿਜ਼ੀ ਹੋ ਜਾਣ ਕਾਰਨ ਕਈ ਵਾਰ ਅਧਿਆਪਕਾਂ ਨੂੰ ਪਤਾ ਨਹੀਂ ਲੱਗਦਾ ਕਿ ਉਨ੍ਹਾਂ ਦੀ ਏ ਸੀ ਆਰ ਸਬਮਿਟ ਹੋ ਗਈ ਹੈ ਜਾਂ ਨਹੀਂ।

ਉਨ੍ਹਾਂ ਕਿਹਾ ਕਿ ਬਹੁਤ ਸਾਰੇ ਅਧਿਆਪਕ ਆਪਣੀ ਏ ਸੀ ਆਰ ਜਮ੍ਹਾਂ ਕਰਨ ਤੋਂ ਹੀ ਰਹਿ ਗਏ ਹਨ ਤੇ ਬੋਰਡ ਦੀਆਂ ਕਲਾਸਾਂ ਦੇ ਨਤੀਜੇ ਨਾ ਆਉਣ ਕਾਰਨ ਵੀ ਅਧਿਆਪਕਾਂ ਨੂੰ ਏ ਸੀ ਆਰ ਭਰਨ 'ਚ ਦਿੱਕਤ ਆ ਰਹੀ ਹੈ। ਡੀ ਟੀ ਐੱਫ਼ ਦੇ ਆਗੂਆਂ ਰਾਜਵਿੰਦਰ ਸਿੰਘ ਬਹਿਣੀਵਾਲ, ਨਵੀਨ ਬੋਹਾ, ਗੁਰਪ੍ਰੀਤ ਭੀਖੀ ਤੇ ਦਮਨਜੀਤ ਸਿੰਘ ਨੇ ਵਿਭਾਗ ਤੋਂ ਮੰਗ ਕੀਤੀ ਕਿ ਏ ਸੀ ਆਰ ਜਮ੍ਹਾਂ ਕਰਨ ਦੀ ਮਿਤੀ 'ਚ ਤੁਰੰਤ ਵਾਧਾ ਕੀਤਾ ਜਾਵੇ।

# ਜਾਤੀ ਜਨਗਣਨਾ ਦੇ ਫ਼ਾਰਮ 'ਚ ਅਪਮਾਨਜਨਕ ਸ਼ਬਦ ਲਿਖਣ ਖ਼ਿਲਾਫ਼ ਰੋਸ ਪ੍ਰਦਰਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਸਰਕਾਰ ਵੱਲੋਂ ਚਲਾਈ ਜਾ ਰਹੀ ਜਨ ਗਣਨਾ ਦੌਰਾਨ ਨਿਰਧਾਰਤ ਪਰੋਫਾਰਮੇ 'ਚ ਅਨੁਸੂਚਿਤ ਜਾਤੀ ਵਰਗ ਦੇ ਲੋਕਾਂ ਪ੍ਰਤੀ ਵਰਤੀ ਗਈ ਅਪਮਾਨਜਨਕ ਤੇ ਭੱਦੀ ਸ਼ਬਦਾਵਲੀ ਲਈ ਰੋਸ ਵਜੋਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਪ੍ਰਦਰਸ਼ਨ ਕੀਤਾ ਗਿਆ।ਆਗੂਆਂ ਨੇ ਇਸ ਮੌਕੇ ਮੰਗ ਕੀਤੀ ਕਿ ਪ੍ਰੋਫਾਰਮਾ ਛਪਵਾਉਣ ਵਾਲੇ ਅਧਿਕਾਰੀਆਂ 'ਤੇ ਐੱਸ ਸੀ/ਐੱਸ ਟੀ ਐਕਟ 1989 ਤਹਿਤ ਪਰਚਾ ਦਰਜ ਕੀਤਾ ਜਾਵੇ ਤੇ ਮੁੱਖ ਮੰਤਰੀ ਮਾਨ ਪੰਜਾਬ ਦੇ ਐੱਸ ਸੀ ਸਮਾਜ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣ।ਇਸ ਮੌਕੇ ਸੰਬੋਧਨ ਕਰਦੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾਈ ਪ੍ਰਧਾਨ ਭਗਵੰਤ ਸਿੰਘ ਸਮਾਓ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਨਗਣਨਾ 2026 ਦੇ ਜਾਰੀ ਪ੍ਰੋਫਾਰਮੇ 'ਚ ਜਾਤੀ ਵਾਲੇ ਕਾਲਮ 'ਚ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰਨ ਵਾਲੇ ਤੇ ਦੇਸ਼ ਦੀ ਮਾਨਯੋਗ ਸੁਪਰੀਮ ਕੋਰਟ ਵੱਲੋਂ ਵਰਜਿਤ ਸ਼ਬਦ ਚੂਹੜਾ, ਭੰਗੀ ਦਰਜ ਕਰਕੇ ਮਜ਼ਬੀ ਸਿੱਖ ਤੇ ਵਾਲਮੀਕ ਸਮਾਜ ਦੀ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਦਸਤਾਵੇਜ਼ਾਂ 'ਚੋਂ ਅਜਿਹੇ ਸ਼ਬਦਾਂ ਦੀ ਵਰਤੋਂ ਸੱਤਾਧਾਰੀ ਹਾਕਮਾਂ ਤੇ ਉੱਚ ਅਧਿਕਾਰੀਆਂ ਦੀ ਜਾਤੀਵਾਦੀ ਮਾਨਸਿਕਤਾ ਨੂੰ ਉਜਾਗਰ ਕਰਦੀ ਹੈ।ਉਨ੍ਹਾਂ ਕਿਹਾ ਕਿ ਜਾਤੀ ਜਨਗਣਨਾ ਤੋਂ ਬਾਅਦ ਅਬਾਦੀ ਦੇ ਹਿਸਾਬ ਨਾਲ ਹੱਕ ਮਿਲਣੇ ਤਾਂ ਦੂਰ ਪੰਜਾਬ ਸਰਕਾਰ ਪਹਿਲਾਂ ਹੀ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਮਸ਼ੀਨਰੀ ਦੇ ਕਾਗਜ਼ਾਂ 'ਚ ਸ਼ਰੇਆਮ ਅਪਮਾਨਤ ਸ਼ਬਦ ਲਿਖ ਕੇ ਦਲਿਤ ਸਮਾਜ ਨੂੰ ਜਲੀਲ ਕਰਨ ਦੇ ਮੁੱਦੇ 'ਤੇ ਵਿਰੋਧੀ ਸਿਆਸੀ ਪਾਰਟੀਆਂ ਦੇ ਲੀਡਰਾਂ ਦੀ ਜ਼ੁਬਾਨ ਵੀ ਖਾਕੀ ਗਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਇਸ ਕਾਰਵਾਈ ਅਧਿਕਾਰੀਆਂ 'ਤੇ ਪਰਚਾ ਦਰਜ ਕਰਕੇ ਦਲਿਤ ਸਮਾਜ ਤੋਂ ਮਾਫ਼ੀ ਮੰਗਣ।ਮਜ਼ਦੂਰ ਆਗੂ ਨੇ ਦੱਸਿਆ ਕਿ ਅੱਜ ਦੇ ਸੱਦੇ ਤਹਿਤ ਮਾਨਸਾ, ਬਰਨਾਲਾ, ਗੁਰਦਾਸਪੁਰ, ਬਠਿੰਡਾ, ਮੁਕਤਸਰ ਸਾਹਿਬ, ਸੰਗਰੂਰ, ਫਰੀਦਕੋਟ, ਫਿਰੋਜ਼ਪੁਰ, ਦੇ ਪਿੰਡਾਂ ਅੰਦਰ ਅਰਥੀ ਸਾੜ ਕੇ ਪ੍ਰਦਰਸ਼ਨ ਕੀਤੇ ਗਏ।ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਜ਼ਿਲ੍ਹਾ ਆਗੂ ਜਰਨੈਲ ਸਿੰਘ ਮਾਨਸਾ, ਗੁਰਜੰਟ ਸਿੰਘ ਫੱਫੜੇ, ਟਹਿਲਾ ਸਿੰਘ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਸ਼੍ਰੋਮਣੀ ਕਮੇਟੀ ਨੇ ਲੋੜਵੰਦ ਦੀ ਕੀਤੀ ਆਰਥਿਕ ਮਦਦ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੇਰਪੁਰ ਬਸਤੀ ਦੇ ਵਾਸੀ ਲਾਲ ਸਿੰਘ ਨੂੰ ਆਰਥਿਕ ਸਹਾਇਤਾ ਦਿੱਤੀ ਗਈ। ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਬਾਜਵਾ ਦੇ ਯਤਨਾਂ ਸਦਕਾ ਆਈ ਆਰਥਿਕ ਸਹਾਇਤਾ ਦਾ ਚੈੱਕ ਲੋੜਵੰਦ ਪਰਵਾਰ ਨੂੰ ਪਿੰਡ ਸ਼ੇਰਪੁਰ ਬਸਤੀ ਦੇ ਸਰਪੰਚ ਜੋਗਿੰਦਰ ਸਿੰਘ ਪੋਲਾ ਨੇ ਸੌਂਪਿਆ। ਇਸ ਮੌਕੇ ਉਨ੍ਹਾਂ ਨਾਲ ਹਰਨੇਕ ਸਿੰਘ ਢਿੱਲੋਂ, ਬਲਵੀਰ ਸਿੰਘ ਤੇ ਮਨਕਰਨ ਸਿੰਘ ਮਾਂਗਟ ਮੌਜੂਦ ਸਨ।

### ਗੁਰਜੰਟ ਸਿੰਘ ਕੱਟੂ ਪਾਰਲੀਮੈਂਟ ਬੋਰਡ ਦੇ ਸਕੱਤਰ ਨਿਯੁਕਤ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸਿਆਸੀ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੁੱਦੇ ਨੂੰ ਮੁੱਖ ਰੱਖਦੇ ਹੋਏ ਕੁਝ ਦਿਨ ਪਹਿਲੇ ਸ੍ਰ. ਇਮਾਨ ਸਿੰਘ ਮਾਨ ਐਕਟਿੰਗ ਪ੍ਰਧਾਨ ਦੀ ਅਗਵਾਈ ਹੇਠ 6 ਮੈਂਬਰੀ ਪਾਰਲੀਮੈਂਟ ਬੋਰਡ ਦਾ ਐਲਾਨ ਕੀਤਾ ਗਿਆ ਸੀ, ਜਿਸ ਵਿੱਚ ਸ. ਇਮਾਨ ਸਿੰਘ ਮਾਨ ਤੋਂ ਇਲਾਵਾ ਪ੍ਰੋ. ਮਹਿੰਦਰਪਾਲ ਸਿੰਘ, ਸ. ਹਰਪਾਲ ਸਿੰਘ ਬਲੇਰ, ਸ. ਕੁਸ਼ਲਪਾਲ ਸਿੰਘ ਮਾਨ, ਡਾ. ਹਰਜਿੰਦਰ ਸਿੰਘ ਜੱਖੂ ਤੇ ਕੁਲਦੀਪ ਸਿੰਘ ਭਾਗੋਵਾਲ ਲਏ ਗਏ ਸਨ। ਇਸ ਪਾਰਲੀਮੈਂਟ ਬੋਰਡ ਦੇ ਕੰਮ ਦੇ ਰਿਕਾਰਡ ਤੇ ਮਿਨਟਸ ਦਰਜ ਕਰਨ ਹਿੱਤ ਸ੍ਰ. ਗੁਰਜੰਟ ਸਿੰਘ ਕੱਟੂ ਨੂੰ ਇਸ ਪਾਰਲੀਮੈਂਟ ਬੋਰਡ ਦਾ ਸਕੱਤਰ ਨਿਯੁਕਤ ਕੀਤਾ ਗਿਆ।ਇਹ ਜਾਣਕਾਰੀ ਇਥੇ ਪਾਰਟੀ ਮੁੱਖ ਦਫ਼ਤਰ ਤੋਂ ਸ੍ਰ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਪਾਰਟੀ ਪ੍ਰਧਾਨ ਵੱਲੋਂ ਮਿਲੇ ਆਦੇਸ਼ਾਂ ਅਨੁਸਾਰ ਪ੍ਰੈੱਸ ਨੂੰ ਇਕ ਪ੍ਰੈੱਸ ਰਿਲੀਜ਼ ਰਾਹੀਂ ਦਿੱਤੀ ਗਈ।

### ਚੋਰੀਸ਼ੁਦਾ ਮੋਟਰਸਾਈਕਲ ਸਮੇਤ ਦੋ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਸਰਹਿੰਦ ਦੀ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਹਿੰਦ ਪੁਲਸ ਵੱਲੋਂ ਮਿਲੀ ਮੁਖ਼ਬਰੀ ਦੇ ਅਧਾਰ ਤੇ ਤਰਖਾਨਮਾਜਰਾ ਟੀ ਪੁਆਇੰਟ ਨਜ਼ਦੀਕ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਕੁਲਦੀਪ ਤੇ ਸਾਹਿਲ ਉਰਫ਼ ਸੌਰਵ ਵਾਸੀਆਨ ਨਾਭਾ ਨੂੰ ਕਾਬੂ ਕੀਤਾ ਗਿਆ।ਜਿਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਹੋਣ 'ਤੇ ਦੋਵਾਂ ਨੂੰ ਥਾਣਾ ਸਰਹਿੰਦ ਵਿਖੇ ਅ/ਧ 303 (2) ਬੀ.ਐੱਨ.ਐੱਸ. ਤਹਿਤ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਗ੍ਰਿਫਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ ਵਿੱਚ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਸਾਹਮਣੇ ਵਾਲੀ ਪਾਰਕਿੰਗ ਵਿੱਚੋਂ ਚੋਰੀ ਹੋਏ ਇੱਕ ਛੋਟਾ ਹਾਥੀ ਟੈਂਪੂ ਦੇ ਸਬੰਧ ਵਿੱਚ ਮੈਨੇਜਰ ਗੁ. ਸਾਹਿਬ ਦੇ ਬਿਆਨਾਂ ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਕੇਸ ਦਰਜ ਕਰਕੇ ਜਾਂਚ ਸ਼ੁਰੂ ਕੀਤੇ ਜਾਣ ਦੀ ਸੂਚਨਾ ਹੈ।

# ਆਉਣ ਵਾਲੇ ਸਮੇਂ 'ਚ ਕਾਂਗਰਸ ਮਜ਼ਬੂਤ ਹੋ ਕੇ ਉੱਭਰੇਗੀ : ਧੰਜੂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੇ ਸਮੁੱਚੇ ਪੰਜਾਬ ਵਿੱਚ ਕਾਂਗਰਸ ਪਾਰਟੀ ਪ੍ਰਤੀ ਲੋਕਾਂ ਦਾ ਰੁਝਾਨ ਲਗਾਤਾਰ ਵਧ ਰਿਹਾ ਹੈ।ਇਹ ਗੱਲ ਕਰਦਿਆਂ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਕਿਸਾਨ ਕਾਂਗਰਸ ਪੰਜਾਬ ਦੇ ਮੀਤ ਪ੍ਰਧਾਨ ਦਲਵਿੰਦਰ ਸਿੰਘ ਧੰਜੂ ਨੇ ਕਿਹਾ ਕਿ ਇਲਾਕੇ ਦੇ ਲੋਕ ਮੌਜੂਦਾ ਹਾਲਾਤਾਂ ਤੇ ਸਰਕਾਰ ਦੀ ਕਾਰਗੁਜ਼ਾਰੀ ਨਾਲ ਨਿਰਾਸ਼ ਹਨ ਅਤੇ ਹੁਣ ਉਹ ਇੱਕ ਵਾਰ ਫਿਰ ਕਾਂਗਰਸ ਪਾਰਟੀ ਨੂੰ ਬਿਹਤਰ ਵਿਕਲਪ ਵਜੋਂ ਦੇਖ ਰਹੇ ਹਨ।ਉਨ੍ਹਾਂ ਦੱਸਿਆ ਕਿ ਜ਼ਮੀਨੀ ਪੱਧਰ 'ਤੇ ਹੋ ਰਹੀ ਲੋਕਾਂ ਨਾਲ ਗੱਲਬਾਤ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਕਾਂਗਰਸ ਵੱਲ ਭਰੋਸਾ ਮੁੜ ਬਣ ਰਿਹਾ ਹੈ।ਧੰਜੂ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਇਤਿਹਾਸ ਲੋਕ-ਹਿੱਤ ਕਾਰਜਾਂ ਨਾਲ ਭਰਪੂਰ ਰਿਹਾ ਹੈ ਤੇ ਪਾਰਟੀ ਨੇ ਹਮੇਸ਼ਾ ਆਮ ਜਨਤਾ ਦੇ ਮੁੱਦਿਆਂ ਨੂੰ ਤਰਜੀਹ ਦਿੱਤੀ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਕਿਸਾਨ, ਮਜ਼ਦੂਰ, ਨੌਜਵਾਨ ਤੇ ਵਪਾਰੀ ਵਰਗ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੇ ਹੱਲ ਲਈ ਢੁੱਕਵੇਂ ਕਦਮ ਨਹੀਂ ਚੁੱਕੇ ਜਾ ਰਹੇ।ਇਸ ਕਾਰਨ ਲੋਕਾਂ ਵਿੱਚ ਅਸੰਤੋਸ਼ ਵਧ ਰਿਹਾ ਹੈ ਤੇ ਇਹੀ ਕਾਰਨ ਹੈ ਕਿ ਕਾਂਗਰਸ ਪਾਰਟੀ ਵੱਲ ਲੋਕਾਂ ਦਾ ਰੁਝਾਨ ਵਧਦਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਕਾਂਗਰਸ ਵਰਕਰ ਲਗਾਤਾਰ ਸਰਗਰਮ ਹਨ ਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ।ਇਸ ਦੌਰਾਨ ਉਹ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਰਹੇ ਹਨ ਤੇ ਪਾਰਟੀ ਦੀਆਂ ਨੀਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਲੋਕਾਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ ਤੇ ਕਈ ਥਾਵਾਂ 'ਤੇ ਲੋਕ ਖੁਦ ਵੀ ਪਾਰਟੀ ਨਾਲ ਜੁੜਨ ਦੀ ਇੱਛਾ ਜ਼ਾਹਰ ਕਰ ਰਹੇ ਹਨ।ਧੰਜੂ ਨੇ ਹੋਰ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਇਕਜੁਟਤਾ ਤੇ ਮਜ਼ਬੂਤੀ ਦਿਖਾਈ ਦੇ ਰਹੀ ਹੈ।ਵਰਕਰ ਪੂਰੇ ਜੋਸ਼ ਤੇ ਉਤਸ਼ਾਹ ਨਾਲ ਕੰਮ ਕਰ ਰਹੇ ਹਨ, ਜਿਸ ਨਾਲ ਪਾਰਟੀ ਦੀ ਪਕੜ ਹਲਕੇ ਵਿੱਚ ਹੋਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਹਲਕਾ ਸਨੌਰ ਵਿੱਚ ਵੱਡੀ ਤਾਕਤ ਵਜੋਂ ਉੱਭਰੇਗੀ ਤੇ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।ਅੰਤ ਵਿੱਚ ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨਾਲ ਜੁੜੇ ਰਹਿਣ ਤੇ ਉਨ੍ਹਾਂ ਦੇ ਮੁੱਦਿਆਂ ਨੂੰ ਪ੍ਰਾਥਮਿਕਤਾ ਦੇਣ।ਉਨ੍ਹਾਂ ਕਿਹਾ ਕਿ ਸੱਚੀ ਸੇਵਾ ਤੇ ਇਮਾਨਦਾਰੀ ਨਾਲ ਕੀਤੇ ਗਏ ਯਤਨ ਹੀ ਪਾਰਟੀ ਨੂੰ ਕਾਮਯਾਬੀ ਤੱਕ ਲੈ ਕੇ ਜਾਣਗੇ।ਧੰਜੂ ਨੇ ਵਿਸ਼ਵਾਸ ਜਤਾਇਆ ਕਿ ਲੋਕਾਂ ਦੇ ਸਹਿਯੋਗ ਨਾਲ ਕਾਂਗਰਸ ਪਾਰਟੀ ਹਲਕਾ ਸਨੌਰ ਵਿੱਚ ਆਪਣੀ ਪੁਰਾਣੀ ਪਹਿਚਾਣ ਮੁੜ ਬਣਾਏਗੀ।

# ਮਨਜੋਤ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ

## ਸਰਪੰਚ ਦੇਤਵਾਲ ਨੇ ਮਨਜੋਤ ਦੀ ਯਾਦ 'ਚ ਢੁੱਕਵੀਂ ਯਾਦਗਾਰ ਬਣਾਉਣ ਲਈ ਕਿਹਾ



**ਚੌਕੀਮਾਨ (ਇੰਜੀ. ਬਲਬੀਰ ਸਿੰਘ ਮਾਨ)**-ਬੀਤੇ ਦਿਨੀਂ ਸ਼੍ਰੋਮਣੀ ਗਾਇਕ ਤੇ ਪੰਜਾਬੀ ਗੀਤਕਾਰ ਸਭਾ (ਰਜਿ.) ਪੰਜਾਬ ਦੇ ਪ੍ਰਧਾਨ ਪਾਲੀ ਦੇਤਵਾਲੀਆ ਦੇ ਲਾਡਲੇ ਸਪੁੱਤਰ ਮਨਜੋਤ ਸਿੰਘ ਦੀ ਸੰਖੇਪ ਬਿਮਾਰੀ ਦੇ ਕਾਰਨ ਭਰ ਜਵਾਨੀ ਵਿੱਚ ਮੌਤ ਹੋਣ ਕਰਕੇ ਸਮੂਹ ਪਰਵਾਰ ਤੇ ਦੁੱਖਾਂ ਦਾ ਪਹਾੜ ਟੁੱਟ ਪਿਆ।ਅਜੇ ਚਾਰ ਸਾਲ ਪਹਿਲਾਂ ਮਨਜੋਤ ਦੀ ਮਾਤਾ ਵੀ ਅਚਾਨਕ ਪਰਵਾਰ ਨੂੰ ਰੋਂਦਿਆਂ ਵਿਲਕਦਿਆਂ ਛੱਡ ਗਈ ਸੀ।ਹੁਣ ਮਨਜੋਤ ਆਪਣੇ ਪਿੱਛੇ ਆਪਣੀ ਸੁਪਤਨੀ ਤੇ ਸੱਤ ਸਾਲ ਦੀ ਬੇਟੀ ਤੇ ਤਿੰਨ ਸਾਲਾਂ ਦੇ ਬੇਟੇ ਨੂੰ ਨਿਆਸਰਾ ਕਰਕੇ ਸਦੀਵੀ ਵਿਛੋੜਾ ਦੇ ਗਿਆ, ਜਿਸ ਨਾਲ ਪਾਲੀ ਅਜੇ ਆਪਣੀ ਸੁਪਤਨੀ ਦੇ ਵਿਛੋੜੇ ਦੇ ਸਦਮੇ ਵਿੱਚੋਂ ਬਾਹਰ ਨਹੀਂ ਨਿਕਲਿਆ ਸੀ ਤਾਂ ਹੋਰ ਦੁੱਖਾਂ ਦਾ ਕਹਿਰ ਉਹਦੇ ਮੋਢਿਆਂ 'ਤੇ ਆ ਪਿਆ।ਅੱਜ ਮਨਜੋਤ ਦੇਤਵਾਲ ਦੀ ਅੰਤਿਮ ਅਰਦਾਸ 'ਤੇ ਜਿੱਥੇ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨੇ ਭਾਰੀ ਦੁੱਖ ਮਨਾਇਆ, ਉੱਥੇ ਲਹਿੰਦੇ ਪੰਜਾਬ ਦੇ ਗੀਤਕਾਰਾਂ ਤੇ ਗਾਇਕਾਂ ਨੇ ਵੀ ਫ਼ੋਨ ਰਾਹੀਂ ਆਪਣੇ ਦੁੱਖ ਦਾ ਇਜ਼ਹਾਰ ਕਰਦਿਆਂ ਹਮਦਰਦੀ ਦਾ ਪ੍ਰਗਟਾਵਾ ਕੀਤਾ।ਦੁਨੀਆ ਦੇ ਕੋਨੇ ਕੋਨੇ ਤੋਂ ਪੰਜਾਬੀ ਗੀਤਕਾਰ ਸਭਾ ਪੰਜਾਬ ਨਾਲ ਸਬੰਧਤ ਸਾਥੀਆਂ ਨੇ ਪਾਲੀ ਦੇਤਵਾਲੀਆ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਦੁੱਖ ਸਾਂਝਾ ਕੀਤਾ।ਸਭਾ ਦੇ ਸਰਪ੍ਰਸਤ ਅਮਰੀਕ ਸਿੰਘ ਤਲਵੰਡੀ, ਜਨਰਲ ਸਕੱਤਰ ਬਲਬੀਰ ਸਿੰਘ ਮਾਨ, ਸਕੱਤਰ ਕਰਨੈਲ ਸਿਵੀਆ, ਭਿੰਦਰ ਡੱਬਵਾਲੀ, ਅਲਬੇਲ ਬਰਾੜ, ਜੱਸੀ ਫੁੱਲਾਂਵਾਲ, ਜੱਗਾ ਸਿੰਘ, ਅਮਰਜੀਤ ਸਿੰਘ ਟਿੱਕਾ, ਬਿੱਟੂ ਅਰੌੜਾ, ਅਮਰਜੀਤ ਸਿੰਘ ਸ਼ੇਰਪੁਰੀ, ਟਹਿਲ ਸਿੰਘ ਖੀਵਾ, ਨਿਰਮਲ ਜੌੜਾ, ਹਰੀ ਸਿੰਘ ਜਾਚਕ, ਗੁਰਬਖ਼ਸ਼ ਸ਼ੌਂਕੀ, ਜੱਗੀ ਧਨੌਲਾ, ਕਲਾਕਾਰ ਮੰਚ ਪੰਜਾਬ ਵੱਲੋਂ ਰਾਜ ਗਾਇਕ ਹੰਸ ਰਾਜ ਹੰਸ, ਪੰਮੀ ਬਾਈ, ਭਿੰਦੇ ਸ਼ਾਹ ਰਾਜੋਵਾਲੀਆ, ਆਤਮਾ ਬੁੱਢੇਵਾਲੀਆ, ਕੇ ਐੱਸ ਮੱਖਣ, ਵੀਰ ਸੁਖਵੰਤ, ਦੀਪ ਸਿੱਧੂ, ਮੁਹੰਮਦ ਸਿਦੀਕ, ਬੀਬਾ ਰਣਜੀਤ ਕੌਰ, ਕੁਲਦੀਪ ਕੌਰ, ਮਨਜੀਤ ਕੌਰ, ਦੀਪ ਲੁਧਿਆਣਵੀ, ਰਣਜੀਤ ਮਣੀ, ਲਾਭ ਹੀਰਾ, ਸੁੱਚਾ ਰੰਗੀਲਾ, ਮਨਦੀਪ ਕੌਰ, ਹਲਕਾ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ, ਦਰਸ਼ਨ ਸਿੰਘ ਸ਼ਿਵਾਲਿਕ, ਕਾਂਗਰਸ ਪਾਰਟੀ ਦੇ ਸੰਦੀਪ ਸੰਧੂ, ਮਲਕੀਤ ਸਿੰਘ ਦਾਖਾ, ਕੁਲਦੀਪ ਸਿੰਘ ਵੈਦ, ਭਾਰਤੀ ਜਨਤਾ ਪਾਰਟੀ ਦੇ ਹਲਕਾ ਦਾਖਾ ਇੰਚਾਰਜ ਮੇਜਰ ਸਿੰਘ ਦੇਤਵਾਲ, ਭਜਨ ਸਿੰਘ ਦੇਤਵਾਲ, ਪੰਜਾਬ ਸਰਕਾਰ ਵੱਲੋਂ ਕੈਬਨਿਟ ਮੰਤਰੀ ਜਗਦੇਵ ਸਿੰਘ ਖੁੱਡੀਆਂ, ਹਲਕਾ ਦਾਖਾ ਇੰਚਾਰਜ ਕੰਵਲਨੈਨ ਸਿੰਘ ਕੰਗ, ਦੂਰਦਰਸ਼ਨ ਕੇਂਦਰ ਜਲੰਧਰ ਵੱਲੋਂ ਅਮਰਜੀਤ ਸਿੰਘ ਕੁੱਕੂ, ਬਲਕਾਰ ਸਿੰਘ, ਰੂਪ ਲਾਲ ਨੇ ਬੋਲਦਿਆਂ ਕਿਹਾ ਕਿ ਮਾਪੇ ਦੁਆਵਾਂ ਕਰਦੇ ਹਨ ਕਿ ਸਾਡੀ ਅਰਥੀ ਸਾਡੇ ਪੁੱਤਰਾਂ ਧੀਆਂ ਦੇ ਮੋਢਿਆਂ 'ਤੇ ਜਾਵੇ, ਪ੍ਰੰਤੂ ਜਦੋਂ ਭਰ ਜਵਾਨੀ ਵਿੱਚ ਨੌਜਵਾਨ ਪੁੱਤ ਦੀ ਅਰਥੀ ਨੂੰ ਇੱਕ ਬਾਪ ਵੱਲੋਂ ਮੋਢਾ ਲਾਉਣਾ ਪੈਂਦਾ ਤਾਂ ਇਹ ਅਕਹਿ ਤੇ ਅਸਹਿ ਸਥਿਤੀ ਹੁੰਦੀ ਹੈ।ਸਰਪੰਚ ਸਤਵਿੰਦਰ ਸਿੰਘ ਨੇ ਸ਼ਰਧਾਂਜਲੀ ਭੇਟ ਕਰਦਿਆਂ ਮਨਜੋਤ ਦੀ ਢੁੱਕਵੀਂ ਯਾਦਗਾਰ ਬਣਾਉਣ ਲਈ ਕਿਹਾ।ਅਖ਼ੀਰ ਵਿੱਚ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਚੇਅਰਮੈਨ ਜਸਵੰਤ ਸਿੰਘ ਸੰਦੀਲਾ ਨੇ ਭਾਵੁਕ ਹੁੰਦਿਆਂ ਮਨਜੋਤ ਦੇ ਬਚਪਨ ਨੂੰ ਯਾਦ ਕੀਤਾ, ਜਦੋਂ ਹੱਥੀਂ ਖਿਡਾ ਕੇ ਜਵਾਨ ਹੁੰਦੇ ਵੇਖਿਆ ਸੀ।ਹੱਸਦੇ ਖੇਡਦੇ ਪਰਵਾਰ ਨੂੰ ਚੋਰ ਭਲਾਈਆਂ ਦੇ ਕੇ ਅਲਵਿਦਾ ਕਹਿ ਗਏ ਮਨਜੋਤ ਦੀ ਅੰਤਿਮ ਅਰਦਾਸ ਮੌਕੇ ਜਜ਼ਬਾਤੀ ਹੁੰਦਿਆਂ ਸ਼ਰਧਾਂਜਲੀ ਭੇਟ ਕਰਦਿਆਂ ਆਏ ਸੰਗੀ, ਸਾਥੀ, ਦੋਸਤਾਂ-ਮਿੱਤਰਾਂ, ਰਿਸ਼ਤੇਦਾਰਾਂ ਦਾ ਹੌਸਲਾ ਅਫਜ਼ਾਈ ਕਰਨ ਲਈ ਧੰਨਵਾਦ ਕੀਤਾ।

# 'ਆਪ' ਸਰਕਾਰ ਦੀ ਲਾਪ੍ਰਵਾਹੀ ਕਾਰਨ ਨੰਬਰ ਵਨ ਵਾਲਾ ਰਾਜਪੁਰਾ ਜ਼ੀਰੋ ਨੰਬਰ ਦਾ ਸ਼ਹਿਰ ਬਣਿਆ : ਹਰਦਿਆਲ ਕੰਬੋਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਮ ਆਦਮੀ ਪਾਰਟੀ ਸਰਕਾਰ ਦੀ ਰਾਜਪੁਰਾ ਦੀ ਵਿਧਾਇਕਾ 'ਤੇ ਦੋਸ਼ ਲਗਾਇਆ ਹੈ ਕਿ ਉਸ ਦੀ ਨਲਾਇਕੀ ਕਾਰਨ ਨੰਬਰ 1 'ਤੇ ਰਹਿਣ ਵਾਲਾ ਰਾਜਪੁਰਾ ਸ਼ਹਿਰ ਨੰਬਰ 0 'ਤੇ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਫੈਲੀ ਗੰਦਗੀ ਕਾਰਨ ਸ਼ਹਿਰ ਵਾਸੀ ਪ੍ਰੇਸ਼ਾਨ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਆਉਂਦਿਆਂ ਹੀ ਰਾਜਪੁਰਾ ਨੂੰ ਪੰਜਾਬ ਦਾ ਨੰਬਰ-1 ਸ਼ਹਿਰ ਬਣਾਇਆ ਜਾਵੇਗਾ।ਹਰਦਿਆਲ ਕੰਬੋਜ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਾਜਪੁਰਾ ਨਗਰ ਕੌਂਸਲ ਦੇ ਵਾਰਡ ਨੰਬਰ 2 'ਚ ਸੀਨੀਅਰ ਕਾਂਗਰਸੀ ਆਗੂ ਰਜਿੰਦਰ ਸਿੰਘ ਰਾਜਾ ਤੇ ਗੁਰਮੀਤ ਸਿੰਘ ਬਿੱਟੂ ਦੀ ਅਗਵਾਈ 'ਚ ਰੱਖੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਰਾਜਪੁਰਾ ਦੇ ਸਾਬਕਾ ਪ੍ਰਧਾਨ ਨਰਿੰਦਰ ਸ਼ਾਸਤਰੀ ਵੀ ਮੌਜੂਦ ਸਨ।ਸਾਬਕਾ ਵਿਧਾਇਕ ਹਰਦਿਆਲ ਕੰਬੋਜ ਨੇ ਕਲੋਨੀ ਵਸਨੀਕਾਂ ਨਾਲ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਦੇ ਸਬੰਧ 'ਚ ਵਿਚਾਰ-ਵਟਾਂਦਰਾ ਕੀਤਾ।ਵਸਨੀਕਾਂ ਨੇ ਵਿਕਾਸ ਕਾਰਜਾਂ ਦੀ ਘਾਟ ਕਾਰਨ ਆ ਰਹੀਆਂ ਪ੍ਰੇਸ਼ਾਨੀਆਂ ਬਾਰੇ ਜਾਣੂ ਕਰਵਾਇਆ, ਜਿਸ ਉਪਰੰਤ ਕੰਬੋਜ ਨੇ ਵਿਸ਼ਵਾਸ ਦਿਵਾਇਆ ਕਿ ਜਿਸ ਤਰੀਕੇ ਨਾਲ ਕਾਂਗਰਸ ਸਰਕਾਰ ਦੇ ਸਮੇਂ ਹਲਕੇ ਦਾ ਵਿਕਾਸ ਹੋਇਆ ਸੀ, ਉਸੇ ਤਰਜ਼ 'ਤੇ 2027 'ਚ ਕਾਂਗਰਸ ਦੀ ਸਰਕਾਰ ਬਣਨ 'ਤੇ ਰਾਜਪੁਰਾ ਨੂੰ ਵਿਕਾਸ ਪੱਖੋਂ ਸੂਬੇ ਦਾ ਮੋਹਰੀ ਸ਼ਹਿਰ ਬਣਾਇਆ ਜਾਵੇਗਾ।ਉਨ੍ਹਾਂ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਕੌਂਸਲ ਚੋਣਾਂ ਦੌਰਾਨ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦੇਣ।ਇਸ ਮੌਕੇ ਕਾਂਗਰਸੀ ਆਗੂ ਰਜਿੰਦਰ ਸਿੰਘ ਰਾਜਾ ਤੇ ਗੁਰਮੀਤ ਸਿੰਘ ਬਿੱਟੂ ਸਮੇਤ ਵਾਰਡ ਵਾਸੀਆਂ ਨੇ ਪਾਰਟੀ ਪ੍ਰਤੀ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਦਾ ਭਰੋਸਾ ਦਿੱਤਾ।ਉਨ੍ਹਾਂ ਸਾਬਕਾ ਵਿਧਾਇਕ ਕੰਬੋਜ ਤੇ ਨਰਿੰਦਰ ਸ਼ਾਸਤਰੀ ਨੂੰ ਸਿਰੋਪਾਓ ਪਾ ਕੇ ਸਨਮਾਨਤ ਵੀ ਕੀਤਾ।ਇਸ ਮੌਕੇ ਬਲਜਿੰਦਰ ਸਿੰਘ ਸੋਨੂੰ, ਕਿਰਪਾਲ ਸਿੰਘ ਪਾਲੀ, ਰਾਮ ਗੋਪਾਲ, ਪ੍ਰਗਟ ਸਿੰਘ, ਜਸਵੀਰ ਸਿੰਘ ਬਿੱਟੂ, ਭੁਪਿੰਦਰ ਸਿੰਘ, ਗੁਰਦਿਆਲ ਸਿੰਘ ਸਮੇਤ ਹੋਰ ਕਈ ਪਤਵੰਤੇ ਹਾਜ਼ਰ ਸਨ।

# ਵਿਜੀਲੈਂਸ ਵੱਲੋਂ 15000 ਰੁਪਏ ਰਿਸ਼ਵਤ ਲੈਂਦੇ ਬੀ ਡੀ ਪੀ ਓ ਰੰਗੇ ਹੱਥੀਂ ਕਾਬੂ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਜ਼ਿਲ੍ਹਾ ਲੁਧਿਆਣਾ ਦੇ ਬਲਾਕ ਮਲੌਦ ਵਿਖੇ ਤਾਇਨਾਤ ਬਲਾਕ ਵਿਕਾਸ ਪੰਚਾਇਤ ਅਫ਼ਸਰ ਸੁਖਜੀਤ ਕੌਰ ਨੂੰ 15000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਅਧਿਕਾਰੀ ਨੂੰ ਪਿੰਡ ਸੋਹੀਆਂ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਪਿੰਡ ਸੋਹੀਆਂ ਵਿਖੇ ਮਤਾ ਪਾਸ ਕਰਕੇ ਗਲੀ ਵਿੱਚ ਇੰਟਰਲਾਕ ਟਾਈਲਾਂ ਲਗਾਉਣ ਤੇ ਡ੍ਰੇਨ ਦਾ ਕੰਮ ਕੀਤਾ ਗਿਆ ਸੀ।ਇਸ ਸਬੰਧੀ ਸ਼ਿਕਾਇਤਕਰਤਾ ਨੇ ਬਲਾਕ ਮਲੌਦ ਦੀ ਬੀ.ਡੀ.ਪੀ.ਓ. ਸੁਖਜੀਤ ਕੌਰ ਕੋਲ ਪਹੁੰਚ ਕੀਤੀ, ਪਰ ਬਿੱਲ ਪਾਸ ਕਰਨ ਦੀ ਬਜਾਏ ਉਸਨੇ 15000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੂੰ ਮਜਬੂਰ ਹੋ ਕੇ ਮੁਲਜ਼ਮ ਅਧਿਕਾਰੀ ਨੂੰ ਮੌਕੇ 'ਤੇ ਹੀ 5,000 ਰੁਪਏ ਰਿਸ਼ਵਤ ਵਜੋਂ ਦੇਣੇ ਪਏ ਤੇ ਬੀਡੀਪੀਓ ਨੇ ਉਸ ਨੂੰ ਬਕਾਇਆ ਰਹਿੰਦੇ 10,000 ਰੁਪਏ ਵੀ ਜਲਦ ਚੁਕਾਉਣ ਲਈ ਤਾਕੀਦ ਕੀਤੀ।ਇਸ ਤੋਂ ਇਲਾਵਾ, ਉਸ ਨੇ ਦੱਸਿਆ ਕਿ ਕਾਰਜਕਾਰੀ ਇੰਜੀਨੀਅਰ ਲੁਧਿਆਣਾ ਦੁਆਰਾ ਬੀਡੀਪੀਓ ਮਲੌਦ ਨੂੰ ਇੱਕ ਪੱਤਰ ਜਾਰੀ ਕੀਤਾ ਗਿਆ ਸੀ ਕਿ ਪਿੰਡ ਸੋਹੀਆਂ ਵਿੱਚ ਖੇਡ ਮੈਦਾਨ ਦਾ ਉਦਘਾਟਨ ਕੀਤਾ ਜਾਣਾ ਹੈ, ਇਸ ਲਈ 2 ਦਿਨਾਂ ਦੇ ਅੰਦਰ ਗ੍ਰਾਮ ਪੰਚਾਇਤ ਵੱਲੋਂ ਆਪਣੇ ਪੱਧਰ 'ਤੇ ਜ਼ਮੀਨ ਨੂੰ ਪੱਧਰਾ ਕਰਾਇਆ ਜਾਵੇ।ਇਸ ਸਬੰਧ ਵਿੱਚ ਗ੍ਰਾਮ ਪੰਚਾਇਤ ਸੋਹੀਆਂ ਨੇ ਆਪਣੇ ਖਰਚੇ 'ਤੇ ਖੇਡ ਦੇ ਮੈਦਾਨ ਨੂੰ ਪੱਧਰਾ ਕਰਵਾਇਆ ਸੀ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੋਸ਼ੀ ਬੀਡੀਪੀਓ ਸੁਖਜੀਤ ਕੌਰ ਨੂੰ ਮਿਲਿਆ ਤੇ ਖੇਡ ਦੇ ਮੈਦਾਨ ਨੂੰ ਪੱਧਰਾ ਕਰਨ ਤੇ ਜ਼ਮੀਨ ਵਿੱਚ ਘਾਹ/ਝਾੜੀਆਂ ਲਗਾਉਣ ਲਈ ਬਿੱਲ ਪਾਸ ਕਰਵਾਉਣ ਬਾਰੇ ਗੱਲ ਕੀਤੀ, ਫਿਰ ਦੋਸ਼ੀ ਬੀਡੀਪੀਓ ਨੇ ਜ਼ਮੀਨ ਨੂੰ ਪੱਧਰਾ ਕਰਨ ਤੇ ਜ਼ਮੀਨ ਵਿੱਚ ਘਾਹ/ਬੂਟੇ ਲਗਾਉਣ ਲਈ ਬਿੱਲ ਪਾਸ ਕਰਨ ਲਈ 15000 ਰੁਪਏ ਦੀ ਰਿਸ਼ਵਤ ਮੰਗੀ।ਇਸ ਸੰਦਰਭ ਵਿੱਚ, ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕੀਤੀ ਸੀ।ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰ ਕਰਦੇ ਹੋਏ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਯੂਨਿਟ ਲੁਧਿਆਣਾ ਨਾਲ ਸੰਪਰਕ ਕੀਤਾ। ਸ਼ਿਕਾਇਤਕਰਤਾ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਬੀਡੀਪੀਓ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।ਇਸ ਸਬੰਧੀ ਕਥਿਤ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਏਕਤਾ ਡਕੌਂਦਾ ਵੱਲੋਂ ਵਧੀ ਕਰਜ਼ਾ ਹੱਦ ਲਾਗੂ ਕਰਾਉਣ ਲਈ ਧਰਨਾ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਬੁਢਲਾਡਾ ਵੱਲੋਂ ਸਹਿਕਾਰੀ ਬੈਂਕ ਦੀਆਂ ਵੱਖ ਵੱਖ ਬਰਾਂਚਾਂ ਸਾਹਮਣੇ ਰੋਸ ਭਰਪੂਰ ਧਰਨੇ ਲਾ ਕੇ ਮੰਗ ਕੀਤੀ ਕਿ ਸਹਿਕਾਰੀ ਬੈਂਕਾਂ ਨਾਲ ਸਬੰਧਤ ਖੇਤੀਬਾੜੀ ਸਭਾਵਾਂ ਦੇ ਮੈਂਬਰ ਕਿਸਾਨਾਂ ਦੇ ਕਰਜ਼ੇ ਦੀ ਮਹਿੰਗਾਈ ਦੇ ਹਿਸਾਬ ਨਾਲ ਵਧਾਈ ਗਈ ਲਿਮਿਟ ਨੂੰ ਤੁਰੰਤ ਲਾਗੂ ਕੀਤਾ ਜਾਵੇ।ਵਰਨਣਯੋਗ ਹੈ ਕਿ ਇਸ ਸਾਲ ਖੇਤੀਬਾੜੀ ਵਿਭਾਗ ਤੇ ਮਾਰਾਂ ਦੀ ਸਰਕਾਰੀ ਕਮੇਟੀ ਵੱਲੋਂ ਕਿਸਾਨਾਂ ਦੇ ਫਸਲੀ ਕਰਜ਼ੇ ਦੀ ਹੱਦ ਵਿੱਚ ਕੁਝ ਵਾਧਾ ਕਰਕੇ 10 ਅਪ੍ਰੈਲ ਨੂੰ ਇੱਕ ਸਰਕੂਲਰ ਜਾਰੀ ਕੀਤਾ ਗਿਆ ਸੀ, ਜਿਸ ਅਨੁਸਾਰ ਫਸਲੀ ਕਰਜ਼ੇ ਦੀ ਹੱਦ 25 ਹਜ਼ਾਰ ਤੋਂ ਵਧਾ ਕੇ ਹਾੜ੍ਹੀ ਸੀਜ਼ਨ ਲਈ 30 ਹਜ਼ਾਰ ਰੁਪਏ ਤੇ ਸਾਉਣੀ ਸੀਜ਼ਨ ਲਈ 39 ਹਜ਼ਾਰ ਰੁਪਏ ਕਰਨ ਦੀ ਸਿਫਾਰਸ਼ ਕੀਤੀ ਸੀ, ਜਿਸ ਨੂੰ ਦਰਕਿਨਾਰ ਕਰਕੇ ਸਹਿਕਾਰੀ ਬੈਂਕਾਂ ਦੀ ਮੈਨੇਜਮੈਂਟ ਕਿਸਾਨਾਂ ਨੂੰ ਫਸਲੀ ਕਰਜ਼ੇ ਦੀ ਪੁਰਾਣੀ ਲਿਮਿਟ ਹੀ ਜਾਰੀ ਕਰਨ 'ਤੇ ਬਜ਼ਿੱਦ ਹਨ ਤੇ ਕਰਮਚਾਰੀ ਜਥੇਬੰਦੀ ਕਿਸਾਨਾਂ ਦੇ ਕਰਜ਼ੇ ਦੀ ਲਿਮਿਟ ਦੇ ਵਾਧੇ ਨੂੰ ਵਾਪਸ ਲੈਣ ਲਈ ਸਰਕਾਰ ਤੇ ਵਿਭਾਗ 'ਤੇ ਦਬਾਅ ਬਣਾ ਰਹੀ ਹੈ, ਜੋ ਕਿ ਬਿਲਕੁਲ ਵਾਜਬ ਨਹੀਂ। ਕਿਸਾਨਾਂ ਨੇ ਐਲਾਨ ਕੀਤਾ ਕਿ ਜੇ ਨਵੇਂ ਹੱਦ ਕਰਜ਼ੇ ਨੂੰ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਤੇ ਵਿਸ਼ਾਲ ਕੀਤਾ ਜਾਵੇਗਾ।ਧਰਨੇ ਨੂੰ ਸੰਬੋਧਨ ਕਰਨ ਵਾਲੇ ਆਗੂਆਂ ਵਿੱਚ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ, ਜ਼ਿਲ੍ਹਾ ਆਗੂ ਸੱਤਪਾਲ ਸਿੰਘ ਬਰੇ, ਤੇਜ ਰਾਮ ਅਹਿਮਦਪੁਰ, ਬਿੰਦਰ ਸਿੰਘ ਬਰੇ, ਕਾਕਾ ਸਿੰਘ ਗੁਰਨੇ ਖੁਰਦ ਆਦਿ ਆਗੂ ਸ਼ਾਮਲ ਸਨ।

# ਸਰਕਾਰ ਵੱਲੋਂ ਬੇਅਦਬੀ ਖਿਲਾਫ ਬਣਾਏ ਕਾਨੂੰਨ ਦਾ ਬਾਘਾ ਪੁਰਾਣਾ 'ਚ ਸਵਾਗਤ

## ਧਾਰਮਿਕ ਭਾਵਨਾਵਾਂ ਦੀ ਰੱਖਿਆ ਲਈ 'ਆਪ' ਸਰਕਾਰ ਦਾ ਇਤਿਹਾਸਕ ਕਦਮ : ਸੁਖਾਨੰਦ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਬੀਤੇ ਦਿਨੀਂ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਤੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਲਿਆਂਦੇ ਗਏ ਨਵੇਂ ਕਾਨੂੰਨ ਦਾ ਹਲਕੇ ਦੇ ਆਗੂਆਂ ਤੇ ਨਗਰ ਕੌਂਸਲ ਮੈਂਬਰਾਂ ਵੱਲੋਂ ਭਰਪੂਰ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾਨੰਦ, ਨਗਰ ਕੌਂਸਲ ਪ੍ਰਧਾਨ ਪਵਨ ਗੁਪਤਾ, ਵਾਈਸ ਪ੍ਰਧਾਨ ਰਣਜੀਤ ਸਿੰਘ ਟੀਟੂ ਤੇ ਕੌਂਸਲਰਾਂ ਨੇ ਇਸ ਫੈਸਲੇ ਨੂੰ ਪੰਜਾਬ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਵੱਲ ਇੱਕ ਵੱਡਾ ਤੇ ਇਤਿਹਾਸਕ ਕਦਮ ਕਰਾਰ ਦਿੱਤਾ।ਇਸ ਮੌਕੇ ਕੌਂਸਲਰ ਮਨਦੀਪ ਕੱਕੜ, ਕੌਂਸਲਰ ਤਰੁਣ ਮਿੱਤਲ, ਕੌਂਸਲਰ ਧਰਮਿੰਦਰ ਰੱਖੜਾ, ਕੌਂਸਲਰ ਗੁਰਪ੍ਰੀਤ ਮਨਚੰਦਾ, ਕੌਂਸਲਰ ਪ੍ਰਿਥੀ ਸਿੰਘ, ਕੌਂਸਲਰ ਸੋਨੀਆਂ, ਕੌਂਸਲਰ ਕਮਲ ਕੁਮਾਰ, ਕੌਂਸਲਰ ਕਿਰਨਪ੍ਰੀਤ ਕੌਰ, ਕੌਂਸਲਰ ਸੁਖਦੇਵ ਕੌਰ, ਕੌਂਸਲਰ ਬਲਜਿੰਦਰ ਕੌਰ, ਕੌਂਸਲਰ ਅਮਨਦੀਪ ਕੌਰ, ਕੌਂਸਲਰ ਸ਼ੈਲਜਾ ਗੋਇਲ ਤੇ ਕੌਂਸਲਰ ਸ਼ਿੰਦਰ ਕੌਰ ਵੀ ਹਾਜ਼ਰ ਸਨ।ਸਾਰੇ ਆਗੂਆਂ ਨੇ ਇਕਸੁਰ ਹੋ ਕੇ ਕਿਹਾ ਕਿ ਪੰਜਾਬ ਦੀ ਧਰਤੀ ਸਦੀਆਂ ਤੋਂ ਧਾਰਮਿਕ ਸਾਂਝ, ਭਾਈਚਾਰੇ ਤੇ ਆਦਰ-ਸਤਿਕਾਰ ਦੀ ਪ੍ਰਤੀਕ ਰਹੀ ਹੈ ਅਤੇ ਬੇਅਦਬੀ ਵਰਗੀਆਂ ਘਟਨਾਵਾਂ ਨੇ ਸਮਾਜ ਨੂੰ ਗਹਿਰਾ ਦੁੱਖ ਪਹੁੰਚਾਇਆ ਹੈ।ਵਿਧਾਇਕ ਸੁਖਾਨੰਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਹਮੇਸ਼ਾ ਸੰਵੇਦਨਸ਼ੀਲ ਮੁੱਦਿਆਂ 'ਤੇ ਗੰਭੀਰਤਾ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਤੇ ਨਵੇਂ ਕਾਨੂੰਨ ਨਾਲ ਅਜਿਹੇ ਅਪਰਾਧ ਕਰਨ ਵਾਲਿਆਂ ਵਿੱਚ ਡਰ ਪੈਦਾ ਹੋਵੇਗਾ।ਨਗਰ ਕੌਂਸਲ ਪ੍ਰਧਾਨ ਪਵਨ ਗੁਪਤਾ ਤੇ ਵਾਈਸ ਪ੍ਰਧਾਨ ਰਣਜੀਤ ਸਿੰਘ ਟੀਟੂ ਨੇ ਕਿਹਾ ਕਿ ਪੰਜਾਬ ਦੇ ਲੋਕ ਲੰਮੇ ਸਮੇਂ ਤੋਂ ਬੇਅਦਬੀ ਦੇ ਮਾਮਲਿਆਂ ਵਿੱਚ ਸਖ਼ਤ ਕਾਨੂੰਨ ਦੀ ਮੰਗ ਕਰ ਰਹੇ ਸਨ ਤੇ ਹੁਣ ਸਰਕਾਰ ਨੇ ਲੋਕਾਂ ਦੀ ਆਵਾਜ਼ ਨੂੰ ਸੁਣਦੇ ਹੋਏ ਇਹ ਮਹੱਤਵਪੂਰਨ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਇਸ ਕਾਨੂੰਨ ਨਾਲ ਧਾਰਮਿਕ ਗ੍ਰੰਥਾਂ, ਧਾਰਮਿਕ ਅਸਥਾਨਾਂ ਅਤੇ ਲੋਕਾਂ ਦੀਆਂ ਆਸਥਾਵਾਂ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਹੋ ਸਕੇਗੀ।



# ਕੋ-ਆਪ੍ਰੇਟਿਵ ਸੋਸਾਇਟੀਆਂ 'ਚ ਵਧਾਏ ਹੱਦ ਕਰਜ਼ੇ ਨੂੰ ਅਮਲੀ ਰੂਪ 'ਚ ਲਾਗੂ ਕਰਾਵੇ ਸਰਕਾਰ : ਦਸਮੇਸ਼ ਯੂਨੀਅਨ



**ਲੁਧਿਆਣਾ (ਸਤੀਸ਼ ਸਚਦੇਵਾ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੀ ਇੱਕ ਐਮਰਜੈਂਸੀ ਮੀਟਿੰਗ ਇੱਥੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੋ-ਆਪ੍ਰੇਟਿਵ ਸੁਸਾਇਟੀਆਂ 'ਚ ਲਾਗੂ ਹੋਣ ਵਾਲੇ ਸਾਉਣੀ ਦੀ ਫਸਲ ਦੇ ਹੱਦ ਕਰਜ਼ੇ ਦੇ ਭਖਦੇ ਮੁੱਦੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਥੇਦਾਰ ਗੁਰਮੇਲ ਸਿੰਘ ਢੱਟ, ਰਣਜੀਤ ਸਿੰਘ ਗੁੜੇ ਤੇ ਸੋਹਣ ਸਿੰਘ ਸਵੱਦੀ ਨੇ ਕੀਮਤੀ ਵਿਚਾਰ ਤੇ ਸੁਝਾਅ ਪੇਸ਼ ਕੀਤੇ।ਅੰਤ 'ਚ ਸਰਬਸੰਮਤੀ ਨਾਲ ਇਸ ਨਾਜ਼ਕ ਤੇ ਭਖਦੇ ਮਸਲੇ ਸਬੰਧੀ ਹੇਠ ਲਿਖਿਆ ਮਤਾ ਪਾਸ ਕੀਤਾ ਗਿਆ।ਇਸ ਮਤੇ ਰਾਹੀਂ ਵਰਨਣ ਕੀਤਾ ਗਿਆ ਕਿ 2019 ਤੋਂ ਸੱਤ ਸਾਲ ਬਾਅਦ ਵਧੀ ਮਹਿੰਗਾਈ ਦੇ ਆਧਾਰ 'ਤੇ ਕੋਆਪ੍ਰੇਟਿਵ ਸੁਸਾਇਟੀਆਂ 'ਚ ਸਾਉਣੀ ਦੀ ਝੋਨੇ ਦੀ ਫਸਲ ਸਬੰਧੀ ਹੱਦ ਕਰਜ਼ਾ 25440 ਰੁ: ਤੋਂ ਵਧਾ ਕੇ ਪੰਜਾਬ ਸਰਕਾਰ ਨੇ 39000 ਰੁ: (23000 ਰੁ: ਨਗਦ ਤੇ 16000 ਰੁ: ਦਾ ਰੇਹ/ਸਪਰੇਅ) ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ।ਦੂਜੇ ਪਾਸੇ ਕੇਂਦਰੀ ਏਜੰਸੀ ਨਬਾਰਡ ਵੱਲੋਂ ਪੰਜਾਬ ਨੂੰ ਦਿੱਤੇ ਜਾਣ ਵਾਲੇ ਕਰਜ਼ੇ ਦੀ ਲਿਮਿਟ ਵਧਾਉਣ ਦੀ ਬਜਾਏ ਘਟਾਉਣ ਕਰਕੇ ਕੋ-ਆਪ੍ਰੇਟਿਵ ਸੁਸਾਇਟੀਆਂ ਦੇ ਪ੍ਰਬੰਧਕ ਤੇ ਮੁਲਾਜ਼ਮ ਕਿਸਾਨਾਂ ਨੂੰ ਨਵੇਂ ਹੱਦ ਕਰਜ਼ੇ ਦੀ ਅਦਾਇਗੀ ਨਹੀਂ ਕਰ ਰਹੇ।ਸੋ ਜਥੇਬੰਦੀ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਪਾਸੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਉਹ ਨਬਾਰਡ ਪਾਸੋਂ ਲੋੜੀਂਦੇ ਸਰਮਾਏ ਦਾ ਪ੍ਰਬੰਧ ਯਕੀਨ ਬਣਵਾਉਣ ਲਈ ਢੁੱਕਵੀਂ ਸਰਕਾਰੀ ਕਾਰਵਾਈ ਤੇ ਚਾਰਾਜੋਈ ਤੇਜ਼ ਕਰਕੇ ਬਿਨਾਂ ਕਿਸੇ ਹੋਰ ਦੇਰੀ ਤੋਂ ਆਪ ਦੇ ਨੋਟੀਫਕੇਸ਼ਨ ਨੂੰ ਫੌਰੀ ਅਮਲੀ ਰੂਪ 'ਚ ਲਾਗੂ ਕਰਾਵੇ ਤਾਂ ਜੋ ਖੇਤੀ ਕਾਰਜਾਂ ਤੇ ਕਿਸਾਨੀ ਸਿਰ ਖੜ੍ਹੇ ਸੰਕਟ ਨੂੰ ਸਮੇਂ ਸਿਰ ਨਜਿੱਠਿਆ ਜਾ ਸਕੇ ਨਹੀਂ ਤਾਂ ਕਿਸਾਨ-ਮਜ਼ਦੂਰ ਮੋਰਚਾ ਪੰਜਾਬ ਸਮੇਤ, ਪੰਜਾਬ ਦੀਆਂ ਸਮੂਹ ਕਿਸਾਨ-ਮਜ਼ਦੂਰ ਜਥੇਬੰਦੀਆਂ ਹੱਕੀ ਸੰਘਰਸ਼ ਦਾ ਐਲਾਨ ਕਰਨ ਲਈ ਮਜਬੂਰ ਹੋਣਗੀਆਂ, ਜਿਸ ਦੀ ਜ਼ਿੰਮੇਵਾਰੀ ਪੰਜਾਬ ਤੇ ਕੇਂਦਰ ਸਰਕਾਰ ਸਿਰ ਹੋਵੇਗੀ।ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਗੁਰਦੇਵ ਸਿੰਘ ਢੱਟ, ਗੁਰਦੀਪ ਸਿੰਘ ਸਵੱਦੀ, ਗੁਰਚਰਨ ਸਿੰਘ ਤਲਵੰਡੀ, ਲਛਮਣ ਸਿੰਘ ਸਿੱਧਵਾਂ, ਤੇਜਿੰਦਰ ਸਿੰਘ ਬਿਰਕ, ਅਮਰਜੀਤ ਸਿੰਘ ਖੰਜਰਵਾਲ, ਨਿਰਭੈ ਸਿੰਘ ਤਲਵੰਡੀ ਤੇ ਕੁਲਦੀਪ ਸਿੰਘ ਸਵੱਦੀ ਉਚੇਚੇ ਤੌਰ 'ਤੇ ਸ਼ਾਮਲ ਹੋਏ।

# ਸੀ ਪੀ ਆਈ ਦੀ ਮੀਟਿੰਗ 'ਚ ਚੋਣ ਨਤੀਜਿਆਂ 'ਤੇ ਵਿਚਾਰ ਚਰਚਾ

## ਕਾਮਰੇਡ ਵਿਰਕ ਨੇ ਕੀਤੀ ਮੀਟਿੰਗ ਦੀ ਅਗਵਾਈ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਸਿਰਸਾ ਜ਼ਿਲ੍ਹੇ ਦੇ ਕਸਬਾ ਰਾਣੀਆ ਦੇ ਬਾਬਾ ਬੰਤਾ ਸਿੰਘ ਭਵਨ ਵਿਖੇ ਕਾਮਰੇਡ ਕੁਲਦੀਪ ਸਿੰਘ ਕਰੀਵਾਲਾ ਦੀ ਪ੍ਰਧਾਨਗੀ ਹੇਠ ਹੋਈ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਮੀਟਿੰਗ ਵਿੱਚ ਪੰਜ ਰਾਜਾਂ ਵਿੱਚ ਹਾਲ ਹੀ ਵਿੱਚ ਹੋਈਆਂ ਚੋਣਾਂ ਦੇ ਨਤੀਜਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਸੀ ਪੀ ਆਈ ਦੇ ਸੀਨੀਅਰ ਆਗੂ ਕਾਮਰੇਡ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਲੋਕਤੰਤਰ ਤੇ ਸੰਵਿਧਾਨ ਦੇ ਵਿਰੁੱਧ ਜਾ ਕੇ ਭਾਜਪਾ ਨੇ ਦੇਸ਼ ਦੇ ਸਾਰੇ ਸੰਵਿਧਾਨਕ ਸੰਸਥਾਨਾਂ ਦੀ ਦੁਰਵਰਤੋਂ ਕੀਤੀ ਤੇ ਸੱਤਾ ਤਬਦੀਲੀ ਪ੍ਰਾਪਤ ਕਰਨ ਲਈ ਹਰ ਤਰ੍ਹਾਂ ਦੇ ਅਯੋਗ ਸਾਧਨਾ ਦੀ ਰੱਜ ਕੇ ਵਰਤੋਂ ਕੀਤੀ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਸੁਖਦੇਵ ਸਿੰਘ ਜੰਮੂ ਨੇ ਕਿਹਾ ਕਿ ਮੰਡੀਆਂ ਵਿੱਚ ਅਨਾਜ ਖਰੀਦ ਦੌਰਾਨ ਹਰਿਆਣਾ ਸਰਕਾਰ ਦੀਆਂ ਬੇਤੁਕੀਆਂ ਸ਼ਰਤਾਂ ਜਿਵੇਂ ਕਿ ਬਾਇਓਮੈਟ੍ਰਿਕ ਤੇ ਟਰੈਕਟਰ ਨੰਬਰ ਪਲੇਟਾਂ ਕਾਰਨ ਕਿਸਾਨਾਂ ਨੂੰ ਬਕਾਇਆ ਨਹੀਂ ਮਿਲ ਰਿਹਾ, ਜਿਸ ਕਾਰਨ ਕਣਕ ਦੇ ਤੋਲ ਤੇ ਵਿਕਣ ਵਿੱਚ ਦੇਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਖਰੀਦ ਵਿੱਚ ਦੇਰੀ ਸਬੰਧੀ ਅਸੀਂ ਮਾਰਕੀਟ ਕਮੇਟੀ ਦੇ ਸਕੱਤਰਾਂ ਨੂੰ ਮੰਗ ਪੱਤਰ ਦਿੱਤੇ, ਪਰ ਕੋਈ ਅਮਲ ਨਹੀਂ ਹੋਇਆ। ਇਸ ਮੀਟਿੰਗ ਵਿੱਚ ਹਰਿਆਣਾ ਦੇ ਸਫਾਈ ਕਰਮਚਾਰੀਆਂ ਤੇ ਫਾਇਰ ਬ੍ਰਿਗੇਡ ਕਰਮਚਾਰੀਆ ਦੇ ਚੱਲ ਰਹੇ ਸੰਘਰਸ਼ਾਂ ਦਾ ਸਮਰਥਨ ਕੀਤਾ ਗਿਆ ਤੇ ਮਜ਼ਦੂਰਾਂ ਪ੍ਰਤੀ ਹਰਿਆਣਾ ਸਰਕਾਰ ਦੀ ਅਸੰਵੇਦਨਸ਼ੀਲਤਾ ਦੀ ਨਿੰਦਾ ਕੀਤੀ ਗਈ। ਸੀ ਪੀ ਆਈ ਦੀ ਮੀਟਿੰਗ ਵਿੱਚ ਕੁਲਦੀਪ ਸਿੰਘ ਕਰੀਵਾਲਾ, ਸ਼ਿੰਗਾਰਾ ਸਿੰਘ, ਰੇਸ਼ਮ ਸਿੰਘ, ਗੁਰਨਾਮ ਸਿੰਘ, ਮੋਹਨ ਸਿੰਘ ਰਾਣੀਆ, ਕੁਲਵੰਤ ਸਿੰਘ ਰਾਣੀਆ, ਮਿਲਖ ਰਾਜ, ਸੱਤਪਾਲ ਸਿੰਘ, ਬਲਰਾਜ ਸਿੰਘ ਬਣੀ, ਪ੍ਰਿਤਪਾਲ ਸਿੰਘ ਸਿੱਧੂ, ਸੁਰਜੀਤ ਸਿੰਘ, ਜਗਰੂਪ ਸਿੰਘ ਚੌਬੁਰਜਾ, ਬਾਜ ਸਿੰਘ, ਪਾਲਾ ਸਿੰਘ, ਕ੍ਰਿਪਾਲ ਸਿੰਘ, ਮਾਲਾ ਰਾਮ, ਰੂਪ ਸਿੰਘ, ਬਲਕਾਰ ਸਿੰਘ, ਬਲਕਾਰ ਸਿੰਘ ਸਮੇਤ ਬਹੁਤ ਸਾਰੇ ਖੱਬੇ ਪੱਖੀ ਹਾਜ਼ਰ ਰਹੇ।

# ਵਿਧਾਇਕ ਵੱਲੋਂ ਦਸੌਂਧਾ ਸਿੰਘ ਵਾਲਾ 'ਚ ਆਧੁਨਿਕ ਖੇਡ ਮੈਦਾਨ ਦਾ ਉਦਘਾਟਨ

## ਖੇਡਾਂ ਨਾਲ ਨੌਜਵਾਨਾਂ ਦੇ ਭਵਿੱਖ ਨੂੰ ਮਿਲੇਗੀ ਨਵੀਂ ਦਿਸ਼ਾ : ਡਾ. ਰਹਿਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪਿੰਡ ਦਸੌਂਦਾ ਸਿੰਘ ਵਾਲਾ ਵਿੱਚ 36 ਲੱਖ 31 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਖੇਡ ਮੈਦਾਨ ਦਾ ਉਦਘਾਟਨ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਵੱਲੋਂ ਕੀਤਾ ਗਿਆ।ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਸੰਤੋਖ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਡੀ.ਡੀ.ਪੀ.ਓ. ਰੂਪ ਸਿੰਘ, ਬੀ.ਡੀ.ਪੀ.ਓ. ਜਸਮਿੰਦਰ ਸਿੰਘ, ਐਕਸੀਅਨ ਪੰਚਾਇਤੀ ਰਾਜ ਹਿਰਦੈਪਾਲ ਸਿੰਘ, ਜ਼ਿਲ੍ਹਾ ਖੇਡ ਅਫਸਰ ਹਰਪਿੰਦਰ ਸਿੰਘ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਖੇਡ ਪ੍ਰੇਮੀ ਮੌਜੂਦ ਸਨ।ਵਿਧਾਇਕ ਮਾਲੇਰਕੋਟਲਾ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਅਧੀਨ 30 ਪਿੰਡਾਂ ਵਿੱਚ ਕਰੀਬ 8 ਕਰੋੜ 62 ਲੱਖ ਰੁਪਏ ਦੀ ਲਾਗਤ ਨਾਲ ਅਜਿਹੇ ਆਧੁਨਿਕ ਸੁਵਿਧਾਵਾਂ ਨਾਲ ਲੈਸ ਖੇਡ ਉਸਾਰੇ ਜਾ ਰਹੇ ਹਨ ਤਾਂ ਜੋ ਪੰਜਾਬੀ ਦੀ ਜਵਾਨੀ ਦੀ ਊਰਜਾ ਨੂੰ ਸਹੀ ਦਿਸ਼ਾ ਪ੍ਰਦਾਨ ਹੋ ਸਕੇ।

ਇਸ ਮੌਕੇ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁੱਖ ਮੰਤਰੀ ਖੇਡ ਮੈਦਾਨ ਯੋਜਨਾ ਤਹਿਤ ਸੂਬੇ ਭਰ ਵਿੱਚ ਪਹਿਲੇ ਪੜਾਅ ਅਧੀਨ 3100 ਤੋਂ ਵੱਧ ਖੇਡ ਮੈਦਾਨ ਨੌਜਵਾਨਾਂ ਨੂੰ ਸਮਰਪਤ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਮੈਦਾਨ ਸਿਰਫ ਖੇਡਾਂ ਦੀ ਸਹੂਲਤ ਨਹੀਂ, ਸਗੋਂ ਨੌਜਵਾਨਾਂ ਦੇ ਸੁਨਹਿਰੇ ਭਵਿੱਖ ਦੀ ਨੀਂਹ ਹਨ।ਡਾ. ਰਹਿਮਾਨ ਨੇ ਕਿਹਾ ਕਿ ਜਿੱਥੇ ਸਿੱਖਿਆ ਲਈ ਚੰਗੇ ਸਕੂਲ ਤੇ ਖੇਡਾਂ ਲਈ ਢੁੱਕਵੇਂ ਮੈਦਾਨ ਹੁੰਦੇ ਹਨ, ਉੱਥੇ ਬੱਚੇ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾਉਂਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਡ ਮੈਦਾਨ ਪੰਜਾਬ ਦੀ ਰੀੜ੍ਹ ਦੀ ਹੱਡੀ ਸਾਬਿਤ ਹੋਣਗੇ, ਜੋ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਪ੍ਰਾਜੈਕਟ ਪਿੰਡਾਂ ਦੇ ਨੌਜਵਾਨਾਂ ਲਈ ਵਰਦਾਨ ਸਾਬਿਤ ਹੋਣਗੇ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਡਾ. ਹਰੀਪਾਲ ਸਿੰਘ, ਬਲਾਕ ਪ੍ਰਧਾਨ ਚਰਨਜੀਤ ਸਿੰਘ ਚੀਮਾ, ਚੇਅਰਮੈਨ ਬਲਾਕ ਸੰਮਤੀ ਮਾਲੇਰਕੋਟਲਾ ਸੰਤੋਖ ਸਿੰਘ, ਸਰਪੰਚ ਪਰਮਜੀਤ ਕੌਰ, ਯੂਥ ਕੁਆਰਡੀਨੇਟਰ ਰਾਜਦੀਪ ਸਿੰਘ, ਪੰਚ ਚਮਕੌਰ ਸਿੰਘ, ਬਲਜੀਤ ਸਿੰਘ, ਟਹਿਲ ਸਿੰਘ, ਨੰਬਰਦਾਰ ਚਰਨਜੀਤ ਸਿੰਘ, ਅਤਬਾਰ ਸਿੰਘ, ਬੇਅੰਤ ਸਿੰਘ, ਹਲਕਾ ਇੰਚਾਰਜ ਕਿਸਾਨ ਵਿੰਗ ਸੁਖਦਰਸ਼ਨ ਸਿੰਘ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

